ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ



ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

RNI : PUNPUN/2021/80887 www.desipunjab.in DESI PUNJAB SEPTEMBER Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519

## ਗੁੱਡ ਮੌਰਨਿੰਗ



ਕਈ ਵਾਰ ਸਾਨੂੰ ਲੱਗਦਾ ਹੈ ਕਿ ਸਾਡੀ ਮਿਹਨਤ ਦਾ ਨਤੀਜਾ ਨਹੀਂ ਮਿਲ ਰਿਹਾ, ਸਾਡੀਆਂ ਅਰਦਾਸਾਂ ਸੁਣੀਆਂ ਨਹੀਂ ਜਾ ਰਹੀਆਂ ਜਾਂ ਜ਼ਿੰਦਗੀ ਸਾਡੇ ਹੱਕ ਵਿੱਚ ਨਹੀਂ ਚੱਲ ਰਹੀ। ਪਰ ਯਾਦ ਰੱਖੋ—ਵਾਹਿਗੁਰੂ ਕਦੇ ਦੇਰ ਕਰ ਸਕਦੇ ਹਨ, ਹਨੇਰ ਨਹੀਂ। ਹਰ ਚੀਜ਼ ਦਾ ਆਪਣਾ ਸਮਾਂ ਹੁੰਦਾ ਹੈ। ਜੇ ਅੱਜ ਨਹੀਂ ਮਿਲਿਆ, ਹੋ ਸਕਦਾ ਹੈ ਵਾਹਿਗੁਰੂ ਉਸ ਤੋਂ ਵੀ ਚੰਗੀ ਚੀਜ਼ ਲਈ ਸਾਨੂੰ ਤਿਆਰ ਕਰ ਰਹੇ ਹੋਣ। ਇਸ ਲਈ ਹਿੰਮਤ ਨਾ ਹਾਰੋ, ਆਪਣੀ ਮਿਹਨਤ ਜਾਰੀ ਰੱਖੋ ਅਤੇ ਵਾਹਿਗੁਰੂ 'ਤੇ ਭਰੋਸਾ ਬਣਾਈ ਰੱਖੋ। ਅੱਜ ਦੀ ਸਵੇਰ ਤੁਹਾਡੇ ਲਈ ਅਰਦਾਸ ਹੈ ਕਿ ਤੁਹਾਡੇ ਦਿਲ ਵਿੱਚੋਂ ਹਰ ਡਰ ਦੂਰ ਹੋਵੇ ਅਤੇ ਤੁਹਾਡੇ ਅੰਦਰ ਨਵੀਂ ਹਿੰਮਤ ਪੈਦਾ ਹੋਵੇ। ਤੁਹਾਡੇ ਰਾਹ ਵਿੱਚ ਆਉਣ ਵਾਲੀਆਂ ਰੁਕਾਵਟਾਂ ਦੂਰ ਹੋਣ ਅਤੇ ਤੁਹਾਡੇ ਜੀਵਨ ਵਿੱਚ ਕਾਮਯਾਬੀ ਦੇ ਨਵੇਂ ਦਰਵਾਜ਼ੇ ਖੁੱਲ੍ਹਣ। ਤੁਹਾਡੇ ਪਰਿਵਾਰ 'ਤੇ ਵਾਹਿਗੁਰੂ ਜੀ ਦੀ ਮਿਹਰ ਬਣੀ ਰਹੇ ਅਤੇ ਤੁਹਾਡਾ ਘਰ ਹਮੇਸ਼ਾ ਹਾਸਿਆਂ ਨਾਲ ਭਰਿਆ ਰਹੇ। ਵਾਹਿਗੁਰੂ 'ਤੇ ਭਰੋਸਾ ਰੱਖੋ—ਚੰਗਾ ਸਮਾਂ ਜ਼ਰੂਰ ਆਵੇਗਾ।

ਸੰਤ ਬਾਬਾ ਸੁਖਵੀਰ ਸਿੰਘ ਕੰਧੋਲਾ (ਚਮਕੌਰ ਸਾਹਿਬ)

## ਦਿੱਲੀ ਕਮੇਟੀ ਚੋਣ ਦੀਆਂ ਬਣ ਰਹੀਆਂ ਨਵੀਂ ਵੋਟਰ ਸੂਚੀਆਂ 'ਚ ਵੱਡਾ ਝੋਲ? ਕਿਤੇ ਸੰਗਤ ਦੇ ਨਾਮ ਗਾਇਬ, ਕਿਤੇ ਇਲਾਕੇ 'ਚ ਨਾ ਰਹਿਣ ਵਾਲਿਆਂ ਦੇ ਨਾਮ—ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਲਈ ਜਾਰੀ ਕੀਤੀਆਂ ਗਈਆਂ ਨਵੀਆਂ ਵੋਟਰ ਸੂਚੀਆਂ ਨੂੰ ਲੈ ਕੇ ਦਿੱਲੀ ਦੇ ਕਈ ਇਲਾਕਿਆਂ ਵਿੱਚ ਸਵਾਲ ਉੱਠਣੇ ਸ਼ੁਰੂ ਹੋ ਗਏ ਹਨ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਵਾਰਡ ਨੰਬਰ 33 ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਪ੍ਰੇਰਿਤ ਕਰਕੇ ਵੋਟਾਂ ਬਣਵਾਈਆਂ ਗਈਆਂ ਸਨ, ਪਰ ਵੋਟਰ ਸੂਚੀ ਸਾਹਮਣੇ ਆਉਣ ਤੋਂ ਬਾਅਦ ਕਈ ਅਜਿਹੇ ਨਾਮ ਗਾਇਬ ਮਿਲੇ ਜਿਨ੍ਹਾਂ ਦੇ ਵੋਟ ਬਣਾਉਣ ਲਈ ਫਾਰਮ ਅਤੇ ਲੋੜੀਂਦੀ ਕਾਰਵਾਈ ਕੀਤੀ ਗਈ ਸੀ। ਦੂਜੇ ਪਾਸੇ ਕੁਝ ਅਜਿਹੇ ਨਾਮ ਵੀ ਸਾਹਮਣੇ ਆਉਣ ਦੀ ਗੱਲ ਕਹੀ ਜਾ ਰਹੀ ਹੈ ਜੋ ਸਬੰਧਤ ਇਲਾਕੇ ਵਿੱਚ ਰਹਿੰਦੇ ਹੀ ਨਹੀਂ ਹਨ। ਇਹ ਸਥਿਤੀ ਸਿਰਫ਼ ਇੱਕ ਵਾਰਡ ਤੱਕ ਸੀਮਤ ਹੋਣ ਦੀ ਬਜਾਏ ਹੋਰ ਇਲਾਕਿਆਂ ਤੋਂ ਵੀ ਸ਼ਿਕਾਇਤਾਂ ਆਉਣ ਦਾ ਦਾਅਵਾ ਕੀਤਾ ਜਾ ਰਿਹਾ ਹੈ।ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਚੋਣ ਪ੍ਰਬੰਧ ਨਾਲ ਜੁੜੇ ਅਧਿਕਾਰੀਆਂ ਵੱਲੋਂ ਇਹ ਕਹਿਣਾ ਕਿ 'ਫਾਰਮ ਗੁੰਮ ਹੋ ਗਏ ਹਨ', ਆਪਣੇ ਆਪ ਵਿੱਚ ਗੰਭੀਰ ਗੈਰ-ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਆਪਣਾ ਸਮਾਂ ਕੱਢ ਕੇ, ਲੋੜੀਂਦੀ ਕਾਰਵਾਈ ਪੂਰੀ ਕਰਕੇ ਅਤੇ ਉਮੀਦ ਨਾਲ ਵੋਟ ਬਣਾਉਣ ਲਈ ਫਾਰਮ ਦਿੱਤੇ ਜਾਂਦੇ ਹਨ। ਅਜਿਹੇ ਫਾਰਮਾਂ ਦਾ ਗੁੰਮ ਹੋ ਜਾਣਾ ਸਿਰਫ਼ ਪ੍ਰਬੰਧਕੀ ਲਾਪਰਵਾਹੀ ਨਹੀਂ, ਸਗੋਂ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਉਸਦੇ ਲੋਕਤੰਤਰਿਕ ਹੱਕ ਨਾਲ ਵੀ ਖਿਲਵਾੜ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਫਾਰਮਾਂ ਦੇ ਗੁੰਮ ਹੋਣ ਦੀ ਗੱਲ ਸਾਹਮਣੇ ਆਈ ਹੈ, ਉਨ੍ਹਾਂ ਸੰਗਤਾਂ ਦੀਆਂ ਵੋਟਾਂ ਮੁੜ ਬਣਵਾਉਣ ਲਈ ਉਹ ਖੁਦ ਕਾਰਵਾਈ ਕਰਵਾ ਰਹੇ ਹਨ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣੇ ਹੱਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਚੋਣ ਪ੍ਰਬੰਧ ਨਾਲ ਜੁੜੇ ਅਧਿਕਾਰੀਆਂ ਨੂੰ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਵੋਟਰ ਸੂਚੀ ਕਿਸੇ ਦੀ ਮਰਜ਼ੀ ਅਨੁਸਾਰ ਨਾਮ ਜੋੜਨ ਜਾਂ ਕੱਟਣ ਦਾ ਦਸਤਾਵੇਜ਼ ਨਹੀਂ, ਸਗੋਂ ਸੰਗਤ ਦੇ ਲੋਕਤੰਤਰਿਕ ਹੱਕ ਦਾ ਆਧਾਰ ਹੈ। ਜੇਕਰ ਕਿਸੇ ਯੋਗ ਵੋਟਰ ਦਾ ਨਾਮ ਜਾਣਬੁੱਝ ਕੇ ਸੂਚੀ ਵਿੱਚੋਂ ਬਾਹਰ ਰਹਿੰਦਾ ਹੈ ਜਾਂ ਕਿਸੇ ਅਯੋਗ ਵਿਅਕਤੀ ਦੀ ਵੋਟ ਦਰਜ ਕੀਤੀ ਜਾਂਦੀ ਹੈ ਤਾਂ ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਕਿਸੇ ਵੀ ਕਿਸਮ ਦੀ ਹੇਰਾਫੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਜਾਂਚ ਵਿੱਚ ਕਿਸੇ ਦੀ ਜਾਣਬੁੱਝ ਕੇ ਕੀਤੀ ਗਲਤੀ ਜਾਂ ਧਾਂਦਲੀ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰਾਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਇਹ ਯਕੀਨੀ ਬਣਾਉਣਾ ਹੈ ਕਿ ਨਾ ਕੋਈ ਗਲਤ ਵੋਟ ਬਣੇ ਅਤੇ ਨਾ ਹੀ ਕੋਈ ਅਸਲੀ ਵੋਟਰ ਆਪਣੇ ਹੱਕ ਤੋਂ ਵਾਂਝਾ ਰਹੇ। ਉਨ੍ਹਾਂ ਚੋਣ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਾਹਮਣੇ ਆ ਰਹੀਆਂ ਸ਼ਿਕਾਇਤਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ, ਵੋਟਰ ਸੂਚੀਆਂ ਦੀ ਪੜਤਾਲ ਕਰਵਾਈ ਜਾਵੇ ਅਤੇ ਜਿੱਥੇ ਵੀ ਗਲਤੀ ਜਾਂ ਬੇਨਿਯਮੀ ਮਿਲੇ, ਉਸ ਨੂੰ ਤੁਰੰਤ ਠੀਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇ ਚੋਣ ਪ੍ਰਕਿਰਿਆ ਹੀ ਸ਼ੱਕ ਦੇ ਘੇਰੇ ਵਿੱਚ ਆ ਜਾਵੇ ਤਾਂ ਲੋਕਤੰਤਰਿਕ ਚੋਣ ਦੀ ਭਰੋਸੇਯੋਗਤਾ 'ਤੇ ਸਵਾਲ ਉੱਠਣਾ ਸੁਭਾਵਿਕ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਸਿੱਖ ਸੰਗਤਾਂ ਨੂੰ ਵੀ ਸੁਚੇਤ ਕਰਦਿਆਂ ਕਿਹਾ ਕਿ ਸਿਰਫ਼ ਵੋਟ ਬਣਵਾ ਕੇ ਚੁੱਪ ਨਾ ਬੈਠਣ, ਸਗੋਂ ਜਾਰੀ ਵੋਟਰ ਸੂਚੀ ਵਿੱਚ ਆਪਣਾ ਨਾਮ ਜ਼ਰੂਰ ਚੈੱਕ ਕਰਨ। ਜਿਨ੍ਹਾਂ ਦੇ ਨਾਮ ਰਹਿ ਗਏ ਹਨ ਜਾਂ ਗਲਤ ਦਰਜ ਹੋਏ ਹਨ, ਉਹ ਤੁਰੰਤ ਸਬੰਧਤ ਵਾਰਡ ਦੇ ਜ਼ਿੰਮੇਵਾਰਾਂ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਸੰਗਤ ਦੀ ਇੱਕ-ਇੱਕ ਵੋਟ ਬੇਸ਼ਕੀਮਤੀ ਹੈ ਅਤੇ ਇਹੀ ਵੋਟ ਗਲਤ ਪ੍ਰਬੰਧ ਨੂੰ ਬਦਲਣ ਅਤੇ ਜਵਾਬਦੇਹ ਪ੍ਰਬੰਧ ਸਥਾਪਤ ਕਰਨ ਦੀ ਤਾਕਤ ਰੱਖਦੀ ਹੈ।

## ਸੁਨਾਮ 'ਚ 'ਗੁਲਜ਼ਾਰ ਹਲ ਖਾਲਿਸਤਾਨ' ਦੇ ਲਿਖੇ ਨਾਅਰੇ; ਮੰਤਰੀ ਨੂੰ ਚਿੱਟੇ 'ਤੇ ਘੇਰਨ ਵਾਲੇ ਗੁਲਜ਼ਾਰ ਸਿੰਘ ਦੀ ਮੌਤ ਤੋਂ ਬਾਅਦ ਐਸਐਫਜੇ ਵੱਲੋਂ 5 ਲੱਖ ਦੀ ਮਦਦ ਦਾ ਐਲਾਨ




ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਗੁਲਜ਼ਾਰ ਸਿੰਘ ਦੀ ਮੌਤ ਤੋਂ ਬਾਅਦ ਸੁਨਾਮ ਦੇ ਊਧਮ ਸਿੰਘ ਵਾਲਾ ਰੇਲਵੇ ਸਟੇਸ਼ਨ ਉਤੇ ਗੁਲਜ਼ਾਰ ਹੂਲ ਖਾਲਿਸਤਾਨ ਦੇ ਨਾਅਰੇ ਲਿਖੇ ਜਾਣ ਨਾਲ ਮਾਮਲਾ ਬਹੁਤ ਗਰਮਾ ਗਿਆ ਹੈ। ਸਿੱਖਸ ਫਾਰ ਜਸਟਿਸ ਨੇ ਇਸ ਘਟਨਾ ਦੀ ਵੀਡੀਓ ਜਾਰੀ ਕਰਕੇ ਨਾਅਰੇਬਾਜ਼ੀ ਦੀ ਜ਼ਿੰਮੇਵਾਰੀ ਦਾਅਵੇ ਨਾਲ ਚੁੱਕੀ ਹੈ ਅਤੇ ਪੀੜਤ ਪਰਿਵਾਰ ਲਈ ਪੰਜ ਲੱਖ ਰੁਪਏ ਦੀ ਵਿੱਤੀ ਮਦਦ ਦੇਣ ਦਾ ਐਲਾਨ ਕੀਤਾ ਹੈ। ਰੇਲਵੇ ਸਟੇਸ਼ਨ ਦੀਆਂ ਕੰਧਾਂ ਉਤੇ ਲਿਖੇ ਇਹ ਨਾਅਰੇ ਅਤੇ ਵੀਡੀਓ ਵਾਇਰਲ ਹੋਣ ਤੋਂ ਬਾਅਦ ਸੁਰੱਖਿਆ ਏਜੰਸੀਆਂ, ਰੇਲਵੇ ਪੁਲਿਸ ਅਤੇ ਸਥਾਨਕ ਪ੍ਰਸ਼ਾਸਨ ਵਿਚ ਭਾਜੜ ਪੈ ਗਈ ਹੈ ਜਿਸ ਕਰਕੇ ਪੁਲਿਸ ਨੇ ਤੁਰੰਤ ਮੌਕੇ ਉਤੇ ਪੁੱਜ ਕੇ ਨਾਅਰਿਆਂ ਉਤੇ ਰੰਗ ਫੇਰਿਆ ਅਤੇ ਅਗਲੀ ਕਾਰਵਾਈ ਸ਼ੁਰੂ ਕੀਤੀ। ਇਸ ਪੂਰੇ ਹੰਗਾਮੇ ਦੀ ਜੜ੍ਹ ਗੁਲਜ਼ਾਰ ਸਿੰਘ ਵਲੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਾਹਮਣੇ ਚਿੱਟੇ ਦੀ ਸ਼ਰੇਆਮ ਵਿਕਰੀ ਅਤੇ ਆਪਣੇ ਪੁੱਤਰ ਦੀ ਨਸ਼ੇ ਦੀ ਆਦਤ ਨੂੰ ਲੈ ਕੇ ਕੀਤੇ ਤਿੱਖੇ ਸਵਾਲ ਸਨ। ਮੰਤਰੀ ਨੂੰ ਲਾਈਵ ਘੇਰਨ ਦੇ ਮਹਿਜ਼ ਇੱਕ ਦਿਨ ਬਾਅਦ ਗੁਲਜ਼ਾਰ ਸਿੰਘ ਵਲੋਂ ਜ਼ਹਿਰੀਲੀ ਚੀਜ਼ ਨਿਗਲ ਕੇ ਖੁਦਕੁਸ਼ੀ ਕਰਨ ਦੀ ਖਬਰ ਨੇ ਸਭ ਨੂੰ ਝੰਜੋੜ ਕੇ ਰੱਖ ਦਿੱਤਾ। ਮੌਤ ਤੋਂ ਪਹਿਲਾਂ ਬਣਾਏ ਵੀਡੀਓ ਬਿਆਨ ਵਿਚ ਉਸ ਨੇ ਦੋਸ਼ ਲਾਇਆ ਕਿ ਸਵਾਲ ਪੁੱਛਣ ਤੋਂ ਬਾਅਦ ਉਸ ਉਤੇ ਪੁਲਿਸ ਅਤੇ ਸਿਆਸੀ ਆਗੂਆਂ ਵਲੋਂ ਲਗਾਤਾਰ ਧਮਕੀਆਂ ਅਤੇ ਬੇਅੰਤ ਦਬਾਅ ਪਾਇਆ ਜਾ ਰਿਹਾ ਸੀ, ਜਿਸ ਤੋਂ ਤੰਗ ਆ ਕੇ ਉਸ ਨੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਸੀ । ਇਨ੍ਹਾਂ ਦੋਸ਼ਾਂ ਦੀ ਸੁਤੰਤਰ ਪੁਸ਼ਟੀ ਹੋਣੀ ਅਜੇ ਬਾਕੀ ਹੈ।

## ਆਖ਼ਰੀ ਮੌਕੇ 104 ਸਿੱਖ ਸ਼ਰਧਾਲੂਆਂ ਨੂੰ ਰੋਕਣ 'ਤੇ ਦਿੱਲੀ ਕਮੇਟੀ ਵੱਲੋਂ ਪਾਕਿਸਤਾਨ ਸਰਕਾਰ ਦੀ ਨਿਖੇਧੀ



ਨਵੀਂ ਦਿੱਲੀ, 11 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਾਕਿਸਤਾਨ ਸਰਕਾਰ ਵੱਲੋਂ ਭਾਰਤ ਵਿਚ ਗੁਰਧਾਮਾਂ ਦੇ ਦਰਸ਼ਨਾਂ ਲਈ ਆਉਣ ਵਾਲੇ 104 ਸਿੱਖ ਸ਼ਰਧਾਲੂਆਂ ਨੂੰ ਐਨ ਆਖ਼ਰੀ ਮੌਕੇ ਰੋਕਣ ਦੀ ਸਖ਼ਤ ਨਿਖੇਧੀ ਕੀਤੀ ਹੈ। ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਵੀਜ਼ੇ ਜਾਰੀ ਹੋਣ ਦੇ ਬਾਵਜੂਦ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਬੋਰਡਿੰਗ ਤੋਂ ਪਹਿਲਾਂ ਐਨ.ਓ.ਸੀ. ਮੰਗਣਾ ਹੈਰਾਨੀਜਨਕ ਅਤੇ ਨਿੰਦਣਯੋਗ ਹੈ। ਸ਼ਰਧਾਲੂਆਂ ਨੇ ਦਿੱਲੀ ਰਾਹੀਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨਾਂ ਲਈ ਆਉਣਾ ਸੀ, ਜਿਸ ਲਈ ਦਿੱਲੀ ਕਮੇਟੀ ਵੱਲੋਂ ਰਹਿਣ-ਸਹਿਣ, ਆਵਾਜਾਈ ਅਤੇ ਸਵਾਗਤ ਸਮੇਤ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਸਨ। ਆਗੂਆਂ ਨੇ ਕਿਹਾ ਕਿ ਮਾਮਲੇ ਸਬੰਧੀ ਪਾਕਿਸਤਾਨ ਦੇ ਮੰਤਰੀ ਰਮੇਸ਼ ਅਰੋੜਾ ਨਾਲ ਸੰਪਰਕ ਦੇ ਯਤਨਾਂ ਦਾ ਕੋਈ ਜਵਾਬ ਨਹੀਂ ਮਿਲਿਆ। ਉਨ੍ਹਾਂ ਪਾਕਿਸਤਾਨ ਸਰਕਾਰ ਨੂੰ ਫੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਭਾਰਤ ਸਰਕਾਰ ਨੂੰ ਇਸ ਮਾਮਲੇ ਦਾ ਸਖ਼ਤ ਨੋਟਿਸ ਲੈਣ ਦੀ ਅਪੀਲ ਕੀਤੀ।

## ਬ੍ਰਿਕਸ ਐਗਰੀ ਪੋਰਟਲ ਜਲਦ ਹੋਵੇਗਾ ਲਾਂਚ: ਸਾਹਨੀ




ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬ੍ਰਿਕਸ ਦੇਸ਼ਾਂ ਵਿੱਚ ਖੇਤੀਬਾੜੀ ਵਪਾਰ, ਤਕਨਾਲੋਜੀ ਅਤੇ ਨਵੀਨਤਾ ਨੂੰ ਹੁਲਾਰਾ ਦੇਣ ਲਈ ਬ੍ਰਿਕਸ ਐਗਰੀ ਪੋਰਟਲ ਜਲਦ ਲਾਂਚ ਕੀਤਾ ਜਾਵੇਗਾ। ਬ੍ਰਿਕਸ ਵਪਾਰ ਪ੍ਰੀਸ਼ਦ ਦੇ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਦੀ ਅਗਵਾਈ ਹੇਠ ਹੋਏ ਸੈਸ਼ਨ ਵਿੱਚ ਇਹ ਫੈਸਲਾ ਲਿਆ ਗਿਆ। ਡਾ. ਸਾਹਨੀ ਨੇ ਕਿਹਾ ਕਿ ਪੋਰਟਲ ਰਾਹੀਂ ਬ੍ਰਿਕਸ ਦੇਸ਼ਾਂ ਦੇ ਕਿਸਾਨਾਂ, ਐਗਰੀ-ਟੈਕ ਸਟਾਰਟਅੱਪਸ, ਖੋਜਕਰਤਾਵਾਂ, ਨਿਵੇਸ਼ਕਾਂ ਅਤੇ ਕਾਰੋਬਾਰਾਂ ਨੂੰ ਇੱਕ ਸਾਂਝੇ ਮੰਚ 'ਤੇ ਜੋੜਿਆ ਜਾਵੇਗਾ। ਇਸ ਨਾਲ ਬਾਜ਼ਾਰਾਂ ਤੱਕ ਪਹੁੰਚ, ਤਕਨਾਲੋਜੀ ਦਾ ਆਦਾਨ-ਪ੍ਰਦਾਨ, ਖੇਤੀਬਾੜੀ ਮਸ਼ੀਨੀਕਰਨ ਲਈ ਵਿੱਤੀ ਸਹਾਇਤਾ ਅਤੇ ਵਾਢੀ ਤੋਂ ਬਾਅਦ ਮੁੱਲ ਵਧਾਉਣ ਦੇ ਮੌਕੇ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ ਕਿ ਬ੍ਰਿਕਸ ਵਿਸ਼ਵ ਖੇਤੀਬਾੜੀ ਉਤਪਾਦਨ ਦਾ ਲਗਭਗ 42 ਫੀਸਦੀ ਹਿੱਸਾ ਪੈਦਾ ਕਰਦਾ ਹੈ। ਏਆਈ, ਰਿਮੋਟ ਸੈਂਸਿੰਗ, ਸ਼ੁੱਧਤਾ ਖੇਤੀ ਅਤੇ ਡਿਜੀਟਲ ਬਾਜ਼ਾਰਾਂ ਰਾਹੀਂ ਕਿਸਾਨਾਂ ਦੀ ਉਤਪਾਦਕਤਾ ਵਧਾਉਣ ਅਤੇ ਟਿਕਾਊ ਖੁਰਾਕ ਪ੍ਰਣਾਲੀ ਬਣਾਉਣ 'ਤੇ ਸਹਿਯੋਗ ਵਧਾਉਣ ਦੀ ਲੋੜ ਹੈ।

## ਅਮਰੀਕਾ ਸਰਕਾਰ ਵੱਲੋਂ ਪੋਸਟਰ 'ਚ ਪੰਜਾਬੀ ਸਿੱਖਾਂ ਨੂੰ ਨਿਸ਼ਾਨਾ ਬਣਾਉਣਾ ਮੰਦਭਾਗਾ: ਐਡਵੋਕੇਟ ਧਾਮੀ

### ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕੀ ਦੂਤਾਵਾਸ ਨੂੰ ਪੱਤਰ ਲਿਖ ਕੇ ਪ੍ਰਗਟਾਇਆ ਸਖ਼ਤ ਇਤਰਾਜ਼; ਭਾਰਤ ਦੇ ਵਿਦੇਸ਼ ਮੰਤਰੀ ਨੂੰ ਵੀ ਅਮਰੀਕਾ ਸਰਕਾਰ ਕੋਲ ਮਾਮਲਾ ਉਠਾਉਣ ਲਈ ਆਖਿਆ



ਅੰਮ੍ਰਿਤਸਰ, 11 ਸਤੰਬਰ( ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ): ਅਮਰੀਕਾ ਸਰਕਾਰ ਦੇ ਹੋਮਲੈਂਡ ਸੁਰੱਖਿਆ ਵਿਭਾਗ (Department of Homeland Security) ਵੱਲੋਂ ਐਕਸ (ਪਹਿਲਾਂ ਟਵਿੱਟਰ) ਰਾਹੀਂ ਸਾਹਮਣੇ ਆਏ ਇੱਕ ਪੋਸਟਰ ਵਿੱਚ ਪੰਜਾਬੀ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਐਡਵੋਕੇਟ ਧਾਮੀ ਨੇ ਨਵੀਂ ਦਿੱਲੀ ਸਥਿਤ ਅਮਰੀਕੀ ਦੂਤਾਵਾਸ ਨੂੰ ਪੱਤਰ ਲਿਖ ਕੇ ਇਸ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੂੰ ਵੀ ਇਹ ਮਾਮਲਾ ਕੂਟਨੀਤਕ ਤੌਰ 'ਤੇ ਅਮਰੀਕਾ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ ਹੈ।

ਐਡਵੋਕੇਟ ਧਾਮੀ ਨੇ ਆਖਿਆ ਕਿ ਅਮਰੀਕਾ ਦੇ ਵਿਕਾਸ ਅਤੇ ਆਰਥਿਕ ਤਰੱਕੀ ਵਿੱਚ ਪੰਜਾਬੀਆਂ ਨੇ ਆਪਣੀ ਮਿਹਨਤ, ਇਮਾਨਦਾਰੀ ਅਤੇ ਹੁਨਰ ਨਾਲ ਵਡਮੁੱਲਾ ਯੋਗਦਾਨ ਪਾਇਆ ਹੈ। ਟਰੱਕਿੰਗ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਿੱਖ ਅਤੇ ਪੰਜਾਬੀ ਆਪਣੀ ਮਿਹਨਤ ਨਾਲ ਅੱਗੇ ਵਧੇ ਹਨ ਅਤੇ ਅਮਰੀਕੀ ਸਮਾਜ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਸਰਕਾਰ ਦੇ ਹੋਮਲੈਂਡ ਸੁਰੱਖਿਆ ਵਿਭਾਗ ਵੱਲੋਂ ਜਾਰੀ ਕੀਤੇ ਪੋਸਟਰ ਵਿੱਚ 'ਮਿਸਟਰ ਸਿੰਘ' ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਕੇ ਪੰਜਾਬੀ ਅਤੇ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਨਸਲੀ ਅਤੇ ਭਾਈਚਾਰਕ ਪੱਖਪਾਤ ਵਾਲੀ ਸੋਚ ਨੂੰ ਦਰਸਾਉਂਦਾ ਹੈ। ਇੱਕ ਵਿਕਸਿਤ ਕਹਾਉਣ ਵਾਲੇ ਦੇਸ਼ ਲਈ ਅਜਿਹੀ ਸੋਚ ਬਹੁਤ ਹੀ ਦੁਖਦਾਈ ਅਤੇ ਚਿੰਤਾਜਨਕ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਿਸੇ ਵੀ ਭਾਈਚਾਰੇ ਨੂੰ ਉਸ ਦੀ ਧਾਰਮਿਕ ਪਛਾਣ, ਨਾਮ ਜਾਂ ਪਹਿਰਾਵੇ ਦੇ ਆਧਾਰ 'ਤੇ ਨਿਸ਼ਾਨਾ ਬਣਾਉਣਾ ਸੱਭਿਅਕ ਸਮਾਜ ਦੀਆਂ ਕਦਰਾਂ-ਕੀਮਤਾਂ ਦੇ ਬਿਲਕੁਲ ਉਲਟ ਹੈ। ਅਜਿਹੀ ਸ਼ਬਦਾਵਲੀ ਰਾਹੀਂ ਪ੍ਰਵਾਸੀ ਭਾਈਚਾਰਿਆਂ ਨੂੰ ਡਰਾਉਣ ਜਾਂ ਨੀਵਾਂ ਦਿਖਾਉਣ ਦੀ ਕੋਸ਼ਿਸ਼ ਅਮਰੀਕਾ ਦੀ ਬਹੁ-ਸੱਭਿਆਚਾਰਕ ਪਛਾਣ ਨਾਲ ਮੇਲ ਨਹੀਂ ਖਾਂਦੀ। ਉਨ੍ਹਾਂ ਅੱਗੇ ਕਿਹਾ ਕਿ ਸਿੱਖ ਕੌਮ ਵਿਸ਼ਵ ਭਰ ਵਿੱਚ ਆਪਣੀ ਮਿਹਨਤ ਅਤੇ ਮਨੁੱਖਤਾ ਦੀ ਸੇਵਾ ਲਈ ਜਾਣੀ ਜਾਂਦੀ ਹੈ। ਕਿਸੇ ਇੱਕ ਵਿਅਕਤੀ ਵਿਸ਼ੇਸ਼ ਦੇ ਵਾਹਨ ਚਲਾਉਣ ਨਾਲ ਸਬੰਧਤ ਮਾਮਲੇ ਨੂੰ ਪੂਰੇ ਪੰਜਾਬੀ ਜਾਂ ਸਿੱਖ ਭਾਈਚਾਰੇ ਨਾਲ ਜੋੜ ਕੇ ਦੇਖਣਾ ਸਰਾਸਰ ਅਨਿਆਂ ਹੈ। ਅਜਿਹਾ ਵਰਤਾਰਾ ਵੱਖ-ਵੱਖ ਭਾਈਚਾਰਿਆਂ ਦੀ ਆਪਸੀ ਸਾਂਝ ਅਤੇ ਮਿਲਵਰਤਣ ਲਈ ਵੀ ਖ਼ਤਰਾ ਪੈਦਾ ਕਰਦਾ ਹੈ। ਇਸੇ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੂੰ ਅਜਿਹੇ ਨਫ਼ਰਤੀ ਵਰਤਾਰੇ ਵਾਲੇ ਮਾਮਲੇ ਨੂੰ ਅਮਰੀਕੀ ਸਰਕਾਰ ਪਾਸ ਗੰਭੀਰਤਾ ਨਾਲ ਉਠਾਉਣ ਲਈ ਆਖਿਆ ਹੈ।

## ਕਾਂਗਰਸੀਆਂ ਵੱਲੋਂ ਹਰਪਾਲ ਚੀਮਾ ਨੂੰ ਤੁਰੰਤ ਬਰਖ਼ਾਸਤ ਅਤੇ ਗ੍ਰਿਫ਼ਤਾਰ ਕਰਨ ਦੀ ਮੰਗਰੋਸ ਪ੍ਰਦਰਸ਼ਨ ਅਤੇ ਪੁਤਲੇ ਫੂਕ ਕੇ ਮੰਗ ਪੱਤਰ ਸੌਂਪਿਆ ਗਿਆ



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਗੁਲਜ਼ਾਰ ਸਿੰਘ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਦੋਸ਼ ਤਹਿਤ ਸੈਂਕੜੇ ਕਾਂਗਰਸੀ ਵਰਕਰਾਂ ਨੇ ਅੱਜ ਉਨ੍ਹਾਂ ਦੀ ਬਰਖ਼ਾਸਤਗੀ ਅਤੇ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਇਸ ਦੌਰਾਨ ਮੰਤਰੀ ਦਾ ਪੁਤਲਾ ਵੀ ਸਾੜਿਆ।ਉਨ੍ਹਾਂ ਨੇ ਸਥਾਨਕ ਪ੍ਰਸ਼ਾਸਨ ਰਾਹੀਂ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ ਦੇ ਨਾਮ 'ਤੇ ਇੱਕ ਮੰਗ ਪੱਤਰ ਵੀ ਸੌਂਪਿਆ, ਜਿਸ ਵਿੱਚ ਦਲਿਤ ਗੁਲਜ਼ਾਰ ਸਿੰਘ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ ਵਿੱਤ ਮੰਤਰੀ ਖ਼ਿਲਾਫ਼ ਤੁਰੰਤ ਐਫਆਈਆਰ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਗਈ।ਮੰਗ ਪੱਤਰ ਵਿੱਚ ਤੁਰੰਤ ਕਾਰਵਾਈ ਦੀ ਮੰਗ ਕਰਦਿਆਂ ਦਿੜ੍ਹਬਾ ਦੇ ਵਸਨੀਕ ਦਲਿਤ ਗੁਲਜ਼ਾਰ ਸਿੰਘ ਵੱਲੋਂ ਕੀਤੀ ਖ਼ੁਦਕੁਸ਼ੀ ਦਾ ਹਵਾਲਾ ਦਿੱਤਾ ਗਿਆ, ਜਿਸ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਧਮਕਾਏ ਅਤੇ ਜ਼ਲੀਲ ਕੀਤੇ ਜਾਣ ਮਗਰੋਂ ਇਹ ਕਦਮ ਚੁੱਕਿਆ ਸੀ।ਇਸ ਵਿੱਚ ਕਿਹਾ ਗਿਆ ਕਿ ਪੰਜਾਬ ਪੁਲਿਸ ਨੇ ਪੰਜ ਵਿਅਕਤੀਆਂ ਖ਼ਿਲਾਫ਼ ਐਫਆਈਆਰ ਤਾਂ ਦਰਜ ਕੀਤੀ ਹੈ, ਪਰ ਜਾਣਬੁੱਝ ਕੇ ਇਸ ਵਿੱਚ ਹਰਪਾਲ ਚੀਮਾ ਦਾ ਨਾਂ ਸ਼ਾਮਲ ਨਹੀਂ ਕੀਤਾ ਗਿਆ। ਮੰਗ ਪੱਤਰ ਵਿੱਚ ਜ਼ਿਕਰ ਕੀਤਾ ਗਿਆ, "ਇਹ ਸਭ ਉਦੋਂ ਹੋ ਰਿਹਾ ਹੈ ਜਦੋਂ ਗੁਲਜ਼ਾਰ ਸਿੰਘ ਨੇ ਆਪਣੇ ਆਖ਼ਰੀ ਬਿਆਨ ਜੋ ਕਿ ਮਰਨ ਤੋਂ ਠੀ ਪਹਿਲਾਂ ਦਿੱਤਾ ਗਿਆ ਸੀ, ਵਿੱਚ ਆਪਣੀ ਮੌਤ ਲਈ ਹਰਪਾਲ ਚੀਮਾ ਨੂੰ ਜ਼ਿੰਮੇਵਾਰ ਠਹਿਰਾਇਆ ਹੈ।"ਮੰਗ ਪੱਤਰ ਵਿੱਚ ਇਹ ਵੀ ਦੱਸਿਆ ਗਿਆ ਕਿ ਕਾਨੂੰਨ ਅਨੁਸਾਰ ਆਖ਼ਰੀ ਬਿਆਨ ਨੂੰ ਅਜਿਹੇ ਮਾਮਲਿਆਂ ਵਿੱਚ ਬਹੁਤ ਅਹਿਮ ਸਬੂਤ ਮੰਨਿਆ ਜਾਂਦਾ ਹੈ। ਇਸ ਵਿੱਚ ਸਵਾਲ ਕੀਤਾ ਗਿਆ, "ਜਦੋਂ ਗੁਲਜ਼ਾਰ ਸਿੰਘ ਨੇ ਸਾਫ਼ ਅਤੇ ਸਪੱਸ਼ਟ ਤੌਰ 'ਤੇ ਹਰਪਾਲ ਸਿੰਘ ਨੂੰ ਆਪਣੀ ਖ਼ੁਦਕੁਸ਼ੀ ਲਈ ਜ਼ਿੰਮੇਵਾਰ ਦੱਸਿਆ ਹੈ, ਤਾਂ ਫਿਰ ਉਨ੍ਹਾਂ ਦਾ ਨਾਂ ਐਫਆਈਆਰ ਵਿੱਚ ਕਿਉਂ ਸ਼ਾਮਲ ਨਹੀਂ ਕੀਤਾ ਗਿਆ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਿਉਂ ਨਹੀਂ ਕੀਤਾ ਜਾ ਰਿਹਾ?"ਮੰਗ ਪੱਤਰ ਰਾਹੀਂ ਡੀਜੀਪੀ ਨੂੰ ਅਪੀਲ ਕੀਤੀ ਗਈ ਕਿ ਹਰਪਾਲ ਚੀਮਾ ਖ਼ਿਲਾਫ਼ ਖ਼ੁਦਕੁਸ਼ੀ ਲਈ ਉਕਸਾਉਣ ਦੀਆਂ ਢੁਕਵੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ, ਤਾਂ ਜੋ ਉਹ ਆਪਣੇ ਰੁਤਬੇ ਅਤੇ ਸ਼ਕਤੀ ਦੀ ਵਰਤੋਂ ਕਰਕੇ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਡਰਾ-ਧਮਕਾ ਨਾ ਸਕਣ ਅਤੇ ਸਮਝੌਤੇ ਲਈ ਮਜਬੂਰ ਨਾ ਕਰ ਸਕਣ।ਇਸ ਵਿੱਚ ਇਹ ਵੀ ਦੋਸ਼ ਲਾਇਆ ਗਿਆ ਕਿ ਸਰਕਾਰ ਨੇ ਪਰਿਵਾਰ ਦੀ ਇੱਛਾ ਦੇ ਖ਼ਿਲਾਫ਼ ਜਾ ਕੇ ਗੁਲਜ਼ਾਰ ਸਿੰਘ ਦਾ ਜਬਰੀ ਸੰਸਕਾਰ ਕਰਵਾਇਆ। ਮੰਗ ਪੱਤਰ ਵਿੱਚ ਅੱਗੇ ਕਿਹਾ ਗਿਆ, "ਅਜਿਹੇ ਹਾਲਾਤਾਂ ਵਿੱਚ, ਗੁਲਜ਼ਾਰ ਸਿੰਘ ਅਤੇ ਉਸ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਪੁਲਿਸ ਦਾ ਸਭ ਤੋਂ ਪਹਿਲਾ ਅਤੇ ਅਹਿਮ ਫ਼ਰਜ਼ ਹਰਪਾਲ ਚੀਮਾ ਨੂੰ ਗ੍ਰਿਫ਼ਤਾਰ ਕਰਨਾ ਬਣਦਾ ਹੈ।"

## ਇੰਡੀਅਨ ਮੈਡੀਕਲ ਐਸੋਸੀਏਸ਼ਨ ਨਾਭਾ ਵੱਲੋਂ ਡਾਕਟਰ ਤੇ ਲੱਗੇ ਦੋਸ਼ਾਂ ਨੂੰ ਲੈ ਕੇ ਕੀਤੀ ਗਈ ਮੀਟਿੰਗ

ਨਾਭਾ 10 ਸਤੰਬਰ (ਅਮਨ ਗਰਗ ) ਨਾਭਾ ਦੇ ਪਿੰਡ ਮੈਹਸ ਵਿਖੇ ਔਰਤ ਦੀ ਮੌਤ ਤੋਂ ਬਾਅਦ ਅਸਤੀਆਂ ਦੌਰਾਨ ਉਜਾਰ ਪੱਤੀਆਂ ਮਿਲਨ ਤੋਂ ਬਾਅਦ ਉੱਠੇ ਵਿਵਾਦ ਤੋਂ ਬਾਅਦ ਅੱਜ ਡਾਕਟਰ ਸ਼ਾਮ ਸਿੰਘ ਅਤੇ ਉਨਾਂ ਦੇ ਸਾਥ ਦੇ ਰਹੇ ਡਾਕਟਰਾਂ ਵੱਲੋਂ ਸਾਂਝੇ ਤੌਰ ਤੇ ਇਕੱਠੇ ਹੋ ਕੇ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਜਿਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਾਕਟਰ ਸ਼ਾਮ ਸਿੰਘ ਨੇ ਕਿਹਾ ਕਿ ਉਹਨਾਂ ਨੂੰ ਇਸ ਮਾਮਲੇ ਦੇ ਵਿੱਚ ਬਿਨਾਂ ਮਤਲਬ ਤੋਂ ਘੜੀਸਿਆ ਜਾ ਰਿਹਾ ਹੈ ਜਦਕਿ ਮਰੀਜ਼ ਬਲਜੀਤ ਕੌਰ ਨੂੰ ਸ਼ੂਗਰ ਬੀ ਪੀ, ਗਠੀਆ ਸਮੇਤ ਹੋਰ ਕਈ ਸਮੱਸਿਆਵਾਂ ਸਨ ਪਰ ਬਾਵਜੂਦ ਇਸ ਦੇ ਉਹਨਾਂ ਦਾ ਆਪਰੇਸ਼ਨ ਬਿਲਕੁਲ ਠੀਕ ਢੰਗ ਨਾਲ ਹੋਇਆ ਸੀ ਜਿਸ ਤੋਂ ਬਾਅਦ 31 ਅਗਸਤ ਨੂੰ ਉਹਨਾਂ ਨੂੰ ਡਿਸਚਾਰਜ ਵੀ ਸਹੀ ਹਾਲਤ ਵਿੱਚ ਕੀਤਾ ਗਿਆ ਸੀ। ਉਨਾਂ ਨੂੰ ਕੁਝ ਖਾਂਸੀ ਦੀ ਦਿੱਕਤ ਸੀ ਜਿਸ ਸਬੰਧੀ ਮਾਹਿਰ ਡਾਕਟਰ ਦੇ ਨਾਲ ਤਾਲਮੇਲ ਕਰਨ ਲਈ ਕਿਹਾ ਗਿਆ ਸੀ ਪਰ ਕਿਸੇ ਕਾਰਨਾ ਕਰਕੇ ਉਹਨਾਂ ਲਈ ਮੌਤ ਡਿਸਚਾਰਜ ਤੋਂ ਕਈ ਦਿਨਾਂ ਬਾਅਦ ਪਿੰਡ ਵਿੱਚ ਹੋਈ ਸੀ। ਜਿਨਾਂ ਦਾ ਅੰਤਿਮ ਸੰਸਕਾਰ ਵੀ ਪਰਿਵਾਰ ਵੱਲੋਂ ਬਿਨਾਂ ਉਹਨਾਂ ਦੇ ਨਾਲ ਸੰਪਰਕ ਕਰੇ ਪ੍ਰਸ਼ਾਸਨ ਅਤੇ ਪੁਲਿਸ ਨੂੰ ਦੱਸੇ ਬਗੈਰ ਕੀਤਾ ਗਿਆ ਨਾ ਹੀ ਉਹਨਾਂ ਦਾ ਕੋਈ ਪੋਸਟਮਾਟਮ ਕਰਵਾਇਆ ਗਿਆ, ਪਰ ਬਾਅਦ ਵਿੱਚ ਅਸਤੀਆਂ ਚੁਗਣ ਸਮੇਂ ਲੋਹੇ ਦੀਆਂ ਪੱਤੀਆਂ ਬਰਾਮਦ ਹੋਣ ਤੇ ਦੋਸ਼ ਉਹਨਾਂ ਦੇ ਖਿਲਾਫ ਲਗਾਏ ਗਏ ਜਦਕਿ ਇਹ ਲੋਹੇ ਦੀਆਂ ਪੱਤੀਆਂ ਮਰੀਜ਼ ਦੀ ਬੈਲਟ ਦੀਆਂ ਹੋ ਸਕਦੀਆਂ ਹਨ। ਉਹਨਾਂ ਦੱਸਿਆ ਕਿ ਮ੍ਰਿਤਕ ਬਲਜੀਤ ਕੌਰ ਦਾ ਬਜਟ 12 ਕਿਲੋ ਦੇ ਕਰੀਬ ਸੀ ਜਿਨਾਂ ਨੇ ਆਪਰੇਸ਼ਨ ਬੈਲਟ ਸੇਫਟੀ ਲਈ ਲਗਾਉਣ ਲਈ ਕਿਹਾ ਗਿਆ ਸੀ ਜਿਸ ਵਿੱਚ ਵੀ ਬਿਲਕੁਲ ਉਸੇ ਤਰ੍ਹਾਂ ਦੀਆਂ ਪੱਤੀਆਂ ਪਈਆਂ ਜਾਂਦੀਆਂ ਹਨ ਜੋ ਅਸਤੀਆਂ ਵਿੱਚੋਂ ਮਿਲੀਆਂ ਸਨ। ਉਹਨਾਂ ਪੱਤਰਕਾਰਾਂ ਨੂੰ ਇੱਕ ਬੈਲਟ ਵਿੱਚੋਂ ਪੱਤੀਆਂ ਕੱਢ ਕੇ ਵਿਖਾਈਆਂ ਕਿ ਕਿਸ ਤਰ੍ਹਾਂ ਉਸ ਆਪਰੇਸ਼ਨ ਸੇਫਟੀ ਬੈਲਟ ਦੇ ਵਿੱਚ ਉਸੇ ਤਰ੍ਹਾਂ ਦੀਆਂ ਪੱਤੀਆਂ ਲਗਾਈਆਂ ਮਿਲਦੀਆਂ ਹਨ ਜਿਸ ਤਰ੍ਹਾਂ ਦੀਆਂ ਅਸਥੀਆਂ ਵਿੱਚੋਂ ਬਰਾਮਦ ਕੀਤੀਆਂ ਗਈਆਂ ਸਨ, ਉਹਨਾਂ ਕਿਹਾ ਕਿ ਉਹਨਾਂ ਨੂੰ ਬਹੁਤ ਪਰਿਵਾਰ ਨਾਲ ਹਮਦਰਦੀ ਹੈ ਕੀ ਉਹਨਾਂ ਦੇ ਮਰੀਜ਼ ਦੀ ਮੌਤ ਹੋਈ ਹੈ ਪਰ ਇਸ ਵਿੱਚ ਉਹਨਾਂ ਜਾਂ ਸਟਾਫ ਦਾ ਕੋਈ ਵੀ ਦੋਸ਼ ਨਹੀਂ ਹੈ ਉਹਨਾਂ ਇਹ ਵੀ ਸਪਸ਼ਟ ਕੀਤਾ ਕਿ ਉਹ ਹੁਣ ਵੀ ਚਾਹੁੰਦੇ ਹਨ ਕਿ ਪੁਲਿਸ ਫਿਰ ਵੀ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰੇ। ਇਸ ਸਬੰਧੀ ਆਈਐਮਏ ਐਸੋਸੀਏਸ਼ਨ ਦੇ ਪ੍ਰਧਾਨ ਜੇਪੀ ਨਰੂਲਾ, ਡਾਕਟਰ ਜੀਵਨ ਗਰਗ ਨੇ ਦੱਸਿਆ ਕਿ ਉਨਾਂ ਦੀ ਐਸੋਸੀਏਸ਼ਨ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਵਿਚਾਰਿਆ ਹੈ ਜਿਸ ਵਿੱਚ ਉਹਨਾਂ ਦੀ ਟੀਮ ਨੂੰ ਹੀ ਇਹ ਸੇਫਟੀ ਆਪਰੇਸ਼ਨ ਬੈਲਟ ਦੀ ਜਾਣਕਾਰੀ ਮਿਲੀ ਜਿਸ ਦੇ ਵਿੱਚੋਂ ਹੀ ਚਾਰ ਲੋਹੇ ਦੀਆਂ ਪੱਤੀਆਂ ਉਸੇ ਤਰ੍ਹਾਂ ਦੀਆਂ ਪਾਈਆਂ ਗਈਆਂ, ਜਿਸ ਤਰਾਂ ਦੀਆਂ ਅਸਥੀਆਂ ਦੇ ਦੌਰਾਨ ਮਿਲੀਆਂ ਸਨ ਉਹਨਾਂ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਬਿਨਾਂ ਕਿਸੇ ਦੋਸ਼ ਤੋਂ ਡਾਕਟਰ ਸਿਆਮ ਸਿੰਘ ਨੂੰ ਪਰੇਸ਼ਾਨ ਨਾ ਕੀਤਾ ਜਾਵੇ। ਉਹਨਾਂ ਦੱਸਿਆ ਕਿ ਇਸ ਤਰ੍ਹਾਂ ਦੀ ਘਟਨਾਵਾਂ ਨਾਲ ਮਰੀਜ਼ ਅਤੇ ਡਾਕਟਰ ਦੇ ਵਿੱਚ ਇੱਕ ਬਣਿਆ ਹੋਇਆ ਰਿਸ਼ਤਾ ਖਰਾਬ ਹੁੰਦਾ ਹੈ ਜਿਸ ਦਾ ਨੁਕਸਾਨ ਦੋਵੇਂ ਧਿਰਾਂ ਨੂੰ ਹੁੰਦਾ ਹੈ ਉਹਨਾਂ ਪੀੜਤ ਪਰਿਵਾਰ ਨੂੰ ਵੀ ਬੇਨਤੀ ਕੀਤੀ ਕਿ ਉਹ ਸਮਝਣ ਕਿ ਇਹ ਪੱਤੀਆਂ ਉਹਨਾਂ ਦੇ ਅਪਰੇਸ਼ਨ ਦੌਰਾਨ ਵਰਤੇ ਜਾਣ ਵਾਲੇ ਸਰਜੀਕਲ ਔਜ਼ਾਰਾਂ ਵਿੱਚੋਂ ਨਹੀਂ ਹਨ ਤੇ ਇਸ ਮਸਲੇ ਨੂੰ ਤੁਰੰਤ ਖਤਮ ਕੀਤਾ ਜਾਵੇ। ਇਸ ਮੌਕੇ ਡਾਕਟਰ ਰੀਨਾ ਬਾਂਸਲ, ਰਾਜਵੰਤ ਸਿੰਘ, ਮੁਲਕ ਰਾਜ, ਜੀਵਨ ਗਰਗ, ਆਈਡੀ ਗੋਇਲ, ਪ੍ਰਵੀਨ ਗੁਪਤਾ, ਅਸ਼ਵਨੀ ਬਾਂਸਲ, ਅਮਰਜੀਤ ਸਿੰਘ ਸਾਹਨੀ, ਪ੍ਰਦੀਪ ਚਾਵਲਾ, ਸੁਰਿੰਦਰ ਅਗਰਵਾਲ, ਐਮ ਪੀ ਰੋਲੀ, ਪੁਸ਼ਪਾ ਰੋਲੀ, ਕਮਲ ਬੰਸਲ, ਚੇਤਨ ਗੋਇਲ, ਨਵਦੀਪ ਸਿੰਗਲਾ, ਦਵਿੰਦਰ ਜੀਤ

# ਜੀਐਸਟੀ ਵਿਭਾਗ ਤੇ ਕਰਦਾਤਾਵਾਂ ਵਿਚਕਾਰ ਸ਼ਿਸ਼ਟਾਚਾਰ ਮੀਟਿੰਗ, ਵੱਖ-ਵੱਖ ਮੁੱਦਿਆਂ 'ਤੇ ਚਰਚਾ



ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਕੇਂਦਰੀ ਜੀਐਸਟੀ ਵਿਭਾਗ ਦੇ ਅਸਿਸਟੈਂਟ ਕਮਿਸ਼ਨਰ ਗੁਰਵਿੰਦਰ ਸਿੰਘ ਅਤੇ ਆਡਿਟ ਟੀਮ ਵੱਲੋਂ ਰਿਸ਼ੀ ਨਗਰ ਸਥਿਤ ਮੁੱਖ ਦਫ਼ਤਰ ਵਿੱਚ ਅਪਰੋਕਸ਼ ਕਰ ਸਲਾਹਕਾਰ ਸੰਗਠਨ ਦੇ ਪ੍ਰਧਾਨ ਸੀ.ਏ. ਰਾਜੀਵ ਸ਼ਰਮਾ, ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਅਤੇ ਕਰਦਾਤਾਵਾਂ ਨਾਲ ਸ਼ਿਸ਼ਟਾਚਾਰ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਦਾਤਾਵਾਂ ਦੇ ਡਾਟਾ ਦੀ ਪ੍ਰਾਈਵੇਸੀ, ਕਰ ਚੋਰੀ ਅਤੇ 180 ਦਿਨਾਂ ਅੰਦਰ ਸਪਲਾਇਰ ਨੂੰ ਭੁਗਤਾਨ ਨਾ ਹੋਣ ਸਮੇਤ ਵੱਖ-ਵੱਖ ਜੀਐਸਟੀ ਮੁੱਦਿਆਂ 'ਤੇ ਚਰਚਾ ਹੋਈ। ਸੀ.ਏ. ਰਾਜੀਵ ਸ਼ਰਮਾ ਨੇ ਡਾਟਾ ਲੀਕ ਦੀਆਂ ਸ਼ਿਕਾਇਤਾਂ ਦਾ ਮਾਮਲਾ ਉਠਾਉਂਦਿਆਂ ਲੋੜੀਂਦੀ ਕਾਰਵਾਈ ਦੀ ਮੰਗ ਕੀਤੀ। ਅਸਿਸਟੈਂਟ ਕਮਿਸ਼ਨਰ ਗੁਰਵਿੰਦਰ ਸਿੰਘ ਨੇ ਭਰੋਸਾ ਦਿੱਤਾ ਕਿ ਸ਼ਿਕਾਇਤ ਮਿਲਣ 'ਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਸੀ.ਏ. ਵਿਸ਼ਾਲ ਗਰਗ ਨੇ ਕਰ ਚੋਰੀ 'ਤੇ ਚਿੰਤਾ ਜ਼ਾਹਰ ਕਰਦਿਆਂ ਇਸ 'ਤੇ ਪ੍ਰਭਾਵਸ਼ਾਲੀ ਰੋਕ ਲਗਾਉਣ ਦੀ ਮੰਗ ਕੀਤੀ। ਲੁਧਿਆਣਾ ਡਿਸਟ੍ਰੀਬਿਊਟਰ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਧੀਰ ਅਤੇ ਗੌਰਵ ਖਰਬੰਦਾ ਨੇ 180 ਦਿਨਾਂ ਵਿੱਚ ਭੁਗਤਾਨ ਨਾ ਹੋਣ ਦੀ ਸਥਿਤੀ ਵਿੱਚ ਸਪਲਾਇਰ ਦੇ ਇਨਪੁਟ ਟੈਕਸ ਕ੍ਰੈਡਿਟ ਲਈ ਸਪੱਸ਼ਟ ਪ੍ਰਣਾਲੀ ਬਣਾਉਣ ਦਾ ਸੁਝਾਅ ਦਿੱਤਾ। ਮੀਟਿੰਗ ਵਿੱਚ ਅਸਿਸਟੈਂਟ ਕਮਿਸ਼ਨਰ ਵਿਨੈ ਗੁਪਤਾ, ਬਿਲਡਰ ਪ੍ਰਦੀਪ ਸਿੰਘ ਮੁੰਡੀ ਸਮੇਤ ਵਿਭਾਗੀ ਅਧਿਕਾਰੀ ਅਤੇ ਹੋਰ ਪਤਵੰਤੇ ਮੌਜੂਦ ਸਨ।

# ਹਾਈ ਕੋਰਟ ਵੱਲੋਂ ਬਹਾਲੀ ਮਗਰੋਂ ਸਰਪੰਚ ਹਰਦੀਪ ਸਿੰਘ ਦਾ ਕਾਂਗਰਸੀ ਆਗੂਆਂ ਵੱਲੋਂ ਸਵਾਗਤ

## ਪਿੰਡ ਚੂੰਘਾਂ ਦੇ ਮੌਜੂਦਾ ਸਰਪੰਚ ਸਾਥੀਆਂ ਸਮੇਤ ਕਾਂਗਰਸ ਦੇ ਮੁੱਖ ਦਫ਼ਤਰ ਮਹਿਲ ਕਲਾਂ ਪਹੁੰਚੇ



ਮਹਿਲ ਕਲਾਂ (ਗੁਰਭਿੰਦਰ ਗੁਰੀ) — ਹਲਕਾ ਮਹਿਲ ਕਲਾਂ ਦੇ ਪਿੰਡ ਚੂੰਘਾਂ ਦੇ ਮੌਜੂਦਾ ਸਰਪੰਚ ਸ. ਹਰਦੀਪ ਸਿੰਘ ਨੂੰ ਹਾਈ ਕੋਰਟ ਵੱਲੋਂ ਬਹਾਲ ਕੀਤੇ ਜਾਣ ਮਗਰੋਂ ਉਨ੍ਹਾਂ ਵੱਲੋਂ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਦੇ ਮੁੱਖ ਦਫ਼ਤਰ ਮਹਿਲ ਕਲਾਂ ਵਿਖੇ ਪਹੁੰਚ ਕੇ ਕਾਂਗਰਸੀ ਆਗੂਆਂ ਨਾਲ ਮੁਲਾਕਾਤ ਕੀਤੀ ਗਈ।

ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਕਮਲਜੀਤ ਸਿੰਘ ਚੱਕ ਵੱਲੋਂ ਸਰਪੰਚ ਹਰਦੀਪ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕੀਤਾ ਗਿਆ। ਦਫ਼ਤਰ ਵਿਖੇ ਕਮਲਜੀਤ ਸਿੰਘ ਚੱਕ, ਬਲਾਕ ਪ੍ਰਧਾਨ ਸ. ਪਰਮਿੰਦਰ ਸਿੰਘ ਸੰਮੀ, ਸ. ਗਗਨਦੀਪ ਸਿੰਘ ਕੁਰੜ, ਸ੍ਰੀ ਬਲਵੰਤ ਸ਼ਰਮਾ ਅਤੇ ਹੋਰ ਕਾਂਗਰਸੀ ਸਾਥੀਆਂ ਵੱਲੋਂ ਮੂੰਹ ਮਿੱਠਾ ਕਰਵਾ ਕੇ ਸਰਪੰਚ ਹਰਦੀਪ ਸਿੰਘ ਨੂੰ ਬਹਾਲੀ ਦੀ ਮੁਬਾਰਕਬਾਦ ਦਿੱਤੀ ਗਈ।

ਇਸ ਮੌਕੇ ਕਮਲਜੀਤ ਸਿੰਘ ਚੱਕ ਨੇ ਕਿਹਾ ਕਿ ਸਰਪੰਚ ਹਰਦੀਪ ਸਿੰਘ ਨਾਲ ਉਨ੍ਹਾਂ ਦੇ ਨਿੱਜੀ ਤੌਰ 'ਤੇ ਵੀ ਨੇੜਲੇ ਸਬੰਧ ਹਨ ਅਤੇ ਹਾਈ ਕੋਰਟ ਵੱਲੋਂ ਉਨ੍ਹਾਂ ਦੀ ਬਹਾਲੀ ਦਾ ਫ਼ੈਸਲਾ ਆਉਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਹ ਇਸ ਫ਼ੈਸਲੇ ਨੂੰ ਸੱਚਾਈ ਦੀ ਜਿੱਤ ਵਜੋਂ ਦੇਖਦੇ ਹਨ। ਕਾਂਗਰਸੀ ਆਗੂਆਂ ਵੱਲੋਂ ਸਰਪੰਚ ਹਰਦੀਪ ਸਿੰਘ ਨੂੰ ਭਵਿੱਖ ਵਿੱਚ ਪਿੰਡ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਪਾਰਟੀ ਵਰਕਰਾਂ ਅਤੇ ਸਰਪੰਚ ਦੇ ਸਾਥੀਆਂ ਵਿਚਕਾਰ ਸਿਆਸੀ ਅਤੇ ਪਿੰਡ ਨਾਲ ਸਬੰਧਤ ਮਾਮਲਿਆਂ ਬਾਰੇ ਵੀ ਵਿਚਾਰ-ਵਟਾਂਦਰਾ ਹੋਇਆ। ਇਸ ਮੌਕੇ ਕਮਲਜੀਤ ਸਿੰਘ ਚੱਕ, ਸੀਨੀਅਰ ਕਾਂਗਰਸੀ ਆਗੂ, ਹਲਕਾ ਮਹਿਲ ਕਲਾਂ ਸਮੇਤ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

# ਫ਼ੈਸਲਾਬਾਦ ਹਵਾਈ ਅੱਡੇ 'ਤੇ ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਯਾਤਰਾ 'ਤੇ ਆਉਣ ਤੋਂ ਰੋਕਿਆ ਜਾਣਾ ਮੰਦਭਾਗਾ - ਸ ਵਡਾਲਾ, ਸ ਤਲਵੰਡੀ।





ਚੰਡੀਗੜ੍ਹ-: 11 ਸਤੰਬਰ () ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਯੂਥ ਵਿੰਗ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਇਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਦੋਸ਼ ਲਗਾਇਆ ਕਿ ਭਾਰਤ ਦੇ ਗੁਰਧਾਮਾਂ ਦੀ ਯਾਤਰਾ 'ਤੇ ਆ ਰਹੇ ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਜਾਇਜ ਵੀਜਾ ਹੋਣ ਦੇ ਬਾਵਜੂਦ ਫੈਸਲਾਬਾਦ ਹਵਾਈ ਅੱਡੇ 'ਤੇ ਰੋਕਿਆ ਜਾਣਾ, ਬਹੁਤ ਹੀ ਮੰਦਭਾਗਾ ਅਤੇ ਦੁਖਦਾਈ ਘਟਨਾ ਹੈ। ਇਹ ਸ਼ਰਧਾਲੂ ਭਾਰਤ ਵਿੱਚ ਸਥਿਤ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ 'ਤੇ ਆ ਰਹੇ ਸਨ। ਦੋਹਾਂ ਆਗੂਆਂ ਨੇ ਕਿਹਾ ਕਿ ਵੈਧ ਭਾਰਤੀ ਵੀਜ਼ਾ ਹੋਣ ਦੇ ਬਾਵਜੂਦ, ਪਾਕਿਸਤਾਨੀ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਐੱਨ.ਓ.ਸੀ ਦੀ ਮੰਗ ਕਰਕੇ ਉਨ੍ਹਾਂ ਨੂੰ ਫਲਾਈਟ ਚੜ੍ਹਨ ਤੋਂ ਰੋਕ ਦਿੱਤਾ। ਦੋਵਾਂ ਦੇਸ਼ਾਂ ਵਿਚਾਲੇ ਵਾਘਾ-ਅਟਾਰੀ ਜ਼ਮੀਨੀ ਰਸਤਾ ਬੰਦ ਹੋਣ ਕਾਰਨ ਇਨ੍ਹਾਂ ਸ਼ਰਧਾਲੂਆਂ ਨੇ ਦੁਬਈ/ਸ਼ਾਰਜਾਹ ਰਾਹੀਂ ਭਾਰਤ ਆਉਣ ਲਈ ਲੱਖਾਂ ਰੁਪਏ ਖਰਚ ਕੇ ਮਹਿੰਗੀਆਂ ਹਵਾਈ ਟਿਕਟਾਂ ਖਰੀਦੀਆਂ ਸਨ। ਪਰ ਹਵਾਈ ਅੱਡੇ 'ਤੇ ਰੋਕੇ ਜਾਣ ਕਾਰਨ ਉਨ੍ਹਾਂ ਦੀਆਂ ਫਲਾਈਟਾਂ ਮਿਸ ਹੋ ਗਈਆਂ, ਜਿਸ ਨਾਲ ਉਨ੍ਹਾਂ ਦਾ ਭਾਰੀ ਵਿੱਤੀ ਨੁਕਸਾਨ ਹੋਇਆ। ਜਥੇ ਦੇ ਆਗੂਆਂ ਅਨੁਸਾਰ, ਆਮ ਨਾਗਰਿਕਾਂ ਲਈ ਅਜਿਹੀ ਕਿਸੇ ਐੱਨ.ਓ.ਸੀ ਦੀ ਲੋੜ ਨਹੀਂ ਹੁੰਦੀ। ਜੇਕਰ ਕੋਈ ਅਜਿਹੀ ਸ਼ਰਤ ਸੀ ਤਾਂ ਉਨ੍ਹਾਂ ਨੂੰ ਟਿਕਟਾਂ ਬੁੱਕ ਕਰਨ ਵੇਲੇ ਜਾਂ ਪਹਿਲਾਂ ਦੱਸਿਆ ਜਾਣਾ ਚਾਹੀਦਾ ਸੀ। ਪਰ ਹਵਾਈ ਅੱਡੇ 'ਤੇ ਪਹੁੰਚ ਕੇ ਆਖਰੀ ਸਮੇਂ 'ਤੇ ਯਾਤਰਾ ਦਾ ਰੋਕਿਆ ਜਾਣਾ, ਬਹੁਤ ਹੀ ਨਿਰਾਸ਼ਾਜਨਕ ਹੈ। ਦੋਹਾਂ ਆਗੂਆਂ ਨੇ ਬਿਆਨ ਦੇ ਅਖੀਰ ਵਿੱਚ ਕਿਹਾ ਕਿ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਆਮ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਖਿਆਲ ਰੱਖਦਿਆਂ, ਨਿਯਮਾਂ ਨੂੰ ਹੋਰ ਸੌਖੇ ਬਣਾਉਣਾ ਚਾਹੀਦਾ ਹੈ ਅਤੇ ਵਾਹਗਾ ਬਾਰਡਰ ਤੁਰੰਤ ਖੋਲ੍ਹਣਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਉੱਘੇ ਸਮਾਜ ਸੇਵੀ ਕੁਲਜੀਤ ਕੌਰ ਸੋਨੀਆ ਬਣੇ ਕੌਮੀ ਉੱਪ ਪ੍ਰਧਾਨ - ਡਾ. ਖੇੜਾ

## ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗੀ - ਕੁਲਜੀਤ ਕੌਰ ਸੋਨੀਆ



ਫ਼ਤਹਿਗੜ੍ਹ ਸਾਹਿਬ 11 ਸਤੰਬਰ ( ਜੇ ਐੱਸ ਖੰਨਾ ) ਮਨੁੱਖੀ ਅਧਿਕਾਰ ਮੰਚ ਵੱਲੋਂ ਚੰਡੀਗੜ੍ਹ ਸੈਕਟਰ 32 ਵਿਖੇ ਇੱਕ ਵਿਸ਼ੇਸ਼ ਮੀਟਿੰਗ ਅਸ਼ੀਸ਼ ਕੁਮਾਰ ਅਡਵਾਈਜ਼ਰ ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਗਈ। ਇਸ ਵਿੱਚ ਸੰਸਥਾ ਦੇ ਕੌਮੀ ਪ੍ਰਧਾਨ ਡਾਕਟਰ ਜਸਵੰਤ ਸਿੰਘ ਖੇੜਾ, ਕੌਮੀ ਪ੍ਰਧਾਨ ਇਸਤਰੀ ਵਿੰਗ ਮੈਡਮ ਪ੍ਰਿਤਪਾਲ ਕੌਰ ਅਤੇ ਮਹੁੰਮਦ ਸਾਦਿਕ ਸ਼ੇਖ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਇਸ ਮੌਕੇ ਸੰਸਥਾ ਵੱਲੋਂ ਇੱਕ ਵਿਸ਼ੇਸ਼ ਨਿਯੁੱਕਤੀ ਕੀਤੀ ਗਈ। ਇਸ ਮੌਕੇ ਕੁਲਜੀਤ ਕੌਰ ਸੋਨੀਆ ਨੂੰ ਕੌਮੀ ਮੀਤ ਪ੍ਰਧਾਨ ਇਸਤਰੀ ਵਿੰਗ ਨਿਯੁਕਤ ਕਰਕੇ ਸ਼ਨਾਖ਼ਤੀ ਕਾਰਡ ਅਤੇ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਕੌਮੀ ਪ੍ਰਧਾਨ ਡਾਕਟਰ ਖੇੜਾ ਨੇ ਬੋਲਦਿਆਂ ਕਿਹਾ ਵਾਤਾਵਰਨ ਨੂੰ ਸ਼ੁੱਧ ਅਤੇ ਹਰਿਆ-ਭਰਿਆ ਬਣਾਉਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ। ਵਾਤਾਵਰਨ ਦੇ ਵਿਗੜ ਰਹੇ ਸੰਤੁਲਨ ਨੂੰ ਸੰਭਾਲਣ ਲਈ ਅਸੀਂ ਆਪਣੇ ਪੱਧਰ 'ਤੇ ਹੇਠ ਲਿਖੇ ਸਹੀ ਅਤੇ ਸਾਰਥਕ ਉਪਰਾਲੇ ਕਰ ਸਕਦੇ ਹਾਂ ਵੱਧ ਤੋਂ ਵੱਧ ਰੁੱਖ ਲਗਾਉਣਾ , ਰੁੱਖਾਂ ਦੀ ਸਾਂਭ-ਸੰਭਾਲ , ਠਦੇਸੀ ਨਸਲਾਂ ਨੂੰ ਪਹਿਲ ਆਪਣੇ ਆਲੇ-ਦੁਆਲੇ ਨਿੰਮ, ਪਿੱਪਲ, ਬੋਹੜ ਅਤੇ ਜਾਮਣ ਵਰਗੇ ਵੱਧ ਆਕਸੀਜਨ ਦੇਣ ਵਾਲੇ ਪਰੰਪਰਾਗਤ ਰੁੱਖ ਲਗਾਓ। ਪਾਣੀ ਦੀ ਬਚਤ ਅਤੇ ਸ਼ੁੱਧਤਾ ਕੁਦਰਤੀ ਸਰੋਤਾਂ ਦੀ ਸੰਭਾਲ ਨਦੀਆਂ , ਨਹਿਰਾਂ ਅਤੇ ਧਰਤੀ ਹੇਠਲੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ , ਘਰਾਂ ਅਤੇ ਸਰਕਾਰੀ ਇਮਾਰਤਾਂ ਵਿੱਚ ਮੀਂਹ ਦੇ ਪਾਣੀ ਨੂੰ ਇਕੱਠਾ ਕਰਕੇ ਧਰਤੀ ਹੇਠਾਂ ਭੇਜਣ ਦੇ ਪ੍ਰਬੰਧ ਕੀਤੇ ਜਾਣ , ਘਰੇਲੂ ਵਰਤੋਂ ਵਿੱਚ ਸੰਜਮ , ਪਲਾਸਟਿਕ ਦੀ ਵਰਤੋਂ ਬੰਦ ਕਰਨਾ , ਸਕੂਲਾਂ, ਕਾਲਜਾਂ ਅਤੇ ਸਮਾਜਿਕ ਸੰਸਥਾਵਾਂ ਰਾਹੀਂ ਲੋਕਾਂ ਨੂੰ ਵਾਤਾਵਰਨ ਸਬੰਧੀ ਆਮ ਦਿਨਾਂ ਵਿੱਚ ਵੀ ਜਾਗਰੂਕ ਕਰਨ ਲਈ ਸੈਮੀਨਾਰ ਕੀਤੇ ਜਾਣ। ਵਾਤਾਵਰਨ ਦੀ ਸ਼ੁੱਧਤਾ ਕੇਵਲ ਸਰਕਾਰਾਂ ਦੇ ਭਰੋਸੇ ਨਹੀਂ ਹੋ ਸਕਦੀ, ਇਸ ਲਈ ਸਾਡਾ ਇੱਕ ਛੋਟਾ ਜਿਹਾ ਨਿੱਜੀ ਕਦਮ ਜਿਵੇਂ ਆਪਣੇ ਜਨਮਦਿਨ 'ਤੇ ਇੱਕ ਬੂਟਾ ਲਗਾਉਣਾ ਵੀ ਇੱਕ ਵੱਡੀ ਤਬਦੀਲੀ ਲਿਆ ਸਕਦਾ ਹੈ। ਹੋਰਨਾਂ ਤੋਂ ਇਲਾਵਾ ਪਰਮਜੀਤ ਕੌਰ ਪ੍ਰਧਾਨ , ਸਾਹਨੀ, ਵਿਕਟਰ ਸਿੱਧੂ , ਗੁਰੀ ਸ਼ੰਕਰ , ਬਾਬੂ ਰਾਮ, ਲਲਿਤਾ ਸ਼ਰਮਾ, ਬਲਵਿੰਦਰ ਕੌਰ, ਅਮਰਜੀਤ ਕੌਰ, ਕਵਿਤਾ ਸ਼ਰਮਾ, ਪੂਨਮ ਕੁਮਾਰੀ, ਸੁਰਜੀਤ ਕੁਮਾਰ, ਹੈਰੀ, ਬੱਬਲੂ, ਸਵਿਤਾ , ਮਨੀ ਅਤੇ ਸਰਬਜੀਤ ਕੌਰ ਨੇ ਵੀ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

# 13ਵੇਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਨਵੇਂ ਲੰਗਰ ਹਾਲ ਦਾ ਉਦਘਾਟਨਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਦੇ ਸਹਿਯੋਗ ਨੂੰ ਦੱਸਿਆ ਵੱਡਾ ਯੋਗਦਾਨ



ਮਹਿਲ ਕਲਾਂ, 12 ਸਤੰਬਰ (ਬਲਜਿੰਦਰ ਸਿੰਘ ਢਿੱਲੋਂ, ਰਾਜਵਿੰਦਰ ਸਿੰਘ ਕਲਾਲ ਮਾਜਰਾ) — 13ਵੇਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਨਵੇਂ ਉਸਾਰੇ ਜਾ ਰਹੇ ਲੰਗਰ ਹਾਲ ਦਾ ਉਦਘਾਟਨ ਸ੍ਰੀਮਾਨ ਸੰਤ ਬਾਬਾ ਕੇਹਰ ਸਿੰਘ ਜੀ, ਸ੍ਰੀਮਾਨ ਸੰਤ ਬਾਬਾ ਗੁਰਪ੍ਰੀਤ ਸਿੰਘ ਜੀ ਮਹੰਤ, ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਕੱਟੂ ਸਹਿਜੜਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।ਇਸ ਮੌਕੇ ਠਾਠ ਨਾਨਕਸਰ ਮਹਿਲ ਕਲਾਂ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਕੇਹਰ ਸਿੰਘ ਜੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਲੰਗਰ ਹਾਲ ਦੀ ਉਸਾਰੀ ਵਿੱਚ ਸਮੂਹ ਸੰਗਤਾਂ ਵੱਲੋਂ ਆਪਣੀ ਸਮਰੱਥਾ ਅਨੁਸਾਰ ਵੱਡਾ ਯੋਗਦਾਨ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤ ਸੋਢਾ ਪੱਤੀ ਮਹਿਲ ਕਲਾਂ ਵੱਲੋਂ ਵੀ ਇਸ ਕਾਰਜ ਲਈ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਸੇਵਾਦਾਰਾਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਹੀ ਅਜਿਹੇ ਧਾਰਮਿਕ ਤੇ ਲੋਕ ਭਲਾਈ ਦੇ ਕਾਰਜ ਸਫਲ ਹੁੰਦੇ ਹਨ।ਸ੍ਰੀਮਾਨ ਸੰਤ ਬਾਬਾ ਗੁਰਪ੍ਰੀਤ ਸਿੰਘ ਜੀ ਮਹੰਤ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੀਆਂ ਸੰਗਤਾਂ ਸਮੇਂ ਦੇ ਨਾਲ ਨਾਲ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਪਹੁੰਚ ਕੇ ਸੇਵਾ ਵਿੱਚ ਆਪਣਾ ਯੋਗਦਾਨ ਪਾਉਂਦੀਆਂ ਹਨ, ਉਹ ਵਧਾਈਆਂ ਦੇ ਪਾਤਰ ਹਨ। ਉਨ੍ਹਾਂ ਨੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਅਤੇ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਦੇ ਚੱਲ ਰਹੇ ਸਮਾਗਮਾਂ ਸਬੰਧੀ ਵੀ ਸੰਗਤਾਂ ਨੂੰ ਜਾਣਕਾਰੀ ਦਿੱਤੀ।ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਬਾਬਾ ਜੀ ਦੇ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਰਹੀਆਂ ਹਨ ਅਤੇ ਓਹੋ ਗੁਰੂ ਨਾਨਕ ਜੀ ਦੇ ਦਰ ਤੋਂ ਖੁਸ਼ੀਆਂ ਪ੍ਰਾਪਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮ ਸੰਗਤਾਂ ਨੂੰ ਗੁਰੂ ਨਾਲ ਜੋੜਨ ਦੇ ਨਾਲ-ਨਾਲ ਸੇਵਾ ਅਤੇ ਸਿਮਰਨ ਦੀ ਪ੍ਰੇਰਣਾ ਵੀ ਦਿੰਦੇ ਹਨ।ਇਸ ਮੌਕੇ ਪਹੁੰਚੀਆਂ ਸੰਗਤਾਂ ਨੇ ਠਾਠ ਨਾਨਕਸਰ ਮਹਿਲ ਕਲਾਂ ਦੇ ਮਹਾਂਪੁਰਸ਼ਾਂ ਨੂੰ ਨਵੇਂ ਲੰਗਰ ਹਾਲ ਦੇ ਉਦਘਾਟਨ ਦੀ ਵਧਾਈ ਦਿੱਤੀ। ਸੰਗਤਾਂ ਨੇ ਕਿਹਾ ਕਿ ਬਾਬਾ ਜੀ ਵੱਲੋਂ ਲੰਗਰ ਹਾਲ ਦੀ ਉਸਾਰੀ ਲਈ ਕੀਤਾ ਗਿਆ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਅਤੇ ਪ੍ਰੇਰਣਾਦਾਇਕ ਹੈ। ਉਨ੍ਹਾਂ ਕਿਹਾ ਕਿ ਲੰਗਰ ਦੀ ਸੇਵਾ ਗੁਰੂ ਘਰ ਦੀ ਮਹਾਨ ਪਰੰਪਰਾ ਹੈ ਅਤੇ ਨਵੇਂ ਲੰਗਰ ਹਾਲ ਨਾਲ ਸੰਗਤਾਂ ਨੂੰ ਹੋਰ ਵਧੀਆ ਸਹੂਲਤ ਮਿਲੇਗੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਕੱਟੂ ਸਹਿਜੜਾ, ਸਾਥੀ ਦੁਲਵੀਰ ਸਿੰਘ ਜੀ, ਜਸਵੀਰ ਸਿੰਘ ਸੋਢਾ, ਅਮਰਜੀਤ ਸਿੰਘ ਸੋਢਾ, ਮੰਗਾਂ ਸਿੰਘ ਭਾਈ ਕਾ, ਲਵੀ ਸਿੰਘ ਕਾਲੀਆਂ ਦਾ, ਸੁਖਵੀਰ ਸਿੰਘ ਕਾਂਗਰਸੀ, ਅਮਰਜੀਤ ਸਿੰਘ ਬੱਸੀਆਂ ਵਾਲਾ, ਹਰਬੰਸ ਸਿੰਘ ਮਹਿਲ ਵੀ, ਉਜਾਗਰ ਸਿੰਘ ਰਾਜੇ, ਮਿ. ਸਚੇਤ ਸਿੰਘ ਮਠਾੜੂ, ਬਲਜਿੰਦਰ ਸਿੰਘ ਭੋਲਾ ਅਕਾਲੀ, ਮਿ. ਭੋਲਾ ਸਿੰਘ ਸਹਿਜੜਾ, ਮਿ. ਭੋਲਾ ਸਿੰਘ ਸਹੋਰ, ਗੁਰਪ੍ਰੀਤ ਸਿੰਘ ਸੋਢਾ, ਪ੍ਰੀਤਮ ਸਿੰਘ ਕੈਲੇ, ਸੀਨੀਅਰ ਮੀਤ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਵਰਿੰਦਰ ਸਿੰਘ, ਜਗਰੂਪ ਸਿੰਘ, ਕਰਨੈਲ ਸਿੰਘ, ਜਗਸੀਰ ਸਿੰਘ, ਕਿਰਪਾਲ, ਸਤਿਨਾਮ ਸਿੰਘ ਅਕਾਲੀ ਦਲ ਵਾਰਿਸ ਪੰਜਾਬ ਦੇ, ਜੁਗਦੀਪ ਸਿੰਘ ਲੱਖਾ, ਰਾਗੀ ਗੁਲਜ਼ਾਰ ਸਿੰਘ ਬਿੰਜਲ, ਗ੍ਰਾਮ ਪੰਚਾਇਤ ਸੋਢਾ ਪੱਤੀ ਮਹਿਲ ਕਲਾਂ ਦੇ ਸਰਪੰਚ ਸਰਬਜੀਤ ਸਿੰਘ ਸ਼ੰਭੂ, ਕੁਲਦੀਪ ਸਿੰਘ ਮਾਣਕ, ਗੁਰਪ੍ਰੀਤ ਸਿੰਘ ਗੋਰਾ, ਸੁਖਵੰਤ ਸਿੰਘ, ਬ੍ਰਹਮ ਕਿਸ਼ੋਰ, ਜਗਸੀਰ ਸਿੰਘ ਸੀਰਾ, ਰਾਜਾ ਸਿੰਘ ਅਤੇ ਹਰੀ ਸਿੰਘ ਕਟੈਰੀਆ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਅੱਜ

## ਬੀਬੀ ਹਰਵਿੰਦਰ ਕੌਰ ਖਾਲਸਾ ਅਤੇ ਭਾਈ ਗੁਰਮੇਲ ਸਿੰਘ ਬਰਨਾਲਾ ਵਾਲੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ





ਖੰਨਾ 11 ਸਤੰਬਰ

( ਜੇ ਐਸ ਖੰਨਾ ) ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਬਖਸ਼ਿਸ਼ ਸਦਕਾ ਗੁਰਦੁਆਰਾ ਸਾਹਿਬ ਸ੍ਰੀ ਨਾਨਕਸਰ ਸਾਹਿਬ , ਨਿਊ ਮਾਡਲ ਟਾਊਨ ਅਮਲੋਹ ਰੋਡ ਖੰਨਾ ਵਿਖੇ ਗੁਰਮਤਿ ਸਮਾਗਮ ਅੱਜ 12 ਸਤੰਬਰ ਦਿਨ ਸ਼ਨੀਵਾਰ ਨੂੰ ਕਰਵਾਏ ਜਾ ਰਹੇ ਹਨ। ਇਹਨਾਂ ਗੁਰਮਤਿ ਸਮਾਗਮਾਂ ਵਿੱਚ ਰਾਤਰੀ ਦੇ ਦੀਵਾਨਾਂ ਵਿੱਚ ਰਾਤ 7:00 ਤੋਂ 8:00 ਵਜੇ ਤੱਕ ਬੀਬੀ ਹਰਵਿੰਦਰ ਕੌਰ ਜੀ ਖਾਲਸਾ ਹਰਿ ਜਸ ਕੀਰਤਨ ਸੇਵਾ ਸੁਸਾਇਟੀ ਵਾਲੇ ਅਤੇ ਰਾਤ 8:00 ਵਜੇ ਤੋਂ 9:30 ਵਜੇ ਤੱਕ ਭਾਈ ਗੁਰਮੇਲ ਸਿੰਘ ਜੀ ਬਰਨਾਲਾ ਵਾਲੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰਨਗੇ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਯਤਨ ਕਰਨਗੇ।

ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਭਾ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਵੱਲੋਂ ਇਲਾਕੇ ਦੀਆਂ ਸੰਗਤਾਂ ਨੂੰ ਪੁਰਜ਼ੋਰ ਬੇਨਤੀ ਕੀਤੀ ਗਈ ਹੈ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਲਗਵਾਓ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪੀ.ਐਮ.ਐਨ. ਕਾਲਜ ਰਾਜਪੁਰਾ ਵਿੱਚ ਐਨ.ਐਸ.ਐਸ. ਵਿਭਾਗ ਵੱਲੋਂ ਵਿਸ਼ਵ ਸਾਖਰਤਾ ਦਿਵਸ ਮਨਾਇਆ




ਰਾਜਪੁਰਾ,11 ਸਤੰਬਰ (ਹਿਮਾਂਸ਼ੂ ਹੈਰੀ): ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਰਾਜਪੁਰਾ ਵਿਖੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਅਗਵਾਈ ਹੇਠ ਐਨ.ਐਸ.ਐਸ. ਵਿਭਾਗ ਵੱਲੋਂ ਵਿਸ਼ਵ ਸਾਖਰਤਾ ਦਿਵਸ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਐਨ.ਐਸ.ਐਸ. ਅਧਿਕਾਰੀਆਂ ਡਾ. ਵੰਦਨਾ ਗੁਪਤਾ, ਡਾ. ਮਨਦੀਪ ਸਿੰਘ, ਡਾ. ਗਗਨਦੀਪ ਕੌਰ, ਪ੍ਰੋ. ਦਲਜੀਤ ਸਿੰਘ ਅਤੇ ਪ੍ਰੋ. ਨੰਦਿਤਾ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਕਲਾ-ਅਧਾਰਿਤ ਗਤੀਵਿਧੀਆਂ ਜਿਵੇਂ ਕਿ ਪੋਸਟਰ ਬਣਾਉਣਾ, ਨਾਅਰੇ ਲਿਖਣਾ, ਕਾਰਟੂਨ ਬਣਾਉਣਾ, ਕੋਲਾਜ ਬਣਾਉਣਾ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਾਖਰਤਾ ਪ੍ਰਤੀ ਜਾਗਰੂਕਤਾ, ਰਚਨਾਤਮਕਤਾ ਅਤੇ ਸਮਾਜਿਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਨਾ ਸੀ।ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਵਿਦਿਆਰਥੀਆਂ ਨੂੰ ਐਨ.ਐਸ.ਐਸ. ਦੇ ਮੁੱਖ ਉਦੇਸ਼ਾਂ ਜਿਵੇਂ ਸਮਾਜਿਕ ਜਾਗਰੂਕਤਾ, ਲੀਡਰਸ਼ਿਪ, ਟੀਮ ਵਰਕ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ।ਦੱਸਣਯੋਗ ਹੈ ਕਿ ਇਹ ਗਤੀਵਿਧੀਆਂ ਯੁਵਕ ਮੇਲੇ ਦੀ ਤਿਆਰੀ ਦਾ ਹਿੱਸਾ ਵੀ ਸਨ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਕਲਾਤਮਕ ਹੁਨਰ ਨੂੰ ਨਿਖਾਰਨ ਦਾ ਮੌਕਾ ਮਿਲਿਆ। ਪ੍ਰੋਗਰਾਮ ਦਾ ਮੰਚ ਸੰਚਾਲਨ ਅਤੇ ਤਾਲਮੇਲ ਡਾ. ਗਗਨ ਦੁਆਰਾ ਬਾਖੂਬੀ ਕੀਤਾ ਗਿਆ।ਇਸ ਮੌਕੇ ਪ੍ਰੋ. ਦੀਕਸ਼ਾ ਮਾਥੁਰ, ਪ੍ਰੋ. ਮਨਦੀਪ ਸਿੰਘ ਅਤੇ ਕੋਚ ਸ੍ਰੀ ਹਰਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਵਿੱਚ ਲਗਭਗ 150 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

# ਪ੍ਰੋਫਾਈਲ ਕਲੀਨਿਕ ਦੇ ਸੀਨੀਅਰ ਪਲਾਸਟਿਕ ਸਰਜਨ ਡਾ: ਵਿਕਾਸ ਗੁਪਤਾ ਵੱਲੋਂ

## ਆਸਟਰੇਲੀਅਨ ਮਰੀਜ਼ ਦੀ ਆਰਮ ਲਿਫਟ ਸਰਜਰੀ ਸਫਲਤਾ ਪੂਰਵਕ ਕੀਤੀ ਗਈ



ਲੁਧਿਆਣਾ 11 ਸਤੰਬਰ (ਕਰਨੈਲ ਸਿੰਘ ਐੱਮ.ਏ.) ਪ੍ਰੋਫਾਈਲ ਕਲੀਨਿਕ, ਲੁਧਿਆਣਾ ਵਿਖੇ ਆਸਟ੍ਰੇਲੀਆ ਤੋਂ ਆਈ ਇੱਕ ਮਹਿਲਾ ਮਰੀਜ਼ ਦੀ ਆਰਮ ਲਿਫਟ ਸਰਜਰੀ ਸਫਲਤਾਪੂਰਵਕ ਕੀਤੀ ਗਈ। ਇਸ ਪ੍ਰਕਿਰਿਆ ਨੂੰ ਮੈਡੀਕਲ ਭਾਸ਼ਾ ਵਿੱਚ ਬ੍ਰੇਕੀਓਪਲਾਸਟੀ ਕਿਹਾ ਜਾਂਦਾ ਹੈ। ਇਹ ਸਰਜਰੀ ਸੀਨੀਅਰ ਪਲਾਸਟਿਕ ਸਰਜਨ ਡਾ: ਵਿਕਾਸ ਗੁਪਤਾ ਵੱਲੋਂ ਪ੍ਰੋਫਾਈਲ ਕਲੀਨਿਕ ਅਤੇ ਦੀਪਕ ਹਸਪਤਾਲ, ਲੁਧਿਆਣਾ ਦੇ ਸਹਿਯੋਗ ਨਾਲ ਕੀਤੀ ਗਈ। ਮਰੀਜ਼ ਦੀਆਂ ਉੱਪਰਲੀਆਂ ਬਾਂਹਾਂ ਦੀ ਵਾਧੂ ਅਤੇ ਢਿੱਲੀ ਚਮੜੀ ਨੂੰ ਠੀਕ ਕਰਨ ਲਈ ਵਿਸਥਾਰਪੂਰਵਕ ਮੈਡੀਕਲ ਜਾਂਚ ਅਤੇ ਸਲਾਹ-ਮਸ਼ਵਰੇ ਤੋਂ ਬਾਅਦ ਸਰਜਰੀ ਦੀ ਯੋਜਨਾ ਬਹੁਤ ਧਿਆਨ ਨਾਲ ਤਿਆਰ ਕੀਤੀ ਗਈ। ਇਲਾਜ ਕਰਨ ਵਾਲੀ ਟੀਮ ਅਨੁਸਾਰ ਸਰਜਰੀ ਸਫਲਤਾਪੂਰਵਕ ਮੁਕੰਮਲ ਹੋਈ। ਇਸ ਤੋਂ ਬਾਅਦ ਸੁਰੱਖਿਅਤ ਅਤੇ ਆਰਾਮਦਾਇਕ ਰਿਕਵਰੀ ਯਕੀਨੀ ਬਣਾਉਣ ਲਈ ਮਰੀਜ਼ ਦੀ ਢੁੱਕਵੀਂ ਨਿਗਰਾਨੀ, ਜ਼ਖ਼ਮ ਦੀ ਦੇਖਭਾਲ, ਦਰਦ ਪ੍ਰਬੰਧਨ ਅਤੇ ਨਿਯਮਿਤ ਮੈਡੀਕਲ ਫਾਲੋ-ਅੱਪ ਕੀਤਾ ਗਿਆ।

ਵਿਸ਼ੇਸ਼ ਸਰਜੀਕਲ ਦੇਖਭਾਲ ਦੇ ਨਾਲ-ਨਾਲ ਮਰੀਜ਼ ਨੂੰ ਯਾਤਰਾ ਦੀ ਯੋਜਨਾ, ਰਿਹਾਇਸ਼, ਹਸਪਤਾਲ ਵਿੱਚ ਦਾਖ਼ਲਾ, ਸਥਾਨਕ ਆਵਾਜਾਈ ਅਤੇ ਲੁਧਿਆਣਾ ਵਿੱਚ ਸਰਜਰੀ ਤੋਂ ਬਾਅਦ ਠਹਿਰਨ ਸੰਬੰਧੀ ਸਹਾਇਤਾ ਵੀ ਦਿੱਤੀ ਗਈ। ਇਸ ਵਿਆਪਕ ਸਹਿਯੋਗ ਨਾਲ ਭਾਰਤ ਪਹੁੰਚਣ ਤੋਂ ਲੈ ਕੇ ਸਰਜਰੀ ਅਤੇ ਰਿਕਵਰੀ ਤੱਕ ਮਰੀਜ਼ ਦਾ ਮੈਡੀਕਲ ਟੂਰਿਜ਼ਮ ਅਨੁਭਵ ਸੁਚੱਜਾ ਅਤੇ ਆਰਾਮਦਾਇਕ ਰਿਹਾ।

ਡਾ: ਵਿਕਾਸ ਗੁਪਤਾ ਨੇ ਦੱਸਿਆ ਕਿ ਕਈ ਦੇਸ਼ਾਂ ਵਿੱਚ ਅਜਿਹੀਆਂ ਸਰਜਰੀਆਂ ਕਾਫ਼ੀ ਮਹਿੰਗੀਆਂ ਹੁੰਦੀਆਂ ਹਨ ਅਤੇ ਮਰੀਜ਼ਾਂ ਨੂੰ ਲੰਬੇ ਸਮੇਂ ਤੱਕ ਉਡੀਕ ਵੀ ਕਰਨੀ ਪੈਂਦੀ ਹੈ। ਇਸ ਮਾਮਲੇ ਵਿੱਚ ਮਰੀਜ਼ ਨੂੰ ਆਸਟ੍ਰੇਲੀਆ ਵਿੱਚ ਲਗਭਗ 12 ਮਹੀਨਿਆਂ ਦਾ ਉਡੀਕ ਸਮਾਂ ਦਿੱਤਾ ਗਿਆ ਸੀ।

ਡਾ: ਗੁਪਤਾ ਦੀ ਯੋਗਤਾ ਅਤੇ ਪਲਾਸਟਿਕ ਤੇ ਕਾਸਮੈਟਿਕ ਸਰਜਰੀ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਆਪਕ ਤਜਰਬੇ ਬਾਰੇ ਜਾਣਨ ਤੋਂ ਬਾਅਦ ਮਰੀਜ਼ ਨੇ ਉਨ੍ਹਾਂ ਨਾਲ ਸੰਪਰਕ ਕੀਤਾ। ਭਾਰਤ ਆਉਣ ਤੋਂ ਪਹਿਲਾਂ ਮਰੀਜ਼ ਨੂੰ ਵਿਸਥਾਰਪੂਰਵਕ ਟੈਲੀ-ਕੰਸਲਟੇਸ਼ਨ ਵੀ ਦਿੱਤੀਆਂ ਗਈਆਂ।

ਡਾ: ਗੁਪਤਾ ਨੇ ਕਿਹਾ ਕਿ ਪੰਜਾਬ ਵਿੱਚ ਉੱਚ ਯੋਗਤਾ ਪ੍ਰਾਪਤ ਮੈਡੀਕਲ ਮਾਹਿਰ, ਆਧੁਨਿਕ ਹਸਪਤਾਲ ਅਤੇ ਤੁਲਨਾਤਮਕ ਤੌਰ 'ਤੇ ਕਿਫਾਇਤੀ ਲਾਗਤ 'ਤੇ ਉੱਨਤ ਇਲਾਜ ਮੁਹੱਈਆ ਕਰਵਾਉਣ ਦੀ ਸਮਰੱਥਾ ਮੌਜੂਦ ਹੈ। ਹਾਲਾਂਕਿ, ਅੰਤਰਰਾਸ਼ਟਰੀ ਮਰੀਜ਼ਾਂ ਨੂੰ ਸਿਰਫ਼ ਮੈਡੀਕਲ ਦੇਖਭਾਲ ਦੀ ਹੀ ਲੋੜ ਨਹੀਂ ਹੁੰਦੀ। ਉਨ੍ਹਾਂ ਨੂੰ ਭਰੋਸੇਯੋਗ ਯਾਤਰਾ ਪ੍ਰਬੰਧ, ਢੁੱਕਵੀਂ ਰਿਹਾਇਸ਼, ਸਪੱਸ਼ਟ ਸੰਚਾਰ ਅਤੇ ਸਰਜਰੀ ਤੋਂ ਬਾਅਦ ਭਰੋਸੇਮੰਦ ਦੇਖਭਾਲ ਦੀ ਵੀ ਲੋੜ ਹੁੰਦੀ ਹੈ। ਪ੍ਰੋਫਾਈਲ ਕਲੀਨਿਕ ਨੇ ਪੰਜਾਬ ਸਰਕਾਰ ਨੂੰ ਇੱਕ ਸਮਰਪਿਤ ਮੈਡੀਕਲ ਟੂਰਿਜ਼ਮ ਪ੍ਰਣਾਲੀ ਵਿਕਸਿਤ ਕਰਨ ਦੀ ਅਪੀਲ ਕੀਤੀ। ਇਸ ਵਿੱਚ ਸੁਚਾਰੂ ਵੀਜ਼ਾ ਸਹਾਇਤਾ, ਮਾਨਤਾ ਪ੍ਰਾਪਤ ਸਿਹਤ ਸੰਭਾਲ ਨੈੱਟਵਰਕ, ਏਅਰਪੋਰਟ ਟ੍ਰਾਂਸਫਰ, ਤਸਦੀਕਸ਼ੁਦਾ ਰਿਹਾਇਸ਼, ਬਹੁਭਾਸ਼ਾਈ ਮਰੀਜ਼ ਸਹਾਇਤਾ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਚਾਰ ਵਰਗੀਆਂ ਸਹੂਲਤਾਂ ਸ਼ਾਮਲ ਹੋਣੀਆਂ ਚਾਹੀਦੀਆਂ ਹਨ। ਸਰਕਾਰ, ਸਿਹਤ ਸੰਸਥਾਵਾਂ, ਹੋਟਲ ਅਤੇ ਹਾਸਪਿਟੈਲਿਟੀ ਖੇਤਰ ਅਤੇ ਸੈਰ-ਸਪਾਟਾ ਏਜੰਸੀਆਂ ਦੇ ਸਾਂਝੇ ਯਤਨਾਂ ਨਾਲ ਪੰਜਾਬ ਵਧੇਰੇ ਅੰਤਰਰਾਸ਼ਟਰੀ ਮਰੀਜ਼ਾਂ ਨੂੰ ਆਕਰਸ਼ਿਤ ਕਰ ਸਕਦਾ ਹੈ, ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦਾ ਹੈ ਅਤੇ ਆਪਣੇ ਆਪ ਨੂੰ ਇੱਕ ਭਰੋਸੇਯੋਗ ਵਿਸ਼ਵ ਪੱਧਰੀ ਸਿਹਤ ਸੰਭਾਲ ਕੇਂਦਰ ਵਜੋਂ ਸਥਾਪਿਤ ਕਰ ਸਕਦਾ ਹੈ।

# ਬੱਸੀ ਪਠਾਣਾਂ ਪੁਲਿਸ ਵੱਲੋਂ ਕੀਤਾ ਗਿਆ ਕਾਸੋ ਆਪਰੇਸ਼ਨ



ਬੱਸੀ ਪਠਾਣਾਂ, 11ਅਗਸਤ ਪਾਰਸ ਗੌਤਮ

ਜਿਲਾ ਸ੍ਰੀ ਫਤਿਹਗੜ੍ਹ ਦੇ ਹਲਕਾ ਬੱਸੀ ਪਠਾਣਾਂ ਦੇ ਪਿੰਡ ਕੋਟਲਾ ਫਾਜ਼ਿਲ ਵਿਖੇ ਬੱਸੀ ਪਠਾਣਾਂ ਪੁਲੀਸ ਅਤੇ ਐਸਪੀ ਹੈਡ ਕੁਆਰਟਰ ਹਰਵੰਤ ਕੋਰ ਡੀਐਸਪੀ ਰਾਜ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਕੀਤਾ ਕਾਸੋ ਆਪਰੇਸ਼ਨ ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸਪੀ ਹੈਡ ਕੁਆਰਟਰ ਹਰਵੰਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੂਰੇ ਹੀ ਜਿਲੇ ਦੇ ਵਿੱਚ ਕਾਸੋ ਆਪਰੇਸ਼ਨ ਕੀਤਾ ਆ ਜਾ ਰਿਹਾ ਹੈ। ਉੱਥੇ ਹੀ ਅੱਜ ਹਲਕਾ ਬਸੀ ਪਠਾਣਾ ਦੇ ਪਿੰਡ ਕੋਟਲਾ ਫਾਜ਼ਿਲ ਵਿਖੇ ਵੀ ਕਾਸੋ ਆਪਰੇਸ਼ਨ ਕੀਤਾ ਇਸ ਕਾਸੋ ਆਪਰੇਸ਼ਨ ਦੇ ਵਿੱਚ ਛੇ ਵਿਅਕਤੀ ਡਿਟੇਨ ਕੀਤੇ ਗਏ ਨੇ ਅਤੇ ਉਨਾਂ ਨੇ ਨਸ਼ਾ ਵੇਚਣ ਵਾਲਿਆਂ ਨੂੰ ਸਖਤ ਤੋਂ ਸਖਤ ਚੇਤਾਵਨੀ ਦਿੱਤੀ ਜਾਂ ਤਾਂ ਉਹ

# 5 ਦਿਨਾਂ ਦੀ ਬੈਂਕਿੰਗ ਦੀ ਮੰਗ ਨੂੰ ਲੈ ਕੇ ਅੱਜ ਦੇਸ਼ ਭਰ ਵਿੱਚ ਬੈਂਕ ਹੜਤਾਲ
## ਜਲਦੀ ਮੰਗ ਪੂਰੀ ਨਾ ਹੋਈ ਤਾਂ ਜਲਦੀ ਹੀ ਵੱਡਾ ਐਕਸ਼ਨ ਉਲੀਕਿਆ ਜਾਵੇਗਾ - ਨਰੇਸ਼ ਵੈਦ

Desi Punjab YouTube www.desipunjab.in

ਫ਼ਤਹਿਗੜ੍ਹ ਸਾਹਿਬ 11 ਸਤੰਬਰ ( ਜੇ ਐੱਸ ਖੰਨਾ ) ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਜ਼ (UFBU) ਵੱਲੋਂ ਹਫ਼ਤੇ ਵਿੱਚ 5 ਦਿਨ ਬੈਂਕਿੰਗ ਪ੍ਰਣਾਲੀ ਲਾਗੂ ਕਰਨ ਦੀ ਜਾਇਜ਼ ਮੰਗ ਨੂੰ ਲੈ ਕੇ ਅੱਜ 11 ਸਤੰਬਰ 2026 ਨੂੰ ਦੇਸ਼ ਭਰ ਵਿੱਚ ਬੈਂਕ ਹੜਤਾਲ ਕੀਤੀ ਗਈ। ਮਾਰਚ 2024 ਦੇ ਤਨਖ਼ਾਹ ਸਮਝੌਤੇ ਅਨੁਸਾਰ ਬਾਕੀ ਸ਼ਨੀਵਾਰਾਂ ਨੂੰ ਵੀ ਛੁੱਟੀ ਦੇਣ ਲਈ ਸਹਿਮਤੀ ਹੋਈ ਸੀ ਅਤੇ ਗਾਹਕਾਂ ਦੇ ਬੈਂਕਿੰਗ ਸਮੇਂ ਵਿੱਚ ਕੋਈ ਕਮੀ ਨਾ ਆਵੇ, ਇਸ ਲਈ ਹਰ ਰੋਜ਼ 40 ਮਿੰਟ ਵਾਧੂ ਕੰਮ ਕਰਨ ਦੀ ਵਿਵਸਥਾ ਵੀ ਕੀਤੀ ਗਈ ਸੀ। ਇਸ ਦੇ ਬਾਵਜੂਦ ਇਹ ਮਾਮਲਾ ਲੰਬੇ ਸਮੇਂ ਤੋਂ ਸਰਕਾਰ ਦੀ ਮਨਜ਼ੂਰੀ ਲਈ ਲੰਬਿਤ ਹੈ। UFBU ਦੀ ਮੰਗ ਹੈ ਕਿ 5 ਦਿਨਾਂ ਦੀ ਬੈਂਕਿੰਗ ਤੁਰੰਤ ਲਾਗੂ ਕੀਤੀ ਜਾਵੇ। ਜੇ ਸਰਕਾਰ ਵੱਲੋਂ ਮੰਗ ਨਾ ਮੰਨੀ ਗਈ ਤਾਂ 28.09.2026 ਤੋਂ 30.09.2026 ਤੱਕ ਤਿੰਨ ਦਿਨਾਂ ਦੀ ਮੁੜ ਹੜਤਾਲ ਕੀਤੀ ਜਾਵੇਗੀ ਅਤੇ ਇਸ ਤੋਂ ਬਾਅਦ 26.10.2026 ਤੋਂ ਅਣਮਿੱਥੇ ਸਮੇਂ ਦੀ ਹੜਤਾਲ ਕੀਤੀ ਜਾਵੇਗੀ। ਅੱਜ ਦੀ ਪੜਤਾਲ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਨਰੇਸ਼ ਵੈਦ ਜਨਰਲ ਕੌਂਸਲ ਮੈਂਬਰ , ਆਲ ਇੰਡੀਆ ਬੈਂਕ ਇਮਪਲਾਈ ਐਸੋਸੀਏਸ਼ਨ ਦੇ ਡਿਪਟੀ ਜਨਰਲ ਸੈਕਟਰੀ ਪੰਜਾਬ ਨੇ ਦੱਸਿਆ ਕਿ ਅੱਜ ਦੀ ਬੈਂਕ ਹੜਤਾਲ 100% ਕਾਮਯਾਬ ਰਹੀ ਹੈ। ਉਨ੍ਹਾਂ ਉਮੀਦਵਾਰ ਜ਼ਾਹਿਰ ਕੀਤੀ ਕਿ ਜਲਦੀ ਹੀ ਬੈਂਕ ਪ੍ਰਣਾਲੀ ਪੰਜ ਦਿਨਾਂ ਦੀ ਕੀਤੀ ਜਾਵੇਗੀ। ਇਸ ਮੌਕੇ ਸ੍ਰੀ ਨਰੇਸ਼ ਵੈਦ ਜੀ ਨਾਲ ਗੁਰਪ੍ਰੀਤ ਸਿੰਘ , ਪਰਮਜੀਤ ਪਾਲ , ਅਦਿੱਤਿਆ ਚੁੱਘ , ਨਿਧੀ ਗੁਪਤਾ , ਸਾਹਿਲ ਹੰਸ , ਵਿਕਾਸ ਕੁਮਾਰ , ਸ਼ਿਵਾ ਅਤੇ ਜਗਦੀਸ਼ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੈਂਕਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।





# ਗੁਰਦਾਸਪੁਰ ਦੇ ਸਿਹਤ ਵਿਭਾਗ ਦੀ ਹਾਲਤ ਚਿੰਤਾਜਨਕ, ਸੈਂਕੜੇ ਅਸਾਮੀਆਂ ਖਾਲੀ; ਲੋਕਾਂ ਦਾ ਇਲਾਜ ਰੱਬ ਆਸਰੇ ਛੱਡਣ ਦੀ ਨੌਬਤ : ਬਾਂਸਲ ਐਡਵੋਕੇਟ

Desi Punjab YouTube www.desipunjab.in



ਬਟਾਲਾ, 11 ਸਤੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ): ਪੰਜਾਬ ਸਰਕਾਰ ਵੱਲੋਂ ਸਿਹਤ ਸਹੂਲਤਾਂ ਨੂੰ ਲੈ ਕੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਪੱਧਰ ’ਤੇ ਸਿਹਤ ਵਿਭਾਗ ਦੀ ਤਸਵੀਰ ਇਨ੍ਹਾਂ ਦਾਅਵਿਆਂ ਤੋਂ ਬਿਲਕੁਲ ਵੱਖਰੀ ਨਜ਼ਰ ਆ ਰਹੀ ਹੈ। ਗੁਰਦਾਸਪੁਰ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਦੀਆਂ ਵੱਡੀ ਗਿਣਤੀ ਅਸਾਮੀਆਂ ਖਾਲੀ ਪਈਆਂ ਹੋਣ ਕਾਰਨ ਸਰਕਾਰੀ ਸਿਹਤ ਪ੍ਰਬੰਧਾਂ ’ਤੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ।ਐਡਵੋਕੇਟ ਬਾਂਸਲ ਨੇ ਇਸ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸਿਵਲ ਸਰਜਨ ਗੁਰਦਾਸਪੁਰ ਕੋਲ ਆਰ.ਟੀ.ਆਈ. ਰਾਹੀਂ ਮੰਗੀ ਗਈ ਜਾਣਕਾਰੀ ਨੇ ਸਿਹਤ ਵਿਭਾਗ ਦੀ ਅਸਲ ਸਥਿਤੀ ਸਾਹਮਣੇ ਲਿਆਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਮੈਡੀਕਲ ਅਫ਼ਸਰਾਂ ਦੀਆਂ ਕੁੱਲ 181 ਅਸਾਮੀਆਂ ਵਿੱਚੋਂ 85 ਖਾਲੀ ਹਨ। ਇਨ੍ਹਾਂ ਤੋਂ ਇਲਾਵਾ 17 ਡਾਕਟਰ ਅਜਿਹੇ ਹਨ, ਜਿਨ੍ਹਾਂ ਵੱਲੋਂ ਅਸਤੀਫ਼ੇ ਦਿੱਤੇ ਜਾ ਚੁੱਕੇ ਹਨ ਪਰ ਉਨ੍ਹਾਂ ਦੇ ਮਾਮਲੇ ਅਜੇ ਮਨਜ਼ੂਰੀ ਦੀ ਪ੍ਰਕਿਰਿਆ ਵਿੱਚ ਹਨ। ਇਸ ਤਰ੍ਹਾਂ ਮੈਡੀਕਲ ਅਫ਼ਸਰਾਂ ਦੀਆਂ ਕੁੱਲ 102 ਅਸਾਮੀਆਂ ਪ੍ਰਭਾਵਿਤ ਹੋ ਰਹੀਆਂ ਹਨ।ਉਨ੍ਹਾਂ ਅਨੁਸਾਰ ਸੁਪਰ ਸਪੈਸ਼ਲਿਸਟਾਂ ਦੀਆਂ ਕੁੱਲ 98 ਅਸਾਮੀਆਂ ਵਿੱਚੋਂ 25 ਖਾਲੀ ਹਨ ਅਤੇ ਦੋ ਡਾਕਟਰਾਂ ਵੱਲੋਂ ਅਸਤੀਫ਼ੇ ਦਿੱਤੇ ਜਾਣ ਕਾਰਨ ਇਹ ਗਿਣਤੀ 27 ਤੱਕ ਪਹੁੰਚਦੀ ਹੈ। ਇਸੇ ਤਰ੍ਹਾਂ ਐੱਨ.ਐੱਚ.ਐੱਮ. ਤਹਿਤ ਮੈਡੀਕਲ ਅਫ਼ਸਰਾਂ ਦੀਆਂ 34, ਸਟਾਫ਼ ਨਰਸਾਂ ਦੀਆਂ 74, ਡਾਟਾ ਐਂਟਰੀ ਆਪਰੇਟਰਾਂ ਦੀਆਂ 7, ਫਾਰਮਾਸਿਸਟਾਂ ਦੀਆਂ 15 ਅਤੇ ਏ.ਐੱਨ.ਐੱਮ. ਦੀਆਂ 9 ਅਸਾਮੀਆਂ ਖਾਲੀ ਦੱਸੀਆਂ ਗਈਆਂ ਹਨ।ਬਾਂਸਲ ਐਡਵੋਕੇਟ ਨੇ ਕਿਹਾ ਕਿ ਚੌਥਾ ਦਰਜਾ ਕਰਮਚਾਰੀਆਂ ਦੀਆਂ ਕੁੱਲ 453 ਅਸਾਮੀਆਂ ਵਿੱਚੋਂ 288 ਖਾਲੀ ਹੋਣਾ ਵੀ ਵਿਭਾਗੀ ਪ੍ਰਬੰਧਾਂ ਲਈ ਵੱਡੀ ਚੁਣੌਤੀ ਹੈ। ਇਸ ਤੋਂ ਇਲਾਵਾ ਹੈਲਥ ਮਲਟੀਪਰਪਜ਼ ਵਰਕਰਾਂ ਦੀਆਂ 237 ਅਸਾਮੀਆਂ ਵਿੱਚੋਂ 140, ਫਾਰਮਾਸਿਸਟ ਅਫ਼ਸਰਾਂ ਦੀਆਂ 120 ਵਿੱਚੋਂ 49 ਅਤੇ ਫੀਲਡ ਵਰਕਰਾਂ ਦੀਆਂ 18 ਵਿੱਚੋਂ 13 ਅਸਾਮੀਆਂ ਖਾਲੀ ਹਨ।ਉਨ੍ਹਾਂ ਦੱਸਿਆ ਕਿ ਹੈਲਥ ਕੇਅਰ ਅਸਿਸਟੈਂਟ ਦੀਆਂ ਕੁੱਲ 12 ਅਸਾਮੀਆਂ ਵਿੱਚੋਂ ਸਾਰੀਆਂ 12 ਹੀ ਖਾਲੀ ਪਈਆਂ ਹਨ। ਤਿਉਹਾਰਾਂ ਦੇ ਸੀਜ਼ਨ ਦੌਰਾਨ ਮਿਲਾਵਟਖੋਰੀ ’ਤੇ ਨਜ਼ਰ ਰੱਖਣ ਵਾਲੀਆਂ ਅਸਾਮੀਆਂ ਦੀ ਗੱਲ ਕਰੀਏ ਤਾਂ ਕੁੱਲ 2 ਵਿੱਚੋਂ 1 ਅਸਾਮੀ ਖਾਲੀ ਹੈ। ਤਹਿਸੀਲ ਬਟਾਲਾ ਵਿੱਚ ਮੈਟਰਨ ਦੀ ਇੱਕੋ-ਇੱਕ ਅਸਾਮੀ ਵੀ ਖਾਲੀ ਦੱਸੀ ਗਈ ਹੈ।ਇਸੇ ਤਰ੍ਹਾਂ ਸਟਾਫ਼ ਨਰਸਾਂ ਦੀਆਂ ਕੁੱਲ 207 ਅਸਾਮੀਆਂ ਵਿੱਚੋਂ 22, ਸਟੈਨੋ ਦੀਆਂ 16 ਵਿੱਚੋਂ 10 ਅਤੇ ਕਲਰਕਾਂ ਦੀਆਂ 32 ਵਿੱਚੋਂ 21 ਅਸਾਮੀਆਂ ਖਾਲੀ ਹੋਣ ਦਾ ਦਾਅਵਾ ਕੀਤਾ ਗਿਆ ਹੈ।

ਐਡਵੋਕੇਟ ਬਾਂਸਲ ਨੇ ਕਿਹਾ ਕਿ ਹਸਪਤਾਲਾਂ ਵਿੱਚ ਡਾਕਟਰਾਂ ਤੋਂ ਲੈ ਕੇ ਨਰਸਿੰਗ ਸਟਾਫ਼ ਅਤੇ ਹੋਰ ਜ਼ਰੂਰੀ ਅਮਲੇ ਦੀ ਕਮੀ ਸਿੱਧੇ ਤੌਰ ’ਤੇ ਮਰੀਜ਼ਾਂ ਨੂੰ ਪ੍ਰਭਾਵਿਤ ਕਰਦੀ ਹੈ। ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਰੀਜ਼ਾਂ ਦੀ ਵਧਦੀ ਗਿਣਤੀ ਦੇ ਮੁਕਾਬਲੇ ਜੇਕਰ ਲੋੜੀਂਦਾ ਸਟਾਫ਼ ਹੀ ਉਪਲਬਧ ਨਾ ਹੋਵੇ ਤਾਂ ਮਿਆਰੀ ਇਲਾਜ ਅਤੇ ਸਿਹਤ ਸੇਵਾਵਾਂ ਦੀ ਉਮੀਦ ਕਰਨਾ ਮੁਸ਼ਕਲ ਹੋ ਜਾਂਦਾ ਹੈ।

ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਆਰ.ਟੀ.ਆਈ. ਰਾਹੀਂ ਸਾਹਮਣੇ ਆਏ ਅੰਕੜਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਖਾਲੀ ਅਸਾਮੀਆਂ ਨੂੰ ਤੁਰੰਤ ਭਰਿਆ ਜਾਵੇ ਅਤੇ ਜਿਹੜੇ ਡਾਕਟਰ ਤੇ ਹੋਰ ਕਰਮਚਾਰੀ ਅਸਤੀਫ਼ੇ ਦੇ ਚੁੱਕੇ ਹਨ, ਉਨ੍ਹਾਂ ਦੇ ਮਾਮਲਿਆਂ ਦਾ ਵੀ ਜਲਦ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਰਗੀ ਬੁਨਿਆਦੀ ਸਹੂਲਤ ਵਿੱਚ ਲਾਪਰਵਾਹੀ ਦਾ ਸਿੱਧਾ ਅਸਰ ਆਮ ਲੋਕਾਂ ਦੀ ਜ਼ਿੰਦਗੀ ’ਤੇ ਪੈਂਦਾ ਹੈ।ਬਾਂਸਲ ਐਡਵੋਕੇਟ ਨੇ ਤਿੱਖੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਸਿਹਤ ਵਿਭਾਗ ਦੀ ਇਹੀ ਸਥਿਤੀ ਬਣੀ ਰਹੀ ਤਾਂ ਲੋਕਾਂ ਨੂੰ ਸਰਕਾਰੀ ਸਿਹਤ ਪ੍ਰਬੰਧਾਂ ਦੀ ਬਜਾਏ ਇਲਾਜ ਲਈ “ਰੱਬ ਦੇ ਭਰੋਸੇ ਅਤੇ ਬਾਬਿਆਂ ਦੇ ਆਸਰੇ” ਰਹਿਣ ਲਈ ਮਜਬੂਰ ਹੋਣਾ ਪਵੇਗਾ।

# ਅੰਮ੍ਰਿਤਸਰ ਵਿਕਾਸ ਅਥਾਰਟੀ ਵੱਲੋਂ ਅਣ-ਅਧਿਕਾਰਤ ਕਲੋਨੀਆਂ 'ਤੇ ਵੱਡੀ ਕਾਰਵਾਈ; ਪੀਲਾ ਪੰਜਾ ਚਲਾ ਕੇ ਕੀਤੀਆਂ ਕਾਰਵਾਈਆਂ

Desi Punjab YouTube www.desipunjab.in



ਅੰਮ੍ਰਿਤਸਰ, 11 ਸਤੰਬਰ (ਰਣਜੀਤ ਸਿੰਘ ਮਸੌਣ/ ਰਾਘਵ ਅਰੋੜਾ) - ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਣ-ਅਧਿਕਾਰਤ ਨਿਰਮਾਣਾਂ ਅਤੇ ਗੈਰ-ਕਾਨੂੰਨੀ ਕਲੋਨੀਆਂ ਵਿਰੁੱਧ ਅਪਣਾਈ ਗਈ 'ਜ਼ੀਰੋ ਟਾਲਰੈਂਸ' ਨੀਤੀ ਤਹਿਤ ਅੰਮ੍ਰਿਤਸਰ ਵਿਕਾਸ ਅਥਾਰਟੀ (ਏ.ਡੀ.ਏ.) ਦੇ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਵੱਡੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਏ.ਡੀ.ਏ. ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ (ਆਈ.ਏ.ਐੱਸ.) ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ (ਪੀ.ਸੀ.ਐੱਸ.) ਦੇ ਹੁਕਮਾਂ ਦੀ ਪਾਲਣਾ ਕਰਦਿਆਂ ਵਿਭਾਗੀ ਟੀਮ ਨੇ ਪੁਲਿਸ ਪ੍ਰਸ਼ਾਸਨ ਦੀ ਮਦਦ ਨਾਲ ਵੱਖ-ਵੱਖ ਪਿੰਡਾਂ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ ਤਿੰਨ ਅਣ-ਅਧਿਕਾਰਤ ਕਲੋਨੀਆਂ 'ਤੇ ਬੁਲਡੋਜ਼ਰ ਚਲਾ ਕੇ ਉਹਨਾਂ ਨੂੰ ਪੂਰੀ ਤਰ੍ਹਾਂ ਢਾਹ ਦਿੱਤਾ।

ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਭਵਿੱਖ ਦੇ ਸੁਚੱਜੇ ਅਤੇ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਹ ਮੁਹਿੰਮ ਚਲਾਈ ਜਾ ਰਹੀ ਹੈ। ਵਿਭਾਗ ਵੱਲੋਂ ਰਾਮਤੀਰਥ ਰੋਡ 'ਤੇ ਪੈਂਦੇ ਪਿੰਡ ਵਡਾਲਾ ਭਿੱਟੇਵੱਡ ਵਿਖੇ (ਏਕਮ ਗਾਰਡਨ ਦੇ ਸਾਹਮਣੇ), ਪਿੰਡ ਧੌਲਕਲਾਂ ਵਿਖੇ 'ਸ਼ਿਵਾ ਪੈਰਾਡਾਈਜ਼' ਦੇ ਨਾਮ ਹੇਠ ਬਣ ਰਹੀ ਅਣ-ਅਧਿਕਾਰਤ ਕਲੋਨੀ ਅਤੇ ਪਿੰਡ ਕਾਲਾ ਘੰਨੂਪੁਰ ਵਿਖੇ 'ਨਿਊ ਅਰਬਨ ਅਸਟੇਟ (ਐਕਸਟੈਂਸ਼ਨ)' ਨਾਮਕ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕੀਤੀ ਗਈ। ਇਹ ਕਾਰਵਾਈ ਸਹਾਇਕ ਨਗਰ ਯੋਜਨਕਾਰ (ਰੈਗੂਲੇਟਰੀ) ਦੀ ਮੌਜੂਦਗੀ ਵਿੱਚ ਪਾਪਰਾ ਐਕਟ-1995 ਅਧੀਨ ਅਮਲ ਵਿੱਚ ਲਿਆਂਦੀ ਗਈ।

ਉਹਨਾਂ ਦੱਸਿਆ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੂੰ ਪਹਿਲਾਂ ਵੀ ਨੋਟਿਸ ਜਾਰੀ ਕਰਕੇ ਕੰਮ ਰੋਕਣ ਦੇ ਹੁਕਮ ਦਿੱਤੇ ਗਏ ਸਨ। ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਉਂਦਿਆਂ ਕਲੋਨਾਈਜ਼ਰਾਂ ਨੇ ਨੋਟਿਸਾਂ ਦਾ ਕੋਈ ਸਪੱਸ਼ਟੀਕਰਨ ਨਹੀਂ ਦਿੱਤਾ ਅਤੇ ਮੌਕੇ 'ਤੇ ਵਿਕਾਸ ਕਾਰਜ ਲਗਾਤਾਰ ਜਾਰੀ ਰੱਖੇ। ਇਸ ਤੋਂ ਇਲਾਵਾ ਪਿੰਡ ਧੌਲ ਕਲਾਂ ਦੀ 'ਸ਼ਿਵਾ ਪੈਰਾਡਾਈਜ਼' ਖ਼ਿਲਾਫ਼ ਪਹਿਲਾਂ 5 ਮਾਰਚ 2026 ਨੂੰ ਅਤੇ ਪਿੰਡ ਵਡਾਲਾ ਭਿੱਟੇਵੱਡ ਦੀ ਕਲੋਨੀ ਖ਼ਿਲਾਫ਼ 14 ਮਈ 2026 ਨੂੰ ਵੀ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ। ਇਸ ਦੇ ਬਾਵਜੂਦ ਮਾਲਕਾਂ ਨੇ ਦੁਬਾਰਾ ਉਸਾਰੀ ਸ਼ੁਰੂ ਕਰ ਲਈ ਸੀ, ਜਿਸ ਕਾਰਨ 11 ਸਤੰਬਰ 2026 ਨੂੰ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇਹਨਾਂ ਨਵੇਂ ਨਿਰਮਾਣਾਂ ਨੂੰ ਮੁੜ ਢਾਹ ਦਿੱਤਾ ਗਿਆ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਗੈਰ-ਕਾਨੂੰਨੀ ਕਲੋਨੀਆਂ ਕੱਟਣ ਵਾਲੇ ਵਿਅਕਤੀਆਂ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਰੁਪਏ ਤੱਕ ਦੇ ਜੁਰਮਾਨੇ ਦਾ ਸੁਚੱਜਾ ਪ੍ਰਬੰਧ ਹੈ। ਇਸੇ ਲੜੀ ਤਹਿਤ ਉਕਤ ਅਣ-ਅਧਿਕਾਰਤ ਕਲੋਨੀਆਂ ਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨਾਈਜ਼ਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣ ਲਈ ਰੈਵੇਨਿਊ ਰਿਕਾਰਡ ਦੇ ਆਧਾਰ 'ਤੇ ਪੁਲਿਸ ਵਿਭਾਗ ਨੂੰ ਲਿਖਤੀ ਤੌਰ 'ਤੇ ਭੇਜਿਆ ਜਾ ਰਿਹਾ ਹੈ।

ਏ.ਡੀ.ਏ. ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਗੈਰ-ਕਾਨੂੰਨੀ ਅਤੇ ਪੁੱਡਾ/ਏ.ਡੀ.ਏ. ਤੋਂ ਅਣ-ਮਨਜ਼ੂਰਸ਼ੁਦਾ ਕਲੋਨੀਆਂ ਵਿੱਚ ਪਲਾਟ ਖਰੀਦਣ ਤੋਂ ਗੁਰੇਜ਼ ਕਰਨ। ਪਲਾਟ ਖਰੀਦਣ ਤੋਂ ਪਹਿਲਾਂ ਡਿਵੈਲਪਰ ਕੋਲੋਂ ਵਿਭਾਗੀ ਮਨਜ਼ੂਰੀ ਦੀ ਕਾਪੀ ਮੰਗੀ ਜਾਵੇ ਅਤੇ ਅੰਮ੍ਰਿਤਸਰ ਵਿਕਾਸ ਅਥਾਰਟੀ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਅਣ-ਅਧਿਕਾਰਤ ਕਲੋਨੀਆਂ ਦੀ ਸੂਚੀ ਦੀ ਜਾਂਚ ਜ਼ਰੂਰ ਕੀਤੀ ਜਾਵੇ, ਤਾਂ ਜੋ ਖ਼ੂਨ-ਪਸੀਨੇ ਦੀ ਕਮਾਈ ਦੇ ਨੁਕਸਾਨ ਅਤੇ ਕਿਸੇ ਵੀ ਕਾਨੂੰਨੀ ਪਰੇਸ਼ਾਨੀ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਕੋਈ ਵੀ ਨਿਰਮਾਣ ਕਰਨ ਤੋਂ ਪਹਿਲਾਂ ਪੁੱਡਾ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨੀਆਂ ਲਾਜ਼ਮੀ ਹਨ।

# ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ ਸਪੀਕਰ ਪੰਜਾਬ ਵਿਧਾਨ ਸਭਾ ਦੇ ਪਿੰਡ ਸੰਧਵਾਂ ਵਿਖੇ ਜ਼ੋਨਲ ਪੱਧਰ ਦੀ ਰੋਸ ਰੈਲੀ ਕੀਤੀ ਜਾਵੇਗੀ।
## ਇਸ ਉਪਰੰਤ ਪਿੰਡ ਵਿੱਚ ਰੋਸ ਮਾਰਚ ਕਰਕੇ ਕੀਤਾ ਜਾਵੇਗਾ ਕੋਠੀ ਦਾ ਘਿਰਾਓ ।

Desi Punjab YouTube www.desipunjab.in



ਫ਼ਰੀਦਕੋਟ, 11 ਸਤੰਬਰ ( ਸ਼ਿਵਨਾਥ )ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮਾਂ ਨੂੰ ਲਾਗੂ ਕਰਦੇ ਹੋਏ ਫਰੀਦਕੋਟ, ਫਾਜ਼ਿਲਕਾ , ਫਿਰੋਜ਼ਪੁਰ, ਮੋਗਾ ਅਤੇ ਸ੍ਰੀ ਮੁਕਤਸਰ ਸਾਹਿਬ ਜ਼ੋਨ ਦੀਆਂ ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਨਵਾੜੀ ਵਰਕਰਾਂ, ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ 12 ਸਤੰਬਰ ਦਿਨ ਸ਼ਨੀਵਾਰ ਨੂੰ ਸਵੇਰੇ ਠੀਕ 10 ਵਜੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਫਰੀਦਕੋਟ - ਕੋਟਕਪੂਰਾ ਸੜਕ ਤੇ ਗੁਰਦੁਆਰਾ ਸਾਹਿਬ ਮਾਤਾ ਦਯਾ ਕੌਰ ਨੇੜੇ ਰੋਸ ਰੈਲੀ ਕੀਤੀ ਜਾ ਰਹੀ ਹੈ। ਇਸ ਤੋਂ ਬਾਅਦ ਪਿੰਡ ਵਿੱਚ ਦੀ ਰੋਸ ਮਾਰਚ ਕਰਕੇ ਕੋਠੀ ਦਾ ਘਿਰਾਓ ਕੀਤਾ ਜਾ ਰਿਹਾ ਹੈ। ਇਸ ਐਕਸ਼ਨ ਦੀ ਤਿਆਰੀ ਲਈ ਅੱਜ ਸਥਾਨਕ ਪੈਨਸ਼ਨਰ ਭਵਨ ਵਿਖੇ ਸਾਂਝੀ ਤਾਲਮੇਲ ਕਮੇਟੀ ਵਿੱਚ ਸ਼ਾਮਲ ਜਥੇਬੰਦੀ ਦੇ ਆਗੂਆਂ ਦੀ ਇੱਕ ਮੀਟਿੰਗ ਇੰਦਰਜੀਤ ਸਿੰਘ ਖੀਵਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਵੱਖ ਵੱਖ ਜਥੇਬੰਦੀਆਂ ਦੇ ਆਗੂ ਅਮਰੀਕ ਸਿੰਘ ਸੰਧੂ, ਪ੍ਰੇਮ ਚਾਵਲਾ, ਜਤਿੰਦਰ ਕੁਮਾਰ,ਬਲਬੀਰ ਸਿੰਘ ਸਿਬੀਆਂ, ਸੁਖਵਿੰਦਰ ਸਿੰਘ ਸੁੱਖੀ,ਵਿਕਰਮਜੀਤ ਸਿੰਘ ਢਿੱਲੋਂ, ਹਰਪ੍ਰੀਤ ਸਿੰਘ ਸਰਾਂ, ਧਰਮਿੰਦਰ ਸਿੰਘ, ਸਰਬਜੀਤ ਕੌਰ ਮਚਾਕੀ ,ਇੰਦਰਜੀਤ ਸਿੰਘ ਖੀਵਾ, ਚਿਤਰੰਜਨ ਗਾਭਾ, ਕੁਲਵੰਤ ਸਿੰਘ ਚਾਨੀ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਇੰਦਰਜੀਤ ਸਿੰਘ ਗਿੱਲ, ਜੀਤੇਂਦਰ ਕੁਮਾਰ ਹੰਸ, ਨਰਿੰਦਰ ਕੁਮਾਰ ਅਤੇ ਬਖਸ਼ਿੰਦਰਜੀਤ ਸਿੰਘ ਨੇ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਸਾਢੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਅਪਣਾਏ ਗਏ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਆਗੂਆਂ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ,ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਮੁਲਾਜ਼ਮ ਵਿਰੋਧੀ ਝੂਠੇ ਅੰਕੜੇ ਪੇਸ਼ ਕਰਨ, ਆਮ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਸਮੂਹ ਮੁਲਾਜ਼ਮਾਂ ਨੂੰ ਬਦਨਾਮ ਕਰਨ ਲਈ ਕੀਤੀ ਗਈ ਕਾਰਵਾਈ ਦੀ ਵੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਆਗੂਆਂ ਨੇ ਕਿਹਾ ਕਿ ਫਰੀਦਕੋਟ,ਫਿਰੋਜ਼ਪੁਰ, ਫਾਜਲਿਕਾ , ਮੋਗਾ ਅਤੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ ਦੇ ਸਕੀਮ ਵਰਕਰਜ, ਅਧਿਆਪਕ, ਮੁਲਾਜ਼ਮ ਅਤੇ ਪੈਨਸ਼ਨਰ 12 ਸਤੰਬਰ ਦਿਨ ਸ਼ਨੀਵਾਰ ਨੂੰ ਸਵੇਰੇ ਠੀਕ 10 ਵਜੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਰੋਸ ਰੈਲੀ ਕਰਨਗੇ।ਇਸ ਤੋਂ ਬਾਅਦ ਰੋਸ ਮਾਰਚ ਕਰਕੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਇਸ ਐਕਸ਼ਨਾਂ ਨੂੰ ਸਫਲ ਬਣਾਉਣ ਲਈ ਵੱਖ ਵੱਖ ਜਥੇਬੰਦੀਆਂ ਨੂੰ ਕੋਟੇ ਲਗਾਏ ਗਏ ਅਤੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ।ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੂੰ ਜਨਤਕ ਤੌਰ ਤੇ ਇਹ ਸਪਸ਼ਟ ਕਰਨਾ ਚਾਹੀਦਾ ਹੈ ਕਿ ਦੇਸ਼ ਅਤੇ ਭਾਰਤ ਦੇ ਬਹੁਤ ਸਾਰੇ ਰਾਜ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 60 ਫੀਸਦੀ ਡੀ ਏ ਦੇ ਰਹੇ ਹਨ ਤੇ ਪੰਜਾਬ ਸਰਕਾਰ ਵੱਲੋਂ ਸਿਰਫ 42 ਫੀਸਦੀ ਡੀ ਏ ਹੀ ਕਿਉਂ ਦਿੱਤਾ ਜਾ ਰਿਹਾ ਹੈ? ਜਦਕਿ ਪੰਜਾਬ ਦੀ ਸਾਰੀ ਉੱਚ ਅਫ਼ਸਰਸ਼ਾਹੀ ਨੂੰ 60, ਫੀਸਦੀ ਡੀ ਏ ਦੇਕੇ ਆਮ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸਿਰਫ 42 ਫੀਸਦੀ ਡੀ ਏ ਦਿੱਤਾ ਜਾ ਰਿਹਾ ਹੈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਗਭਗ 4 ਸਾਲ ਪਹਿਲਾਂ ਮੰਤਰੀ ਮੰਡਲ ਦੀ ਮੀਟਿੰਗ ਨੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਫੈਸਲਾ ਕਰਕੇ ਵੀ ਪੁਰਾਣੀ ਪੈਨਸ਼ਨ ਸਕੀਮ ਅਜੇ ਤੱਕ ਬਹਾਲ ਨਹੀਂ ਕੀਤੀ, ਆਮ ਆਦਮੀ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਦੀਆਂ ਉਜਰਤਾਂ ਵਿੱਚ ਕੀਤਾ ਜਾਣ ਵਾਲਾ ਦੁੱਗਣਾ ਵਾਧਾ ਵੀ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ। ਜਿਸ ਕਰਕੇ ਪੰਜਾਬ ਦੇ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਗਵੰਤ ਮਾਨ ਸਰਕਾਰ ਪ੍ਰਤੀ ਵਿਆਪਕ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ ਵਾਲੀਆ, ਬਿਸ਼ਨ ਕੁਮਾਰ ਅਰੋੜਾ, ਇੰਜੀਨੀਅਰ ਜੀਤ ਸਿੰਘ, ਜਸਕਰਨ ਸਿੰਘ, ਪ੍ਰਿੰਸੀਪਲ ਜੁਗਿੰਦਰ ਸਿੰਘ , ਦਰਸ਼ਨ ਸਿੰਘ, ਪ੍ਰਤਾਪ ਸਿੰਘ ਅਤੇ ਉਪਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।

# ਖੰਨਾ 'ਚ ਪ੍ਰੈਸ਼ਰ ਹਾਰਨ ਵਜਾਉਣ ਵਾਲਿਆਂ ਦੀ ਨਹੀਂ ਹੋਵੇਗੀ ਖੈਰ, ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ’ਤੇ ਟਰੈਫਿਕ ਪੁਲਿਸ ਨੇ ਕਸਿਆ ਸ਼ਿਕੰਜਾ

Desi Punjab YouTube www.desipunjab.in

ਖੰਨਾ, 11 ਸਤੰਬਰ (ਅਰਵਿੰਦਰ ਸਿੰਘ ਸਵੈਚ, ਗੀਤਾ ਰਾਣੀ) ਪੁਲਿਸ ਜ਼ਿਲ੍ਹਾ ਖੰਨਾ ਵਿੱਚ ਟਰੈਫਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਆਮ ਲੋਕਾਂ ਨੂੰ ਪ੍ਰੈਸ਼ਰ ਹਾਰਨਾਂ ਨਾਲ ਹੋਣ ਵਾਲੀ ਆਵਾਜ਼ ਪ੍ਰਦੂਸ਼ਣ ਤੋਂ ਰਾਹਤ ਦਿਵਾਉਣ ਲਈ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਆਈ.ਪੀ.ਐਸ ਵੱਲੋਂ ਲਏ ਗਏ ਸਖ਼ਤ ਰੁਖ਼ ਦੇ ਚੰਗੇ ਨਤੀਜੇ ਸਾਹਮਣੇ ਆਉਣ ਲੱਗੇ ਹਨ। ਐਸ.ਐਸ.ਪੀ ਦੇ ਨਿਰਦੇਸ਼ਾਂ ’ਤੇ ਟਰੈਫਿਕ ਪੁਲਿਸ ਵੱਲੋਂ ਪ੍ਰੈਸ਼ਰ ਹਾਰਨ ਲਗਾਉਣ ਅਤੇ ਵਜਾਉਣ ਵਾਲੇ ਵਾਹਨ ਚਾਲਕਾਂ ਖ਼ਿਲਾਫ਼ 15 ਰੋਜ਼ਾ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਮੁਹਿੰਮ ਦੀ ਸ਼ੁਰੂਆਤ 10 ਸਤੰਬਰ ਤੋਂ ਕੀਤੀ ਗਈ ਅਤੇ ਪਹਿਲੇ ਹੀ ਦੋ ਦਿਨਾਂ ਵਿੱਚ ਪੁਲਿਸ ਵੱਲੋਂ ਇੱਕ ਦਰਜਨ ਤੋਂ ਵੱਧ ਵਾਹਨਾਂ ਦੇ ਚਲਾਨ ਕੱਟ ਕੇ ਪ੍ਰੈਸ਼ਰ ਹਾਰਨ ਜ਼ਬਤ ਕੀਤੇ ਗਏ ਹਨ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਕਾਰਜਸ਼ੈਲੀ ਦੀ ਖਾਸ ਗੱਲ ਇਹ ਹੈ ਕਿ ਉਹ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਕੇ ਉਨ੍ਹਾਂ ਦੇ ਹੱਲ ਲਈ ਮੌਕੇ ’ਤੇ ਹੀ ਪ੍ਰਭਾਵਸ਼ਾਲੀ ਕਦਮ ਚੁੱਕਣ ’ਤੇ ਜ਼ੋਰ ਦੇ ਰਹੇ ਹਨ। ਪ੍ਰੈਸ਼ਰ ਹਾਰਨਾਂ ਸਬੰਧੀ ਲਗਾਤਾਰ ਮਿਲ ਰਹੀਆਂ ਸ਼ਿਕਾਇਤਾਂ ਤੋਂ ਬਾਅਦ ਪੁਲਿਸ ਵੱਲੋਂ ਚਲਾਈ ਗਈ ਇਹ ਮੁਹਿੰਮ ਵੀ ਇਸੇ ਸੋਚ ਦਾ ਹਿੱਸਾ ਮੰਨੀ ਜਾ ਰਹੀ ਹੈ।

ਡੀ.ਐਸ.ਪੀ (ਟਰੈਫਿਕ) ਕਰਮਵੀਰ ਸਿੰਘ ਤੂਰ ਨੇ ਦੱਸਿਆ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਹੁਕਮਾਂ ਅਨੁਸਾਰ ਇਹ ਮੁਹਿੰਮ ਸਬ-ਡਵੀਜ਼ਨ ਖੰਨਾ, ਪਾਇਲ ਅਤੇ ਸਮਰਾਲਾ ਵਿੱਚ ਇੱਕੋ ਸਮੇਂ ਚਲਾਈ ਜਾ ਰਹੀ ਹੈ। 15 ਦਿਨਾਂ ਤੱਕ ਚੱਲਣ ਵਾਲੀ ਇਸ ਮੁਹਿੰਮ ਦਾ ਮੁੱਖ ਮਕਸਦ ਪ੍ਰੈਸ਼ਰ ਹਾਰਨਾਂ ਦੀ ਵਰਤੋਂ ’ਤੇ ਪੂਰੀ ਤਰ੍ਹਾਂ ਰੋਕ ਲਗਾਉਣਾ ਹੈ। ਉਨ੍ਹਾਂ ਕਿਹਾ ਕਿ ਮੁਹਿੰਮ ਸਿਰਫ਼ 15 ਦਿਨਾਂ ਤੱਕ ਸੀਮਤ ਨਹੀਂ ਰਹੇਗੀ, ਸਗੋਂ ਇਸ ਤੋਂ ਬਾਅਦ ਵੀ ਸਮੇਂ-ਸਮੇਂ ’ਤੇ ਵਿਸ਼ੇਸ਼ ਚੈਕਿੰਗ ਕੀਤੀ ਜਾਵੇਗੀ।

ਪੁਲਿਸ ਅਨੁਸਾਰ ਪ੍ਰੈਸ਼ਰ ਹਾਰਨਾਂ ਦੀ ਵਰਤੋਂ ਕਾਰਨ ਸਭ ਤੋਂ ਵੱਧ ਪਰੇਸ਼ਾਨੀ ਬੱਚਿਆਂ, ਬਜ਼ੁਰਗਾਂ, ਦਿਲ ਦੇ ਮਰੀਜ਼ਾਂ ਅਤੇ ਆਮ ਰਾਹਗੀਰਾਂ ਨੂੰ ਹੁੰਦੀ ਹੈ। ਕਈ ਵਾਰ ਬੇਹੱਦ ਤੇਜ਼ ਆਵਾਜ਼ ਵਾਲੇ ਹਾਰਨ ਅਚਾਨਕ ਵੱਜਣ ਕਾਰਨ ਸੜਕ ’ਤੇ ਚੱਲ ਰਹੇ ਲੋਕ ਘਬਰਾ ਜਾਂਦੇ ਹਨ ਅਤੇ ਹਾਦਸੇ ਦਾ ਖ਼ਤਰਾ ਵੀ ਵੱਧ ਜਾਂਦਾ ਹੈ। ਇਸ ਤੋਂ ਇਲਾਵਾ ਸ਼ਹਿਰ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਪ੍ਰੈਸ਼ਰ ਹਾਰਨਾਂ ਦਾ ਸ਼ੋਰ ਲੋਕਾਂ ਲਈ ਵੱਡੀ ਸਮੱਸਿਆ ਬਣਦਾ ਜਾ ਰਿਹਾ ਸੀ। ਡੀ.ਐਸ.ਪੀ ਕਰਮਵੀਰ ਸਿੰਘ ਤੂਰ ਨੇ ਕਿਹਾ ਕਿ ਪ੍ਰੈਸ਼ਰ ਹਾਰਨ ਦੀ ਵਰਤੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਹੈ ਅਤੇ ਇਸ ਮਾਮਲੇ ਵਿੱਚ ਪੁਲਿਸ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੇਗੀ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਉਲੰਘਣਾ ਕਰਨ ’ਤੇ 5 ਹਜ਼ਾਰ ਰੁਪਏ ਜੁਰਮਾਨਾ, ਦੂਜੀ ਵਾਰ 10 ਹਜ਼ਾਰ ਰੁਪਏ ਜੁਰਮਾਨਾ ਹੋ ਸਕਦਾ ਹੈ, ਜਦਕਿ ਤੀਜੀ ਵਾਰ ਵੀ ਇਹ ਗਲਤੀ ਕਰਨ ਵਾਲੇ ਵਾਹਨ ਚਾਲਕ ਦਾ ਡਰਾਈਵਿੰਗ ਲਾਇਸੈਂਸ ਰੱਦ ਵੀ ਹੋ ਸਕਦਾ ਹੈ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਵੱਲੋਂ ਟਰੈਫਿਕ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਲਗਾਤਾਰ ਉਪਰਾਲਿਆਂ ਦੀ ਲੋਕਾਂ ਵੱਲੋਂ ਵੀ ਸ਼ਲਾਘਾ ਕੀਤੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਮੁਹਿੰਮ ਦਾ ਮਕਸਦ ਸਿਰਫ਼ ਚਲਾਨ ਕੱਟਣਾ ਨਹੀਂ, ਬਲਕਿ ਵਾਹਨ ਚਾਲਕਾਂ ਨੂੰ ਨਿਯਮਾਂ ਦੀ ਪਾਲਣਾ ਲਈ ਜਾਗਰੂਕ ਕਰਨਾ ਅਤੇ ਸੜਕਾਂ ’ਤੇ ਸ਼ਾਂਤਮਈ ਤੇ ਸੁਰੱਖਿਅਤ ਮਾਹੌਲ ਬਣਾਉਣਾ ਹੈ। ਐਸ.ਐਸ.ਪੀ ਦੀ ਅਗਵਾਈ ਹੇਠ ਟਰੈਫਿਕ ਪੁਲਿਸ ਵੱਲੋਂ ਕੀਤੀ ਜਾ ਰਹੀ ਇਹ ਸਖ਼ਤੀ ਆਮ ਲੋਕਾਂ ਲਈ ਰਾਹਤ ਦਾ ਕਾਰਨ ਬਣ ਰਹੀ ਹੈ।

# 31 ਸਾਲ ਗੁਰਦੁਆਰਾ ਸਾਹਿਬ ਦੀ ਨਿਸ਼ਕਾਮ ਸੇਵਾ ਉਪਰੰਤ ਬਾਬਾ ਨਿੰਦਰ ਸਿੰਘ ਨੂੰ ਸੰਗਤ ਵੱਲੋਂ ਸਤਿਕਾਰ ਭੇਟ

Desi Punjab YouTube www.desipunjab.in

ਬਟਾਲਾ, 11 ਸਤੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ): ਪਿੰਡ ਜੌੜਾ ਸਿੰਘਾ ਦੇ ਗੁਰਦੁਆਰਾ ਚੜ੍ਹਦੀ ਪੱਤੀ ਵਿਖੇ ਲੰਮੇ ਸਮੇਂ ਤੋਂ ਗੁਰੂ ਘਰ ਦੀ ਨਿਸ਼ਕਾਮ ਸੇਵਾ ਨਿਭਾਉਂਦੇ ਆ ਰਹੇ ਬਾਬਾ ਨਿੰਦਰ ਸਿੰਘ ਦੀ ਸੇਵਾ ਮੁਕਤੀ ਮੌਕੇ ਸਮੁੱਚੀ ਸੰਗਤ ਵੱਲੋਂ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੰਗਤ ਨੇ ਉਨ੍ਹਾਂ ਵੱਲੋਂ ਲਗਾਤਾਰ 31 ਸਾਲ ਗੁਰੂ ਘਰ ਵਿੱਚ ਮੁੱਖ ਗ੍ਰੰਥੀ ਵਜੋਂ ਨਿਭਾਈ ਸੇਵਾ ਨੂੰ ਯਾਦ ਕਰਦਿਆਂ ਉਨ੍ਹਾਂ ਪ੍ਰਤੀ ਆਪਣੀ ਸ਼ਰਧਾ, ਸਤਿਕਾਰ ਅਤੇ ਕ੍ਰਿਤਜਤਾ ਦਾ ਪ੍ਰਗਟਾਵਾ ਕੀਤਾ।ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਗੁਰੂ ਸਾਹਿਬ ਪ੍ਰਤੀ ਅਰਦਾਸ ਉਪਰੰਤ ਸੰਗਤ ਵੱਲੋਂ ਬਾਬਾ ਨਿੰਦਰ ਸਿੰਘ ਨੂੰ ਸਿਰੋਪਾਓ, ਸ੍ਰੀ ਸਾਹਿਬ ਅਤੇ ਹੋਰ ਸਤਿਕਾਰ ਸਹਿਤ ਤੋਹਫ਼ੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਤ ਨੇ ਕਿਹਾ ਕਿ ਗੁਰੂ ਘਰ ਦੀ ਸੇਵਾ ਕੋਈ ਆਮ ਜ਼ਿੰਮੇਵਾਰੀ ਨਹੀਂ, ਸਗੋਂ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਮਹਾਨ ਸੇਵਾ ਹੈ, ਜਿਸ ਨੂੰ ਬਾਬਾ ਨਿੰਦਰ ਸਿੰਘ ਨੇ ਪੂਰੀ ਸ਼ਰਧਾ, ਨਿਮਰਤਾ ਅਤੇ ਤਨਦੇਹੀ ਨਾਲ ਨਿਭਾਇਆ।ਸਾਬਕਾ ਸਰਪੰਚ ਸੂਬਾ ਸਿੰਘ ਜੌੜਾ ਨੇ ਕਿਹਾ ਕਿ ਬਾਬਾ ਨਿੰਦਰ ਸਿੰਘ ਵੱਲੋਂ ਤਿੰਨ ਦਹਾਕਿਆਂ ਤੋਂ ਵੀ ਵੱਧ ਸਮੇਂ ਤੱਕ ਗੁਰੂ ਘਰ ਦੀ ਕੀਤੀ ਨਿਸ਼ਕਾਮ ਸੇਵਾ ਆਪਣੇ ਆਪ ਵਿੱਚ ਇੱਕ ਵੱਡੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀ ਨੇ ਹਰ ਸੁਖ-ਦੁੱਖ ਦੇ ਮੌਕੇ ਸੰਗਤ ਨਾਲ ਜੁੜ ਕੇ ਗੁਰੂ ਘਰ ਦੀ ਮਰਯਾਦਾ ਅਤੇ ਸੇਵਾ-ਭਾਵਨਾ ਨੂੰ ਪਹਿਲ ਦਿੱਤੀ। ਉਨ੍ਹਾਂ ਦੀ ਸਾਦਗੀ, ਨਿਮਰਤਾ ਅਤੇ ਗੁਰਬਾਣੀ ਪ੍ਰਤੀ ਸਮਰਪਣ ਹਮੇਸ਼ਾ ਸੰਗਤ ਲਈ ਪ੍ਰੇਰਣਾ ਦਾ ਸਰੋਤ ਬਣਿਆ ਰਹੇਗਾ।ਇਸ ਮੌਕੇ ਬਾਬਾ ਤਰਨਜੀਤ ਸਿੰਘ ਨਿੱਕੇ ਘੁੰਮਣਾ ਵਾਲੇ, ਬਾਬਾ ਮੇਜਰ ਸਿੰਘ ਕਾਰ ਸੇਵਾ ਵਾਲੇ ਗੁਰਦੁਆਰਾ ਹੋਠੀਆਂ ਸਾਹਿਬ, ਬਾਬਾ ਸੰਤੋਖ ਸਿੰਘ, ਬਾਬਾ ਮਾਲਕ ਸਿੰਘ, ਬਾਬਾ ਪਰਲੋਕ ਸਿੰਘ, ਨਿਸ਼ਾਨ ਸਿੰਘ, ਸਰਪੰਚ ਗੁਰਜੀਤ ਸਿੰਘ ਕੀਤੂ, ਡਾ. ਮੁਖਤਾਰ ਸਿੰਘ, ਹਰਦਿਆਲ ਸਿੰਘ, ਜਗਦੀਪ ਸਿੰਘ ਜੱਗਾ, ਪ੍ਰਧਾਨ ਹਰਦੀਪ ਸਿੰਘ, ਗੁਰਬਲਵਿੰਦਰ ਸਿੰਘ, ਬਾਵਾ ਸਿੰਘ ਪ੍ਰੇਮੀ, ਗੁਰਅਰਪਣ ਸਿੰਘ ਸੰਘਾ, ਕਸ਼ਮੀਰ ਸਿੰਘ, ਸੋਹਣ ਸਿੰਘ ਨਿਹੰਗ, ਸੁੱਖਾ ਸਿੰਘ, ਇੰਦਰਜੀਤ ਸਿੰਘ ਗ੍ਰੰਥੀ, ਸ਼ਰਨਜੀਤ ਕੌਰ, ਹਰਦੀਪ ਸਿੰਘ, ਜਤਿੰਦਰਪਾਲ ਸਿੰਘ, ਦਲਜੀਤ ਸਿੰਘ ਸ਼ਾਹ, ਸਰਜੀਤ ਸਿੰਘ ਸ਼ਾਹ, ਅਮਰੀਕ ਸਿੰਘ, ਪਰਮਜੀਤ ਸਿੰਘ, ਜਰਨੈਲ ਸਿੰਘ, ਕੈਪਟਨ ਬਲਵਿੰਦਰ ਸਿੰਘ, ਬੂਟਾ ਸਿੰਘ, ਗੁਰਜੰਟ ਸਿੰਘ, ਜਗਦੀਪ ਸਿੰਘ ਗਿੱਲ, ਪਾਲ ਸਿੰਘ, ਬਲਹਾਰ ਸਿੰਘ ਫ਼ੌਜੀ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਪਿੰਡ ਵਾਸੀ ਹਾਜ਼ਰ ਸਨ।ਸਮਾਗਮ ਦੌਰਾਨ ਸੰਗਤ ਵੱਲੋਂ ਬਾਬਾ ਨਿੰਦਰ ਸਿੰਘ ਦੀ ਲੰਮੀ ਸੇਵਾ ਲਈ ਧੰਨਵਾਦ ਕਰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾ, ਤੰਦਰੁਸਤੀ ਅਤੇ ਲੰਮੀ ਉਮਰ ਲਈ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਗਈ। ਇਸ ਮੌਕੇ ਮਾਹੌਲ ਪੂਰੀ ਤਰ੍ਹਾਂ ਗੁਰਮਤਿ ਰੰਗ ਵਿੱਚ ਰੰਗਿਆ ਹੋਇਆ ਸੀ ਅਤੇ ਸੰਗਤ ਨੇ ਬਾਬਾ ਜੀ ਨੂੰ ਸਤਿਕਾਰ ਸਹਿਤ ਵਿਦਾਇਗੀ ਦਿੰਦਿਆਂ ਉਨ੍ਹਾਂ ਦੀਆਂ ਗੁਰੂ ਘਰ ਪ੍ਰਤੀ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਣ ਦਾ ਪ੍ਰਗਟਾਵਾ



# ਸਾਰਾਗੜ੍ਹੀ ਦੀ ਜੰਗ 21 ਸਿੱਖ ਜਵਾਨਾਂ ਦੀ ਅਗਵਾਈ ਹਵਾਲਦਾਰ ਈਸ਼ਰ ਸਿੰਘ ਨੇ ਕੀਤੀ ਸੀ।

Desi Punjab YouTube www.desipunjab.in

12 ਸਤੰਬਰ 1897 ਨੂੰ ਸਵੇਰੇ 8 ਵਜੇ ਸਾਰਾਗੜ੍ਹੀ ਕਿਲ੍ਹੇ ਦੇ ਸੰਤਰੀ ਨੇ ਦੌੜ ਕੇ ਅੰਦਰ ਖ਼ਬਰ ਦਿੱਤੀ ਕਿ ਹਜ਼ਾਰਾਂ ਪਠਾਣਾਂ ਦਾ ਇੱਕ ਲਸ਼ਕਰ ਝੰਡਿਆਂ ਅਤੇ ਨੇਜ਼ਿਆਂ (ਨਿਸ਼ਾਨ) ਦੇ ਨਾਲ ਉੱਤਰ ਵੱਲੋਂ ਸਾਰਾਗੜ੍ਹੀ ਕਿਲ੍ਹੇ ਵੱਲ ਵਧ ਰਿਹਾ ਹੈ। ਉਨ੍ਹਾਂ ਦੀ ਗਿਣਤੀ 8 ਹਜ਼ਾਰ ਤੋਂ 14 ਹਜ਼ਾਰ ਵਿਚਾਲੇ ਸੀ।ਸੰਤਰੀ ਨੂੰ ਫੌਰਨ ਅੰਦਰ ਲਿਆ ਗਿਆ ਅਤੇ ਸੈਨਿਕਾਂ ਦੀ ਅਗਵਾਈ ਕਰ ਰਹੇ ਹਵਲਦਾਰ ਈਸ਼ਰ ਸਿੰਘ ਨੇ ਸਿਗਨਲ ਮੈਨ ਗੁਰਮੁਖ ਸਿੰਘ ਨੂੰ ਆਦੇਸ਼ ਦਿੱਤਾ ਕਿ ਨੇੜੇ ਦੇ ਕਿਲ੍ਹੇ ਲੋਕਹਾਰਟ `ਚ ਤਾਇਨਾਤ ਅੰਗਰੇਜ਼ ਅਧਿਕਾਰੀਆਂ ਨੂੰ ਤੁਰੰਤ ਹਾਲਾਤ ਤੋਂ ਜਾਣੂ ਕਰਵਾਇਆ ਜਾਵੇ ਅਤੇ ਉਨ੍ਹਾਂ ਕੋਲੋਂ ਪੁੱਛਿਆ ਜਾਵੇ ਕਿ ਉਨ੍ਹਾਂ ਲਈ ਕੀ ਹੁਕਮ ਹੈ?ਕਰਨਲ ਹਾਟਨ ਨੇ ਹੁਕਮ ਦਿੱਤਾ, "ਹੋਲਡ ਯੋਰ ਪੋਜ਼ੀਸ਼ਨ", ਯਾਨਿ ਆਪਣੀ ਥਾਂ `ਤੇ ਡਟੇ ਰਹੋ। ਇੱਕ ਘੰਟੇ ਅੰਦਰ ਕਿਲ੍ਹੇ ਨੂੰ ਤਿੰਨਾਂ ਪਾਸਿਓਂ ਘੇਰ ਲਿਆ ਗਿਆ ਅਤੇ ਓਰਕਜ਼ਈਆਂ ਦਾ ਇੱਕ ਸੈਨਿਕ ਹੱਥ `ਚ ਚਿੱਟਾ ਝੰਡਾ ਲਈ ਕਿਲ੍ਹੇ ਵੱਲ ਵਧਿਆ।ਉਸ ਨੇ ਚੀਕ ਕੇ ਕਿਹਾ, "ਸਾਡੀ ਤੁਹਾਡੇ ਨਾਲ ਕੋਈ ਜੰਗ ਨਹੀਂ ਹੈ। ਸਾਡੀ ਜੰਗ ਅੰਗਰੇਜ਼ਾਂ ਨਾਲ ਹੈ। ਤੁਸੀਂ ਗਿਣਤੀ ਵਿੱਚ ਬਹੁਤ ਘੱਟ ਹੋ, ਮਾਰੇ ਜਾਓਗੇ। ਸਾਡੇ ਸਾਹਮਣੇ ਹਥਿਆਰ ਸੁੱਟ ਦਿਓ। ਅਸੀਂ ਤੁਹਾਡਾ ਖ਼ਿਆਲ ਰੱਖਾਂਗੇ ਅਤੇ ਤੁਹਾਨੂੰ ਇੱਥੋਂ ਸੁਰੱਖਿਅਤ ਨਿਕਲਣ ਦਾ ਰਸਤਾ ਦੇਵਾਂਗੇ।"ਬਾਅਦ `ਚ ਬ੍ਰਿਟਿਸ਼ ਫੌਜ਼ ਦੇ ਮੇਜਰ ਜਨਰਲ ਜੈਮਸ ਲੰਟ ਨੇ ਇਸ ਜੰਗ ਬਾਰੇ ਦੱਸਦੇ ਹੋਏ ਲਿਖਿਆ, "ਈਸ਼ਰ ਸਿੰਘ ਨੇ ਇਸ ਪੇਸ਼ਕਸ਼ ਦਾ ਜਵਾਬ ਓਰਕਜ਼ਈਆਂ ਦੀ ਹੀ ਭਾਸ਼ਾ ਪਸ਼ਤੋ ਵਿੱਚ ਦਿੱਤਾ।" "ਉਨ੍ਹਾਂ ਦੀ ਭਾਸ਼ਾ ਨਾ ਸਿਰਫ਼ ਸਖ਼ਤ ਸੀ ਬਲਕਿ ਗਾਲ੍ਹਾਂ ਨਾਲ ਭਰੀ ਹੋਈ ਸੀ। ਉਨ੍ਹਾਂ ਨੇ ਕਿਹਾ ਕਿ ਇਹ ਅੰਗਰੇਜ਼ਾਂ ਦੀ ਨਹੀਂ ਮਹਾਰਾਜਾ ਰਣਜੀਤ ਸਿੰਘ ਦੀ ਜ਼ਮੀਨ ਹੈ ਅਤੇ ਅਸੀਂ ਇਸ ਦੀ ਆਖ਼ਰੀ ਸਾਹ ਤੱਕ ਰੱਖਿਆ ਕਰਾਂਗੇ।"ਕਿਉਂ ਹੋਈ ਸੀ ਸਾਰਾਗੜ੍ਹੀ ਦੀ ਜੰਗ......ਸਾਰਾਗੜ੍ਹੀ ਦਾ ਕਿਲ੍ਹਾ ਪਾਕਿਸਤਾਨ ਦੇ ਉੱਤਰ ਪੱਛਮੀ ਸਰਹੱਦੀ ਖੇਤਰ ਕੋਹਾਟ ਜਿਲ੍ਹੇ `ਚ ਕਰੀਬ 6 ਹਜ਼ਾਰ ਫੁੱਟ ਦੀ ਉਚਾਈ `ਤੇ ਹੈ। ਇਹ ਉਹ ਇਲਾਕਾ ਹੈ ਜਿੱਥੇ ਰਹਿਣ ਵਾਲੇ ਲੋਕਾਂ `ਤੇ ਅੱਜ ਤੱਕ ਕਿਸੇ ਸਰਕਾਰ ਦਾ ਰਾਜ਼ ਨਹੀਂ ਹੋ ਸਕਿਆ। 1880 ਦੇ ਦਹਾਕੇ ਵਿੱਚ ਅੰਗਰੇਜ਼ਾਂ ਨੇ ਇੱਥੇ ਤਿੰਨ ਚੌਂਕੀਆਂ ਬਣਾਈਆਂ, ਜਿਸ ਦਾ ਸਥਾਨਕ ਓਰਕਜ਼ਈ ਲੋਕਾਂ ਨੇ ਵਿਰੋਧ ਕੀਤਾ ਜਿਸ ਕਾਰਨ ਅੰਗਰੇਜ਼ਾਂ ਨੂੰ ਉਹ ਚੌਂਕੀਆਂ ਖਾਲੀ ਕਰਨੀਆਂ ਪਈਆਂ ਸਨ।1891 ਵਿੱਚ ਅੰਗਰੇਜ਼ਾਂ ਨੇ ਉੱਥੇ ਮੁੜ ਤੋਂ ਮੁਹਿੰਮ ਚਲਾਈ, ਰਬੀਆ ਖੇਡ ਨਾਲ ਉਨ੍ਹਾਂ ਦਾ ਸਮਝੌਤਾ ਹੋਇਆ ਤੇ ਉਨ੍ਹਾਂ ਨੂੰ ਗੁਲਿਸਤਾਂ, ਲੌਂਕਹਾਰਟ ਅਤੇ ਸਾਰਾਗੜ੍ਹੀ `ਚ ਤਿੰਨ ਛੋਟੇ ਕਿਲ੍ਹੇ ਬਣਾਉਣ ਦੀ ਮਨਜ਼ੂਰੀ ਮਿਲ ਗਈ। ਪਰ ਸਥਾਨਕ ਓਰਕਜ਼ਈ ਲੋਕਾਂ ਨੇ ਇਸ ਨੂੰ ਕਦੇ ਪਸੰਦ ਨਹੀਂ ਕੀਤਾ। ਉਹ ਇਨ੍ਹਾਂ ਟਿਕਾਣਿਆਂ `ਤੇ ਲਗਾਤਾਰ ਹਮਲੇ ਕਰਦੇ ਰਹੇ ਤਾਂ ਜੋ ਅੰਗਰੇਜ਼ ਉਥੋਂ ਭੱਜ ਜਾਣ।3 ਸਤੰਬਰ 1897 ਨੂੰ ਪਠਾਣਾਂ ਦੇ ਵੱਡੇ ਲਸ਼ਕਰ ਨੇ ਇਨ੍ਹਾਂ ਤਿੰਨਾਂ ਕਿਲ੍ਹਿਆਂ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਪਰ ਕਰਨਲ ਹਾਟਨ ਨੇ ਕਿਸੇ ਤਰ੍ਹਾਂ ਹਾਲਾਤ ਨੂੰ ਸੰਭਾਲ ਲਿਆ। ਪਰ 12 ਸਤੰਬਰ ਨੂੰ ਓਰਕਜ਼ਈਆਂ ਨੇ ਗੁਲਿਸਤਾਂ, ਲੌਂਕਹਾਰਟ ਅਤੇ ਸਾਰਾਗੜ੍ਹੀ ਤਿੰਨ੍ਹਾਂ ਕਿਲ੍ਹਿਆਂ ਨੂੰ ਘੇਰ ਲਿਆ ਅਤੇ ਲੌਂਕਹਾਰਟ ਤੇ ਗੁਲਿਸਤਾਂ ਨੂੰ ਸਾਰਾਗੜ੍ਹੀ ਤੋਂ ਵੱਖ ਕਰ ਦਿੱਤਾ।ਫਾਇਰਿੰਗ ਰੇਂਜ....ਓਰਕਜ਼ਈਆਂ ਦਾ ਪਹਿਲਾਂ ਫਾਇਰ ਠੀਕ 9 ਵਜੇ ਆਇਆ। ਸਾਰਾਗੜ੍ਹੀ ਜੰਗ ਤੇ ਪ੍ਰਸਿੱਧ ਕਿਤਾਬ `ਦਿ ਆਈਕਨ ਬੈਟਲ ਆਫ ਸਾਰਾਗੜ੍ਹੀ ਲਿਖਣ ਵਾਲੇ ਬ੍ਰਿਗੇਡੀਅਰ ਕੰਵਲਜੀਤ ਸਿੰਘ ਦੱਸਦੇ ਹਨ, "ਹਵਲਦਾਰ ਈਸ਼ਰ ਸਿੰਘ ਨੇ ਆਪਣੇ ਜਵਾਨਾਂ ਨੂੰ ਆਦੇਸ਼ ਦਿੱਤਾ ਕਿ ਗੋਲੀ ਨਾ ਚਲਾਈ ਜਾਵੇ ਅਤੇ ਪਠਾਨਾਂ ਨੂੰ ਅੱਗੇ ਆਉਣ ਦਿੱਤਾ ਜਾਵੇ।" "ਉਨ੍ਹਾਂ ਤੇ ਉਦੋਂ ਗੋਲੀਬਾਰੀ ਕੀਤੀ ਜਦੋਂ ਉਹ 1000 ਗਜ਼ ਯਾਨੀ ਉਨ੍ਹਾਂ ਦੀ `ਫਾਇਰਿੰਗ ਰੇਂਜ `ਚ ਆ ਜਾਣ।""ਸਿੱਖ ਜਵਾਨਾਂ ਕੋਲ ਸਿੰਗਲ ਸ਼ੌਟ ਮਾਰਟਿਨੀ ਹੇਨਰੀ .303 ਰਾਈਫਲਾਂ ਸਨ, ਜੋ ਇੱਕ ਮਿੰਟ ਵਿੱਚ 10 ਰਾਊਂਡ ਫਾਇਰ ਕਰ ਸਕਦੀ ਸੀ। ਹਰੇਕ ਸੈਨਿਕ ਕੋਲ 400 ਗੋਲੀਆਂ ਸਨ, 100 ਉਨ੍ਹਾਂ ਦੀਆਂ ਜੇਬਾਂ ਵਿੱਚ ਅਤੇ 300 ਰਿਜ਼ਰਵ ਵਿੱਚ।""ਉਨ੍ਹਾਂ ਨੇ ਪਠਾਣਾਂ ਨੂੰ ਆਪਣੀਆਂ ਰਾਈਫਲਾਂ ਦੀ ਰੇਂਜ `ਚ ਆਉਣ ਦਿੱਤਾ ਅਤੇ ਫਿਰ ਉਨ੍ਹਾਂ ਨੂੰ ਚੁਣ-ਚੁਣ ਕੇ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ।"ਪਠਾਣਾਂ ਦਾ ਪਹਿਲਾ ਹਮਲਾ ਅਸਫ਼ਲ ਰਿਹਾ...ਪਹਿਲੇ ਇੱਕ ਘੰਟੇ `ਚ ਹੀ ਪਠਾਨਾਂ ਦੇ 60 ਸੈਨਿਕ ਮਾਰੇ ਗਏ ਸਨ ਅਤੇ ਸਿੱਖਾਂ ਵੱਲੋਂ ਸਿਪਾਹੀ ਭਗਵਾਨ ਸਿੰਘ ਦੀ ਮੌਤ ਹੋ ਗਈ ਸੀ ਅਤੇ ਨਾਇਕ ਲਾਲ ਸਿੰਘ ਬੁਰੀ ਤਰ੍ਹਾਂ ਜਖ਼ਮੀ ਹੋ ਗਏ ਸਨ। ਪਠਾਣਾਂ ਦਾ ਪਹਿਲਾ ਹਮਲਾ ਅਸਫ਼ਲ ਹੋ ਗਿਆ, ਉਹ ਬਿਨਾਂ ਕਿਸੇ ਮਕਸਦ ਦੇ ਇਧਰ-ਉਧਰ ਦੌੜਣ ਲੱਗੇ ਪਰ ਉਨ੍ਹਾਂ ਨੇ ਸਿੱਖਾਂ `ਤੇ ਗੋਲੀ ਚਲਾਉਣੀ ਬੰਦ ਨਹੀਂ ਕੀਤੀ।ਸਿੱਖ ਵੀ ਉਨ੍ਹਾਂ ਦਾ ਮੂੰਹ ਤੋੜ ਜਵਾਬ ਦੇ ਰਹੇ ਸਨ ਪਰ ਹਜ਼ਾਰਾਂ ਫਾਇਰ ਕਰਦਿਆਂ ਹੋਇਆ ਪਠਾਨਾਂ ਦੇ ਸਾਹਮਣੇ 21 ਰਾਇਫਲਾਂ ਦੀ ਕੀ ਪੇਸ਼ ਸੀ? ਅਤੇ ਫਿਰ ਕਿੰਨੇ ਸਮੇਂ ਤੱਕ?ਪਠਾਣਾਂ ਨੇ ਘਾਹ `ਚ ਲਗਾਈ ਅੱਗ....ਉਦੋਂ ਉੱਤਰ ਵੱਲੋਂ ਚੱਲਣ ਵਾਲੀਆਂ ਤੇਜ਼ ਹਵਾਵਾਂ ਨਾਲ ਪਠਾਣਾਂ ਨੂੰ ਬਹੁਤ ਮਦਦ ਮਿਲ ਗਈ। ਉਨ੍ਹਾਂ ਨੇ ਘਾਹ `ਚ ਅੱਗ ਲਗਾ ਦਿੱਤੀ ਅਤੇ ਉਨ੍ਹਾਂ ਦੀਆਂ ਲਪਟਾਂ ਕਿਲ੍ਹੇ ਦੀਆਂ ਕੰਧਾਂ ਵੱਲ ਵਧਣ ਲਗੀਆਂ। ਧੂੰਏ ਦਾ ਸਹਾਰਾ ਲੈਂਦਿਆਂ ਹੋਇਆਂ ਪਠਾਣ ਕਿਲ੍ਹੇ ਦੀਆਂ ਕੰਧਾਂ ਕੋਲ ਆ ਗਏ ਪਰ ਸਿੱਖਾਂ ਵੱਲੋਂ ਨਿਸ਼ਾਨਾ ਲਾ ਕੇ ਕੀਤੀ ਜਾ ਰਹੀ ਸਟੀਕ ਫਾਇਰਿੰਗ ਕਾਰਨ ਉਨ੍ਹਾਂ ਨੂੰ ਪਿੱਛੇ ਹਟਨਾ ਪਿਆ। ਉਸ ਵਿਚਾਲੇ ਸਿੱਖ ਖੇਮੇ ਵਿੱਚ ਵੀ ਜਖ਼ਮੀਆਂ ਦੀ ਗਿਣਤੀ ਵਧਦੀ ਜਾ ਰਹੀ ਸੀ। ਸਿਪਾਹੀ ਬੂਟਾ ਸਿੰਘ ਅਤੇ ਸੁੰਦਰ ਸਿੰਘ ਦੀ ਮੌਤ ਹੋ ਚੁੱਕੀ ਸੀ।ਗੋਲੀਆਂ ਬਚਾ ਕੇ ਰੱਖਣ ਦਾ ਆਦੇਸ਼....ਸਿਗਨਲ ਮੈਨ ਗੁਰਮੁਖ ਸਿੰਘ ਲਗਾਤਾਰ ਕਰਨਲ ਹਾਟਨ ਨੂੰ ਸੰਕੇਤਕ ਭਾਸ਼ਾ ਵਿੱਚ ਦੱਸ ਰਹੇ ਸਨ ਕਿ ਪਠਾਣ ਇੱਕ ਹੋਰ ਹਮਲਾ ਕਰਨ ਦੀ ਤਿਆਰੀ ਕਰ ਰਹੇ ਹਨ ਅਤੇ ਸਾਡੀ ਗੋਲੀਆਂ ਖ਼ਤਮ ਹੋ ਰਹੀਆਂ ਹਨ।ਕਰਨਲ ਨੇ ਜਵਾਬ ਦਿੱਤਾ, "ਅੰਨ੍ਹੇਵਾਹ ਗੋਲੀਆਂ ਨਾ ਚਲਾਈਆਂ ਜਾਣ। ਜਦੋਂ ਤੁਸੀਂ ਬਿਲਕੁਲ ਨਿਸ਼ਚਿਤ ਹੋਵੋ ਕਿ ਗੋਲੀ ਦੁਸ਼ਮਣ ਨੂੰ ਲੱਗੇਗੀ, ਤਾਂ ਹੀ ਗੋਲੀਆਂ ਚਲਾਈਆਂ ਜਾਣ। ਅਸੀਂ ਕੋਸ਼ਿਸ਼ ਕਰ ਰਹੇ ਹਨ ਕਿ ਕਿਸੇ ਤਰ੍ਹਾਂ ਕੁਝ ਮਦਦ ਤੁਹਾਡੇ ਤੱਕ ਪਹੁੰਚਾਈ ਜਾਵੇ।"ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਆਪਣੀ ਕਿਤਾਬ ਸਾਰਾਗੜ੍ਹੀ ਐਂਡ ਦਿ ਡਿਫੈਂਸ ਆਫ ਦਿ ਸਾਮਨਾ ਫੋਰਟ ਵਿੱਚ ਲਿਖਦੇ ਹਨ, "ਲੌਂਕਹਾਰਟ ਕਿਲ੍ਹੇ ਨਾਲ ਰਾਇਲ ਆਇਰਿਸ਼ ਰਾਇਫਲ ਦੇ 13 ਜਵਾਨਾਂ ਨੇ ਅੱਗੇ ਵੱਧ ਕੇ ਸਾਰਾਗੜ੍ਹੀ `ਤੇ ਮੌਜੂਦ ਜਵਾਨਾਂ ਦੀ ਮਦਦ ਕਰਨ ਬਾਰੇ ਸੋਚਿਆ।""ਪਰ ਉਨ੍ਹਾਂ ਨੂੰ ਤੁਰੰਤ ਅਹਿਸਾਸ ਹੋ ਗਿਆ ਕਿ ਉਨ੍ਹਾਂ ਦੀ ਗਿਣਤੀ ਇੰਨੀ ਘੱਟ ਹੈ ਕਿ ਜੇਕਰ ਉਹ 1000 ਗਜ਼ ਦੀ ਦੂਰੀ ਤੋਂ ਵੀ ਫਾਇਰ ਕਰਣਗੇ ਤਾਂ ਪਠਾਨਾਂ `ਤੇ ਇਸ ਦਾ ਕੋਈ ਅਸਰ ਨਹੀਂ ਹੋਵੇਗਾ।""ਜੇਕਰ ਉਹ ਅਤੇ ਨੇੜੇ ਜਾਣਗੇ ਤਾਂ ਪਠਾਣਾਂ ਦੀ ਲੰਬੀਆਂ ਨਾਲਾਂ ਵਾਲੀਆਂ ਜਿਜ਼ੇਲ ਅਤੇ ਚੋਰੀ ਕੀਤੀਆਂ ਗਈਆਂ ਲੀ ਮੈਟਫੋਰਡ ਰਾਇਫਲਾਂ ਉਨ੍ਹਾਂ ਨੂੰ ਆਸਾਨੀ ਨਾਲ ਆਪਣਾ ਨਿਸ਼ਾਨਾ ਬਣਾ ਲੈਣਗੀਆਂ। ਉਹ ਵਾਪਸ ਆਪਣੇ ਕਿਲ੍ਹੇ ਵਿੱਚ ਪਰਤ ਆਏ।"ਪਠਾਨਾਂ ਨੇ ਕਿਲ੍ਹੇ ਦੀ ਕੰਧ `ਚ ਕੀਤੀ ਮੋਰੀ...ਇਹ ਸਭ ਹੋ ਰਿਹਾ ਸੀ ਕਿ ਦੋ ਪਠਾਣ ਮੁੱਖ ਕਿਲ੍ਹੇ ਦੇ ਸੱਜੇ ਹਿੱਸੇ ਦੀ ਕੰਧ ਦੇ ਠੀਕ ਹੇਠਾਂ ਪਹੁੰਚਣ ਵਿੱਚ ਸਫ਼ਲ ਹੋ ਗਏ।ਆਪਣੀਆਂ ਤੇਜ਼ ਛੁਰੀਆਂ ਨਾਲ ਉਨ੍ਹਾਂ ਨੇ ਕੰਧ ਦੀ ਨੀਂਹ ਅਤੇ ਹੇਠਾਂ ਦੇ ਪੱਥਰਾਂ ਦੇ ਪਲਾਸਟਰ ਨੂੰ ਪੁੱਟਣਾ ਸ਼ੁਰੂ ਕਰ ਦਿੱਤਾ।ਇਸ ਵਿਚਾਲੇ ਈਸ਼ਰ ਸਿੰਘ ਆਪਣੇ ਚਾਰ ਲੋਕਾਂ ਨੂੰ ਕਿਲ੍ਹੇ ਦੇ ਮੁੱਖ ਹਾਲ ਵਿੱਚ ਲੈ ਆਏ ਜਦਕਿ ਉਹ ਖ਼ੁਦ ਉਪਰੋਂ ਫਾਇਰਿੰਗ ਕਰਦੇ ਰਹੇ। ਪਰ ਪਠਾਨ ਕਿਲ੍ਹੇ ਦੀਆਂ ਕੰਧਾਂ ਦੇ ਹੇਠਲੇ ਹਿੱਸੇ `ਚ 7 ਫੁੱਟ ਵੱਡੀ ਮੋਰੀ ਕਰਨ ਵਿੱਚ ਸਫ਼ਲ ਰਹੇ।ਬ੍ਰਿਗੇਡੀਅਰ ਕੰਵਲਜੀਤ ਸਿੰਘ ਦੱਸਦੇ ਹਨ, "ਪਠਾਣਾਂ ਨੇ ਇੱਕ ਹੋਰ ਤਰਕੀਬ ਕੱਢੀ। ਉਨ੍ਹਾਂ ਨੇ ਮੰਜੀਆਂ ਨੂੰ ਆਪਣੇ ਸਿਰ `ਤੇ ਚੁੱਕਿਆ ਅਤੇ ਉਨ੍ਹਾਂ ਦੀ ਆੜ ਲੈ ਕੇ ਅੱਗੇ ਵਧੇ ਤਾਂ ਜੋ ਸਿੱਖ ਉਨ੍ਹਾਂ ਨੂੰ ਦੇਖ ਕੇ ਨਿਸ਼ਾਨਾ ਨਾ ਲਗਾ ਸਕਣ।""ਉਹ ਇੱਕ ਅਜਿਹੇ ਕੋਣ `ਤੇ ਪਹੁੰਚ ਗਏ ਜਿੱਥੇ ਕਿਲ੍ਹੇ ਉਪਰੋਂ ਉਨ੍ਹਾਂ ਨੂੰ ਮੋਰੀ ਕਰਦਿਆਂ ਕੋਈ ਦੇਖ ਨਹੀਂ ਸਕਦਾ ਸੀ, ਫੋਰਟ ਗੁਲਿਸਤਾਂ ਦੇ ਕਮਾਂਡਰ ਮੇਜਰ ਦੇ ਵੋਏ ਆਪਣੇ ਟਿਕਾਣੇ ਤੋਂ ਇਹ ਸਭ ਹੁੰਦਿਆਂ ਦੇਖ ਰਹੇ ਸਨ।""ਸਾਰਾਗੜ੍ਹੀ ਦੇ ਜਵਾਨਾਂ ਨੂੰ ਇਸ ਬਾਰੇ ਸਿਗਨਲ ਵੀ ਭੇਜੇ ਪਰ ਸਿਗਨਲ ਮੈਨ ਗੁਰਮੁਖ ਸਿੰਘ ਲੌਂਕਹਾਰਟ ਤੋਂ ਆ ਰਹੇ ਸਿਗਨਲਾਂ ਨੂੰ ਪੜ੍ਹਣ `ਚ ਮਸ਼ਰੂਫ ਸਨ, ਇਸ ਲਈ ਇਨ੍ਹਾਂ ਸਿਗਨਲਾਂ ਵੱਲ ਉਨ੍ਹਾਂ ਦਾ ਧਿਆਨ ਨਹੀਂ ਗਿਆ।"ਮਦਦ ਦੀਆਂ ਕੋਸ਼ਿਸ਼ਾਂ ਹੋਈਆਂ ਬੇਕਾਰ...ਲਾਂਸ ਨਾਇਕ ਚਾਂਦ ਸਿੰਘ ਦੇ ਨਾਲ ਮੁੱਖ ਬਲਾਕ ਚ ਤਾਇਨਾਤ ਤਿੰਨ ਜਵਾਨ ਸਾਹਿਬ ਸਿੰਘ, ਜੀਵਨ ਸਿੰਘ ਅਤੇ ਦਯਾ ਸਿੰਘ ਮਾਰੇ ਗਏ। ਜਦੋਂ ਚਾਂਦ ਸਿੰਘ ਇਕੱਲੇ ਰਹਿ ਗਏ ਤਾਂ ਈਸ਼ਰ ਸਿੰਘ ਅਤੇ ਉਨ੍ਹਾਂ ਦੇ ਬਾਕੀ ਸਾਥੀ ਆਪਣੀ ਰੱਖਿਆ `ਪੋਜ਼ੀਸ਼ਨ ਨੂੰ ਛੱਡ ਕੇ ਉਨ੍ਹਾਂ ਦੇ ਕੋਲ ਮੁੱਖ ਬਲਾਕ ਵਿੱਚ ਆ ਗਏ।ਈਸ਼ਰ ਸਿੰਘ ਨੇ ਹੁਕਮ ਦਿੱਤਾ ਕਿ ਉਹ ਆਪਣੀ ਰਾਇਫਲਾਂ `ਚ ਸੰਗੀਨ ਲਗਾ ਲੈਣ। ਜੋ ਵੀ ਪਠਾਨ ਉਸ ਮੋਰੀ ਵਿਚੋਂ ਅੰਦਰ ਆਇਆ, ਉਸ `ਤੇ ਰਾਇਫਲਾਂ ਨਾਲ ਜਾਂ ਤਾਂ ਸਟੀਕ ਨਿਸ਼ਾਨਾ ਲਗਾਇਆ ਗਿਆ ਜਾਂ ਉਨ੍ਹਾਂ ਨੂੰ ਸੰਗੀਨ ਮਾਰ ਦਿੱਤੀ ਗਈ।ਪਰ ਬਾਹਰ ਕੌਨਿਆਂ `ਤੇ ਕੋਈ ਸਿੱਖ ਤਾਇਨਾਤ ਨਾ ਹੋਣ ਕਾਰਨ ਪਠਾਣ ਬਾਂਸ ਦੀਆਂ ਬਣੀਆਂ ਪੌੜੀਆਂ ਤੋਂ ਉਪਰ ਚੜ੍ਹ ਆਏ।ਕੈਪਟਨ ਅਮਰਿੰਦਰ ਸਿੰਘ ਲਿਖਦੇ ਹਨ, "ਉਸ ਇਲਾਕੇ `ਚ ਹਜ਼ਾਰਾਂ ਪਠਾਣਾਂ ਦੇ ਵਧਣ ਦੇ ਬਾਵਜੂਦ ਲੈਫਟੀਨੈਂਟ ਮਨ ਅਤੇ ਕਰਨਲ ਹਾਟਨ ਨੇ ਇੱਕ ਵਾਰ ਫਿਰ 78 ਸੈਨਿਕਾਂ ਦੇ ਨਾਲ ਸਾਰਾਗੜ੍ਹੀ `ਚ ਘਿਰ ਚੁੱਕੇ ਆਪਣੇ ਸਾਥੀਆਂ ਦੀ ਮਦਦ ਲਈ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ, ਤਾਂ ਜੋ ਪਠਾਣਾਂ ਦਾ ਧਿਆਨ ਭੰਗ ਹੋ ਜਾਵੇ।""ਜਦੋਂ ਉਹ ਕਿਲ੍ਹੇ ਤੋਂ ਸਿਰਫ਼ 500 ਮੀਟਰ ਦੂਰ ਸਨ ਤਾਂ ਉਨ੍ਹਾਂ ਨੇ ਦੇਖਿਆ ਕਿ ਪਠਾਣ ਕਿਲ੍ਹੇ ਦੀ ਕੰਧ ਲੰਘ ਚੁੱਕੇ ਸਨ ਅਤੇ ਕਿਲ੍ਹੇ ਦੇ ਮੁੱਖ ਦਰਵਾਜ਼ੇ ਵਿੱਚ ਅੱਗ ਲੱਗੀ ਹੋਈ ਹੈ। ਹਾਟਨ ਨੂੰ ਅੰਦਾਜ਼ਾ ਹੋ ਗਿਆ ਹੁਣ ਸਾਰਾਗੜ੍ਹੀ ਘਿਰ ਗਿਆ ਹੈ।"ਗੁਰਮੁਖ ਸਿੰਘ ਦਾ ਆਖ਼ਰੀ ਸੰਦੇਸ਼...ਇਸ ਵਿਚਾਲੇ ਸਿਗਨਲ ਦੀ ਵਿਵਸਥਾ ਦੇਖ ਰਹੇ ਗੁਰਮੁਖ ਸਿੰਘ ਨੇ ਆਪਣਾ ਆਖ਼ਰੀ ਸੰਦੇਸ਼ ਭੇਜਿਆ ਕਿ ਪਠਾਣ ਮੁੱਖ ਬਲਾਕ ਤੱਕ ਆ ਗਏ ਹਨ।ਉਨ੍ਹਾਂ ਨੇ ਕਰਨਲ ਹਾਟਨ ਤੋਂ ਸਿਗਨਲ ਰੋਕਣ ਅਤੇ ਆਪਣੀ ਰਾਈਫਲ ਸੰਭਾਲਣ ਦੀ ਇਜ਼ਾਜਤ ਮੰਗੀ। ਕਰਨਲ ਨੇ ਆਪਣੇ ਆਖ਼ਰੀ ਸੰਦੇਸ਼ ਵਿੱਚ ਅਜਿਹਾ ਕਰਨ ਦੀ ਇਜਾਜ਼ਤ ਦੇ ਦਿੱਤੀ।ਗੁਰਮੁਖ ਸਿੰਘ ਨੇ ਆਪਣੇ ਹੇਲਿਓ ਨੂੰ ਇੱਕ ਪਾਸੇ ਰੱਖਿਆ, ਆਪਣੀ ਰਾਇਫਲ ਚੁੱਕੀ ਅਤੇ ਮੁੱਖ ਬਲਾਕ ਵਿੱਚ ਲੜਾਈ ਲੜ ਰਹੇ ਆਪਣੇ ਬਚੇ ਖੁਚੇ ਸਾਥੀਆਂ ਕੋਲ ਆ ਗਏ।ਉਦੋਂ ਤੱਕ ਈਸ਼ੇਰ ਸਿੰਘ ਸਮੇਤ ਸਿੱਖ ਟੁਕੜੀ ਦੇ ਵਧੇਰੇ ਜਵਾਨ ਮਾਰੇ ਗਏ ਸਨ। ਪਠਾਣਾਂ ਦੀਆਂ ਲਾਸ਼ਾਂ ਵੀ ਚਾਰੇ ਪਾਸੇ ਖਿੱਲਰੀਆਂ ਪਈਆਂ ਸਨ।ਉਨ੍ਹਾਂ ਵੱਲੋਂ ਬਣਾਈ ਗਈ ਮੋਰੀ ਅਤੇ ਸੜ੍ਹ ਚੁੱਕਿਆ ਮੁੱਖ ਗੇਟ ਪਠਾਣਾਂ ਦੀਆਂ ਲਾਸ਼ਾਂ ਨਾਲ ਭਰਿਆ ਪਿਆ ਸੀ। ਅਖੀਰ ਵਿੱਚ ਨਾਇਕ ਲਾਲ ਸਿੰਘ, ਗੁਰਮੁਖ ਸਿੰਘ ਅਤੇ ਇੱਕ ਅਸੈਨਿਕ ਦਾਦ ਬਚ ਗਏ।ਬੁਰੀ ਤਰ੍ਹਾਂ ਜ਼ਖ਼ਮੀ ਹੋਣ ਕਾਰਨ ਲਾਲ ਸਿੰਘ ਕੋਲੋਂ ਤੁਰਿਆ ਨਹੀਂ ਜਾ ਰਿਹਾ ਸੀ ਪਰ ਉਹ ਬੇਹੋਸ਼ ਨਹੀਂ ਹੋਏ ਸਨ ਅਤੇ ਇੱਕ ਥਾਂ ਉੱਤੇ ਡਿੱਗੇ ਹੋਏ ਹੀ ਪਠਾਨਾਂ ਉੱਤੇ ਗੋਲੀਆਂ ਚਲਾ ਰਹੇ ਸਨ।ਦਾਦ ਨੇ ਵੀ ਚੁੱਕੀ ਰਾਇਫਲ...ਬ੍ਰਿਟਿਸ਼ ਫੌਜ ਵਿੱਚ ਉਦੋਂ ਇੱਕ ਅਜੀਬ ਜਿਹਾ ਕਾਨੂੰਨ ਸੀ ਕਿ ਫੌਜ ਦੇ ਨਾਲ ਕੰਮ ਕਰ ਰਹੇ ਅਸੈਨਿਕ ਬੰਦੂਕ ਨਹੀਂ ਚੁੱਕਣਗੇ।ਦਾਦ ਦਾ ਕੰਮ ਸੀ ਜ਼ਖ਼ਮੀ ਹੋਏ ਲੋਕਾਂ ਦੀ ਦੇਖਭਾਲ ਕਰਨਾ, ਸਿਗਨਲ ਦੇ ਸੰਦੇਸ਼ ਲੈ ਕੇ ਆਉਣਾ, ਹਥਿਆਰਾਂ ਦੇ ਡੱਬੇ ਖੋਲ੍ਹਣਾ ਅਤੇ ਉਨ੍ਹਾਂ ਨੂੰ ਸੈਨਿਕਾਂ ਤੱਕ ਲੈ ਕੇ ਜਾਣਾ।ਜਦੋਂ ਅੰਤ ਕਰੀਬ ਆਉਣ ਲੱਗਾ ਤਾਂ ਦਾਦ ਨੇ ਵੀ ਰਾਇਫਲ ਚੁੱਕ ਲਈ ਅਤੇ ਮਰਨ ਤੋਂ ਪਹਿਲਾਂ ਉਨ੍ਹਾਂ ਨੇ 5 ਪਠਾਣਾਂ ਨੂੰ ਜਾਂ ਤਾਂ ਗੋਲੀ ਨਾਲ ਉਡਾਇਆ ਜਾਂ ਉਨ੍ਹਾਂ ਦੇ ਢਿੱਡ `ਚ ਸੰਗੀਨ ਮਾਰੀ।ਕੈਪਟਨ ਅਮਰਿੰਦਰ ਸਿੰਘ ਲਿਖਦੇ ਹਨ, "ਆਖ਼ਿਰ ਚ ਗੁਰਮੁਖ ਸਿੰਘ ਬਚੇ। ਉਨ੍ਹਾਂ ਨੇ ਉਸ ਥਾਂ ਜਾ ਕੇ `ਪੋਜ਼ੀਸ਼ਨ ਲਈ, ਜਿੱਥੇ ਜਵਾਨਾਂ ਦੇ ਸੋਣ ਲਈ ਕਮਰੇ ਸਨ।""ਗੁਰਮੁਖ ਨੇ ਇਕੱਲੇ ਗੋਲੀ ਚਲਾਉਂਦਿਆਂ ਹੋਇਆ ਘੱਟੋ-ਘੱਟ 20 ਪਠਾਣਾਂ ਨੂੰ ਮਾਰਿਆ। ਪਠਾਣਾਂ ਨੇ ਲੜਾਈ ਖ਼ਤਮ ਕਰਨ ਲਈ ਪੂਰੇ ਕਿਲ੍ਹੇ ਨੂੰ ਅੱਗ ਲਗਾ ਦਿੱਤੀ।""36 ਸਿੱਖ ਦੇ ਆਖ਼ਰੀ ਜਵਾਨ ਨੇ ਹਥਿਆਰ ਸੁੱਟਣ ਨਾਲੋਂ ਬਿਹਤਰ ਆਪਣੀ ਜਾਨ ਗੁਆਉਣਾ ਸਹੀ ਸਮਝਿਆ।"ਗ਼ੈਰ-ਬਰਾਬਰੀ ਦੀ ਇਹ ਜੰਗ 7 ਘੰਟੇ ਤੱਕ ਚੱਲੀ, ਜਿਸ ਵਿੱਚ ਸਿੱਖਾਂ ਵੱਲੋਂ 22 ਲੋਕ ਅਤੇ ਪਠਾਨਾਂ ਵੱਲੋਂ 180 ਤੋਂ 200 ਵਿਚਾਲੇ ਲੋਕ ਮਾਰੇ ਗਏ। ਉਨ੍ਹਾਂ ਦੇ ਕਰੀਬ 600 ਲੋਕ ਜ਼ਖ਼ਮੀ ਹੋਏ ਸਨ।ਲੱਕੜ ਦੇ ਦਰਵਾਜ਼ੇ ਕਰਕੇ ਕਿਲ੍ਹਾ ਫਤਹਿ ਹੋਇਆ...ਬ੍ਰਿਗੇਡੀਅਰ ਕੰਵਲਜੀਤ ਸਿੰਘ ਦੱਸਦੇ ਹਨ, "ਜੰਗ ਤੋਂ ਬਾਅਦ ਸਾਰਾਗੜ੍ਹੀ ਕਿਲ੍ਹੇ ਦੇ ਡਿਜ਼ਾਇਨ `ਚ ਇੱਕ ਹੋਰ ਖਾਮੀ ਮਿਲੀ।""ਕਿਲ੍ਹੇ ਦਾ ਮੁੱਖ ਦਰਵਾਜ਼ਾ ਲੱਕੜ ਦਾ ਬਣਿਆ ਹੋਇਆ ਸੀ ਅਤੇ ਮਜ਼ਬੂਤ ਕਰਨ ਲਈ ਕਿੱਲਾਂ ਵੀ ਨਹੀਂ ਲਗਾਈਆਂ ਗਈਆਂ ਸਨ।""ਉਹ ਪਠਾਣਾਂ ਦੀ ਜਿਜ਼ੇਲ ਰਾਇਫਲਾਂ ਤੋਂ ਆ ਰਹੇ ਲਗਾਤਾਰ ਫਾਇਰ ਨੂੰ ਨਹੀਂ ਝੱਲ ਨਹੀਂ ਸਕਿਆ ਅਤੇ ਟੁੱਟ ਗਿਆ।""ਤਿੰਨ ਵਜੇ ਤੱਕ ਸਿੱਖਾਂ ਦੀਆਂ ਸਾਰੀਆਂ ਗੋਲੀਆਂ ਖ਼ਤਮ ਹੋ ਗਈਆਂ ਸਨ ਅਤੇ ਉਹ ਅੱਗੇ ਵਧਦੇ ਪਠਾਣਾਂ ਨਾਲ ਸਿਰਫ਼ ਸੰਗੀਨਾਂ ਨਾਲ ਲੜ ਰਹੇ ਸਨ।""ਪਠਾਣਾਂ ਨੇ ਕਿਲ੍ਹੇ ਦੀ ਕੰਧ ਵਿੱਚ ਜੋ ਮੋਰੀ ਕੀਤੀ ਸੀ, ਉਹ ਉਦੋਂ ਤੱਕ ਵੱਧ ਕੇ 7 ਫੁੱਟ ਗੁਣਾ 12 ਫੁੱਟ ਹੋ ਗਈ ਸੀ।"ਇੱਕ ਦਿਨ ਬਾਅਦ ਹੀ ਓਰਕਜ਼ਈ ਸਾਰਾਗੜ੍ਹੀ ਤੋਂ ਭੱਜ ਗਏ...14 ਸਤੰਬਰ ਨੂੰ ਕੋਹਾਟ ਤੋਂ 9 ਮਾਊਂਟੇਨ ਬੈਟਰੀ ਉੱਥੇ ਅੰਗਰੇਜ਼ਾਂ ਦੀ ਮਦਦ ਲਈ ਪਹੁੰਚ ਗਈ। ਪਠਾਣ ਅਜੇ ਵੀ ਸਾਰਾਗੜ੍ਹੀ ਦੇ ਕਿਲ੍ਹੇ `ਚ ਮੌਜੂਦ ਸਨ।ਉਨ੍ਹਾਂ ਨੇ ਤੋਪ ਨਾਲ ਗੋਲੇ ਦਾਗਣੇ ਸ਼ੁਰੂ ਕਰ ਦਿੱਤੇ। ਰਿਜ `ਤੇ ਅੰਗਰੇਜ਼ ਸੈਨਿਕਾਂ ਨੇ ਜ਼ਬਰਦਸਤ ਹਮਲਾ ਕੀਤਾ ਅਤੇ ਸਾਰਾਗੜ੍ਹੀ ਨੂੰ ਪਠਾਣਾਂ ਕੋਲੋਂ ਛੁਡਾ ਲਿਆ।ਜਦੋਂ ਇਹ ਸੈਨਿਕ ਅੰਦਰ ਗਏ ਤਾਂ ਉੱਥੇ ਉਨ੍ਹਾਂ ਨਾਇਕ ਲਾਲ ਸਿੰਘ ਦੀ ਬੁਰੀ ਹਾਲਤ ਵਿੱਚ ਪਈ ਹੋਈ ਲਾਸ਼ ਮਿਲੀ। ਉਥੇ ਬਾਕੀ ਸਿੱਖ ਸੈਨਿਕਾਂ ਅਤੇ ਦਾਦ ਦੀਆਂ ਲਾਸ਼ਾਂ ਵੀ ਪਈਆਂ ਹੋਈਆਂ ਸਨ।ਇਸ ਪੂਰੀ ਲੜਾਈ ਨੂੰ ਨੇੜੇ ਦੇ ਲੌਂਕਹਾਰਟ ਅਤੇ ਗੁਲਿਸਤਾਂ ਕਿਲ੍ਹਿਆਂ ਤੋਂ ਅੰਗਰੇਜ਼ ਅਫ਼ਸਰਾਂ ਨੇ ਦੇਖਿਆ।ਪਰ ਪਠਾਨ ਇੰਨੀ ਵੱਡੀ ਗਿਣਤੀ ਵਿੱਚ ਸਨ ਕਿ ਉਹ ਬਹੁਤ ਚਾਹੁੰਦਿਆਂ ਹੋਇਆਂ ਵੀ ਉਨ੍ਹਾਂ ਦੀ ਮਦਦ ਲਈ ਨਹੀਂ ਆ ਸਕੇ।ਲੈਫਟੀਨੈਂਟ ਕਰਨਲ ਜੌਨ ਹਾਟਨ ਪਹਿਲੇ ਸ਼ਖ਼ਸ ਸਨ, ਜਿਨ੍ਹਾਂ ਉਨ੍ਹਾਂ ਫੌਜੀਆਂ ਦੀ ਬਹਾਦੁਰੀ ਨੂੰ ਪਛਾਣਿਆ। ਉਨ੍ਹਾਂ ਨੇ ਸਾਰਾਗੜ੍ਹੀ ਪੋਸਟ ਦੇ ਸਾਹਮਣੇ ਮਾਰੇ ਗਏ ਆਪਣੇ ਸਾਥੀਆਂ ਨੂੰ ਸਲੂਟ ਕੀਤਾ।ਬ੍ਰਿਟਿਸ਼ ਸੰਸਦ ਨੇ ਖੜ੍ਹੇ ਹੋ ਕੇ ਕੀਤਾ 21 ਸੈਨਿਕਾਂ ਦਾ ਸਨਮਾਨ...ਇਸ ਜੰਗ ਨੂੰ ਦੁਨੀਆਂ ਦੇ ਸਭ ਤੋਂ ਵੱਡੇ ਲਾਸਟ ਸਟੈਂਡਸ `ਚ ਥਾਂ ਦਿੱਤੀ ਗਈ। ਜਦੋਂ ਇਨ੍ਹਾਂ ਸਿੱਖਾਂ ਦੇ ਬਲੀਦਾਨ ਦੀ ਖ਼ਬਰ ਲੰਡਨ ਪਹੁੰਚੀ ਤਾਂ ਉਸ ਵੇਲੇ ਬ੍ਰਿਟਿਸ਼ ਸੰਸਦ ਦਾ ਸੈਸ਼ਨ ਚੱਲ ਰਿਹਾ ਸੀ।ਸਾਰੇ ਮੈਂਬਰਾਂ ਨੇ ਖੜ੍ਹੇ ਹੋ ਕੇ ਇਨ੍ਹਾਂ 21 ਸੈਨਿਕਾਂ ਨੂੰ ਸਟੈਂਡਿੰਗ ਓਵੇਸ਼ਨ ਦਿੱਤਾ।ਲੰਡਨ ਗਜ਼ਟ ਦੇ 11 ਫਰਵਰੀ 1898 ਦੇ ਅੰਕ 26937 ਦੇ ਪੰਨਾ 863 `ਤੇ ਸੰਸਦ ਦੀ ਟਿੱਪਣੀ ਛਪੀ, "ਸਾਰੇ ਬ੍ਰਿਟੇਨ ਅਤੇ ਭਾਰਤ ਨੂੰ 36 ਸਿੱਖ ਰੈਜੀਮੈਂਟ ਦੇ ਇਨ੍ਹਾਂ ਸੈਨਿਕਾਂ `ਤੇ ਮਾਣ ਹੈ। ਇਹ ਕਹਿਣ `ਚ ਕੋਈ ਅਤਿਕਥਨੀ ਨਹੀਂ ਹੈ ਕਿ ਜਿਸ ਸੈਨਾ `ਚ ਸਿੱਖ ਸਿਪਾਹੀ ਲੜ ਰਹੇ ਹੋਣ, ਉਨ੍ਹਾਂ ਨੂੰ ਨਹੀਂ ਹਰਾਇਆ ਜਾ ਸਕਦਾ।"21 ਸਿੱਖਾਂ ਨੂੰ ਸੈਨਿਕਾਂ ਨੂੰ ਸਭ ਤੋਂ ਵੱਡਾ ਵੀਰਤਾ ਪੁਰਸਕਾਰ...ਜਦੋਂ ਮਹਾਰਾਣੀ ਵਿਕਟੋਰੀਆ ਨੂੰ ਇਸ ਦੀ ਖ਼ਬਰ ਮਿਲੀ ਤਾਂ ਉਨ੍ਹਾਂ ਸਾਰੇ 21 ਸੈਨਿਕਾਂ ਨੂੰ ਇੰਡੀਅਨ ਆਰਡਰ ਆਫ ਮੈਰਿਟ ਦੇਣ ਦਾ ਐਲਾਨ ਕੀਤਾ।ਇਹ ਉਸ ਵੇਲੇ ਤੱਕ ਭਾਰਤੀਆਂ ਨੂੰ ਮਿਲਣ ਵਾਲਾ ਸਭ ਤੋਂ ਵੱਡਾ ਵੀਰਤਾ ਪੁਰਸਕਾਰ ਸੀ, ਜੋ ਉਦੋਂ ਦੇ ਵਿਕਟੋਰੀਆ ਕਰਾਸ ਅਤੇ ਅੱਜ ਦੇ ਪਰਮਵੀਰ ਚੱਕਰ ਦੇ ਬਰਾਬਰ ਸੀ।ਉਦੋਂ ਤੱਕ ਵਿਕਟੋਰੀਆ ਕਰਾਸ ਸਿਰਫ਼ ਅੰਗਰੇਜ਼ ਸੈਨਿਕਾਂ ਨੂੰ ਮਿਲ ਸਕਦਾ ਸੀ ਅਤੇ ਉਹ ਵੀ ਸਿਰਫ਼ ਜ਼ਿੰਦਾ ਸੈਨਿਕਾਂ ਨੂੰ।1911 ਵਿੱਚ ਜਾ ਕੇ ਜਾਰਜ ਫਿਫਥ ਨੇ ਪਹਿਲੀ ਵਾਰ ਐਲਾਨ ਕੀਤਾ ਕਿ ਭਾਰਤ ਸੈਨਿਕ ਵੀ ਵਿਕਟੋਰੀਆ ਕਰਾਸ ਜਿੱਤਣ ਦੇ ਹੱਕਦਾਰ ਹੋਣਗੇ।ਇਨ੍ਹਾਂ ਸੈਨਿਕਾਂ ਦੇ ਪਰਿਵਾਰ ਵਾਲਿਆਂ ਨੂੰ 500-500 ਰੁਪਏ ਅਤੇ ਦੋ ਮੁਰੱਬਾ ਜ਼ਮੀਨ ਜੋ ਅੱਜ 50 ਏਕੜ ਦੇ ਬਰਾਬਰ ਹੈ, ਸਰਕਾਰ ਵੱਲੋਂ ਦਿੱਤੀ ਗਈ।ਸਿਰਫ਼ ਇੱਕ ਅਸੈਨਿਕ ਦਾਦ ਨੂੰ ਕੁਝ ਨਹੀਂ ਦਿੱਤਾ ਕਿਉਂਕਿ ਉਹ ਐਨਸੀਈ (ਨਾਨ ਕੰਬਾਟੈਂਟ ਇਨਰੋਲਡ) ਸੀ ਅਤੇ ਉਸ ਨੂੰ ਹਥਿਆਰ ਚੁੱਕਣ ਦੀ ਇਜਾਜ਼ਤ ਨਹੀਂ ਸੀ।ਬ੍ਰਿਟਿਸ਼ ਸਰਕਾਰ ਦੀ ਇਹ ਬਹੁਤ ਵੱਡੀ ਨਾ-ਇਨਸਾਫ਼ੀ ਸੀ ਕਿਉਂਕਿ ਅਸੈਨਿਕ ਹੁੰਦਿਆਂ ਹੋਇਆ ਵੀ ਦਾਦ ਨੇ ਆਪਣੀ ਰਾਇਫਲ ਜਾਂ ਸੰਗੀਨ ਨਾਲ ਘੱਟੋ-ਘੱਟ 5 ਪਠਾਨਾਂ ਨੂੰ ਮਾਰਿਆ ਸੀ।ਜੰਗ ਤੋਂ ਬਾਅਦ ਮੇਜਰ ਜਨਰਲ ਯੀਟਮੈਨ ਬਿਗਸ ਨੇ ਕਿਹਾ, "21 ਸਿੱਖ ਸੈਨਿਕਾਂ ਦੀ ਬਹਾਦਰੀ ਅਤੇ ਸ਼ਹਾਦਤ ਨੂੰ ਬ੍ਰਿਟਿਸ਼ ਸੈਨਿਕ ਇਤਿਹਾਸ `ਚ ਹਮੇਸ਼ਾ ਸੁਨਹਿਰੇ ਅੱਖਰਾਂ ਨਾਲ ਲਿਖਿਆ ਜਾਵੇਗਾ।" ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦਗਾਰ...21 ਬਹਾਦਰ ਸਿੱਖ ਸੈਨਿਕਾਂ ਦੀ ਯਾਦ ਵਿੱਚ ਬ੍ਰਿਟਸ਼ ਹਕੂਮਤ ਨੇ ਸ੍ਰੀ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਵਿਖੇ ਯਾਦਗਾਰਾਂ ਸਥਾਪਿਤ ਕੀਤੀਆਂ। ਸਾਰਾਗੜ੍ਹੀ ਜੰਗ ਦੇ ਬਹੁਤੇ ਯੋਧੇ ਜ਼ਿਲ੍ਹਾ ਫ਼ਿਰੋਜ਼ਪੁਰ ਨਾਲ ਸਬੰਧਿਤ ਸਨ, ਇਸ ਲਈ ਹਕੂਮਤ ਨੇ ਇੱਕ ਯਾਦਗਾਰ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਬਣਾਈ ਅਤੇ ਦੂਸਰੀ ਯਾਦਗਾਰ ਸ੍ਰੀ ਅੰਮ੍ਰਿਤਸਰ ਵਿਖੇ ਟਾਊਨ ਹਾਲ ਦੇ ਕੋਲ ਬਣਾਈ ਹੈ। ਇਹ ਦੋਵੇਂ ਯਾਦਗਾਰਾਂ ਗੁਰਦੂਆਰਾ ਸਾਹਿਬ ਦੇ ਰੂਪ ਵਿੱਚ ਸ਼ੁਸ਼ੋਬਿਤ ਹਨ। ਇਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਡਿਜ਼ਾਇਨ ਉਸ ਸਮੇਂ ਦੇ ਵਿਸ਼ਵ ਪ੍ਰਸਿੱਧ ਆਰਕੀਟੈਕਟ ਭਾਈ ਰਾਮ ਸਿੰਘ ਰਸੂਲਪੁਰ ਵੱਲੋਂ ਤਿਆਰ ਕੀਤੇ ਗਏ ਸਨ। ਸ੍ਰੀ ਅੰਮ੍ਰਿਤਸਰ ਵਿੱਚ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਰਾਸਤੀ ਮਾਰਗ `ਤੇ ਮਹਾਰਾਜਾ ਰਣਜੀਤ ਸਿੰਘ ਦੇ ਬੁੱਤ ਦੇ ਬਿਲਕੁਲ ਨਜ਼ਦੀਕ ਹੈ। ਇਸਦੇ ਨਾਲ ਹੀ ਸਾਰਾਗੜ੍ਹੀ ਪਾਰਕਿੰਗ ਅਤੇ ਇੱਕ ਬਹੁ-ਮੰਜ਼ਿਲਾ ਸਾਰਾਗੜ੍ਹੀ ਸਰਾਂ ਵੀ ਹੈ। ਰੋਜ਼ਾਨਾਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦਗਾਰ ਦੇ ਅੱਗਿਓਂ ਦੀ ਲੰਗਦੀਆਂ ਹਨ, ਇੱਥੋਂ ਤੱਕ ਕਿ ਹਜ਼ਾਰਾਂ ਸੰਗਤਾਂ ਇਸ ਗੁਰਦੁਆਰਾ ਸਾਹਿਬ ਦੀ ਕੰਧ ਦੇ ਨਾਲ ਸਾਰਾਗੜ੍ਹੀ ਸਰਾਂ ਵਿੱਚ ਠਹਿਰਦੇ ਵੀ ਹਨ ਪਰ ਕੋਈ ਵਿਰਲਾ ਟਾਵਾਂ ਹੀ ਇਸ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਨ ਜਾਂਦਾ ਹੈ। ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਬਹੁਤ ਹੀ ਖ਼ੂਬਸੂਰਤ ਹੈ ਅਤੇ ਭਾਈ ਰਾਮ ਸਿੰਘ ਨੇ ਕਿੰਨੀ ਰੂਹ ਨਾਲ ਇਸ ਯਾਦਗਾਰ ਦਾ ਡਿਜ਼ਾਇਨ ਤਿਆਰ ਕੀਤਾ ਸੀ ਇਹ ਦੇਖਿਆਂ ਹੀ ਪਤਾ ਲੱਗਦਾ ਹੈ।ਅਗਲੀ ਵਾਰ ਕਦੀ ਅੰਮ੍ਰਿਤਸਰ ਜਾਂ ਫਿਰੋਜ਼ਪੁਰ ਜਾਣ ਦਾ ਸਬੱਬ ਬਣੇ ਤਾਂ ਸਾਰਾਗੜ੍ਹੀ ਦੇ ਸ਼ਹੀਦਾਂ ਦੀਆਂ ਯਾਦਗਾਰਾਂ ਦੇ ਦਰਸ਼ਨ ਵੀ ਕਰਨਾ ਅਤੇ ਉਨ੍ਹਾਂ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਸਿਜ਼ਦਾ ਕਰਨਾ ਜਿਨ੍ਹਾਂ ਨੇ ਸਿੱਖ ਰਿਵਾਇਤਾਂ ਨੂੰ ਕਾਇਮ ਰੱਖਦੇ ਹੋਏ ਆਪਣੀ ਸ਼ਹਾਦਤ ਤਾਂ ਦੇ ਦਿੱਤੀ ਪਰ ਮੈਦਾਨ ਨਹੀਂ ਛੱਡਿਆ। ਸਾਰਾਗੜ੍ਹੀ ਦੇ ਮਹਾਨ ਯੋਧਿਆਂ ਨੂੰ ਕੋਟਿਨ-ਕੋਟਿ ਸਿਜਦਾ।- ਇੰਦਰਜੀਤ ਸਿੰਘ ਹਰਪੁਰਾ,ਡੀ.ਪੀ.ਆਰ.ਓ. ਅੰਮ੍ਰਿਤਸਰ।98155-77574











## ਖਾਲੜਾ ਦੇ ਸਰਕਾਰੀ ਡੀਪੂਆਂ ’ਤੇ ਕਣਕ ਤੇ ਰਾਸ਼ਨ ਕਿੱਟਾਂ ਲਈ ਲੰਬੀਆਂ ਲਾਈਨਾਂ ਸਰਵਰ ਦੀ ਖਰਾਬੀ ਤੇ ਵਾਰ-ਵਾਰ ਪਰਚੀਆਂ ਕੱਢਣ ਕਾਰਨ ਖਪਤਕਾਰ ਪ੍ਰੇਸ਼ਾਨ



ਭਿੱਖੀਵਿੰਡ, ਜਗਤਾਰ ਸਿੰਘ ਖਾਲੜਾ ਸਰਕਾਰੀ ਡੀਪੂਆਂ ’ਤੇ ਕਣਕ ਦੇ ਨਾਲ ਰਾਸ਼ਨ ਕਿੱਟਾਂ ਲੈਣ ਲਈ ਪਹੁੰਚ ਰਹੇ ਖਪਤਕਾਰਾਂ ਨੂੰ ਲੰਬੀਆਂ ਲਾਈਨਾਂ ਅਤੇ ਸਰਵਰ ਦੀ ਖਰਾਬੀ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਸਬਾ ਖਾਲੜਾ ਦੇ ਸਰਕਾਰੀ ਡੀਪੂਆਂ ’ਤੇ ਸਵੇਰ ਤੋਂ ਲਾਈਨਾਂ ਵਿੱਚ ਲੱਗੇ ਖਪਤਕਾਰ ਸ਼ਾਮ ਤੱਕ ਆਪਣੀ ਵਾਰੀ ਦੀ ਉਡੀਕ ਕਰਦੇ ਰਹੇ। ਖਪਤਕਾਰਾਂ ਨੇ ਦੱਸਿਆ ਕਿ ਉਹ ਸਵੇਰੇ ਕਰੀਬ 6 ਵਜੇ ਡੀਪੂ ’ਤੇ ਪਹੁੰਚ ਕੇ ਲਾਈਨ ਵਿੱਚ ਲੱਗ ਗਏ ਸਨ, ਪਰ ਸ਼ਾਮ ਦੇ ਚਾਰ ਵਜੇ ਤੱਕ ਵੀ ਕਈ ਲੋਕਾਂ ਦੀ ਵਾਰੀ ਨਹੀਂ ਆਈ। ਬਜ਼ੁਰਗ ਔਰਤਾਂ ਨੇ ਦੱਸਿਆ ਕਿ ਉਹ ਸਵੇਰ ਤੋਂ ਹੀ ਕਣਕ ਅਤੇ ਰਾਸ਼ਨ ਕਿੱਟਾਂ ਲੈਣ ਲਈ ਡੀਪੂ ’ਤੇ ਬੈਠੀਆਂ ਹਨ ਅਤੇ ਸਾਰਾ ਦਿਨ ਉਡੀਕ ਕਰਨ ਦੇ ਬਾਵਜੂਦ ਉਨ੍ਹਾਂ ਨੂੰ ਰਾਸ਼ਨ ਨਹੀਂ ਮਿਲ ਸਕਿਆ। ਡੀਪੂ ਹੋਲਡਰ ਵੱਲੋਂ ਖਪਤਕਾਰਾਂ ਨੂੰ ਕਥਿਤ ਤੌਰ ’ਤੇ ਸਰਵਰ ਖਰਾਬ ਹੋਣ ਜਾਂ ਪਰਚੀਆਂ ਕੱਢਣ ਵਿੱਚ ਵੱਧ ਸਮਾਂ ਲੱਗਣ ਦੀ ਗੱਲ ਦੱਸੀ ਜਾ ਰਹੀ ਹੈ। ਇਸ ਸਬੰਧੀ ਡੀਪੂ ਹੋਲਡਰ ਸੋਨੂ ਨੇ ਦੱਸਿਆ ਕਿ ਪਹਿਲਾਂ ਇੱਕ ਪਰਿਵਾਰ ਦੀ ਕਣਕ ਲਈ ਇੱਕ ਪਰਚੀ ਕੱਢੀ ਜਾਂਦੀ ਸੀ, ਜਦਕਿ ਹੁਣ ਚਾਰ ਮਹੀਨਿਆਂ ਦੀ ਕਣਕ ਲਈ ਚਾਰ ਪਰਚੀਆਂ ਅਤੇ ਰਾਸ਼ਨ ਕਿੱਟ ਲਈ ਪੰਜ ਪਰਚੀਆਂ ਕੱਢੀਆਂ ਜਾ ਰਹੀਆਂ ਹਨ। ਇਸ ਕਾਰਨ ਇੱਕ ਖਪਤਕਾਰ ਦੀ ਪ੍ਰਕਿਰਿਆ ਵਿੱਚ ਕਰੀਬ ਅੱਧੇ ਤੋਂ ਪੌਣੇ ਘੰਟੇ ਤੱਕ ਦਾ ਸਮਾਂ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਵਰ ਦੀ ਵਾਰ-ਵਾਰ ਖਰਾਬੀ ਕਾਰਨ ਵੀ ਕੰਮ ਪ੍ਰਭਾਵਿਤ ਹੋ ਰਿਹਾ ਹੈ। ਭੀਮ ਯੂਥ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਜਸਪਾਲ ਸਿੰਘ ਖਾਲੜਾ ਅਤੇ ਆਗੂ ਰਾਜਵਿੰਦਰ ਸਿੰਘ ਰਾਜੂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਹਿਲਾਂ ਵਾਂਗ ਇੱਕ ਪਰਿਵਾਰ ਨੂੰ ਕਣਕ ਦੇਣ ਲਈ ਇੱਕ ਹੀ ਪਰਚੀ ਦੀ ਪ੍ਰਕਿਰਿਆ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਿਸ ਮਿਆਦ ਦੀ ਕਣਕ ਪਰਿਵਾਰ ਨੂੰ ਮਿਲਣੀ ਹੈ, ਉਸੇ ਅਨੁਸਾਰ ਰਾਸ਼ਨ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਗਰੀਬ ਪਰਿਵਾਰਾਂ ਨੂੰ ਮਹਿੰਗਾਈ ਦੇ ਦੌਰ ਵਿੱਚ ਰਾਹਤ ਮਿਲ ਸਕੇ।ਜੇ ਤੁਸੀਂ ਚਾਹੋ ਤਾਂ ਮੈਂ ਇਸ ਦੀ ਹੋਰ ਤਿੱਖੀ ਸੁਰਖੀ ਅਤੇ 2-3 ਲਾਈਨਾਂ ਦੀ ਛੋਟੀ ਅਖ਼ਬਾਰੀ ਖ਼ਬਰ ਵੀ ਬਣਾ ਸਕਦਾ ਹਾਂ।

## ਜਨ ਸੰਪਰਕ ਮੁਹਿੰਮ ਦੌਰਾਨ ਕਈ ਪਰਿਵਾਰ ਭਾਜਪਾ ਨਾਲ ਜੁੜੇ



ਬੱਸੀ ਪਠਾਣਾਂ, 11 ਸਤੰਬਰ (ਚੰਨਪ੍ਰੀਤ ਪਨੇਸਰ): ਭਾਰਤੀ ਜਨਤਾ ਪਾਰਟੀ ਵੱਲੋਂ ਹਲਕਾ ਬੱਸੀ ਪਠਾਣਾਂ ਵਿੱਚ ਚਲਾਈ ਜਾ ਰਹੀ ਜਨ ਸੰਪਰਕ ਮੁਹਿੰਮ ਤਹਿਤ ਭਾਜਪਾ ਦੇ ਹਲਕਾ ਇੰਚਾਰਜ ਕੁਲਦੀਪ ਸਿੰਘ ਸਿੱਧੂਪੁਰ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਕਈ ਪਰਿਵਾਰਾਂ ਨੇ ਭਾਜਪਾ ਵਿੱਚ ਸ਼ਾਮਿਲ ਹੋ ਕੇ ਪਾਰਟੀ ਦੀਆਂ ਨੀਤੀਆਂ ਵਿੱਚ ਭਰੋਸਾ ਪ੍ਰਗਟਾਇਆ।

ਕੁਲਦੀਪ ਸਿੰਘ ਸਿੱਧੂਪੁਰ ਨੇ ਸ਼ਮਸ਼ਪੁਰ ਸਿੰਘਾਂ, ਰਾਮਗੜ੍ਹ, ਰਸੂਲਪੁਰ, ਬਹਿਲਾ ਖਾਨਪੁਰ ਸਮੇਤ ਹੋਰਨਾਂ ਪਿੰਡਾਂ ਵਿੱਚ ਲੋਕਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸਥਾਨਕ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਕੇਂਦਰ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪਾਰਟੀ ਦਾ ਜਨ ਸੰਪਰਕ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਲੋਕ ਭਾਜਪਾ ਦੀਆਂ ਨੀਤੀਆਂ ਪ੍ਰਤੀ ਦਿਲਚਸਪੀ ਦਿਖਾ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਵੱਲੋਂ ਲੋਕਾਂ ਤੱਕ ਪਹੁੰਚ ਕਰਕੇ ਕੇਂਦਰੀ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।

ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ’ਤੇ ਸਵਾਲ ਉਠਾਉਂਦਿਆਂ ਸਿੱਧੂਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਗਏ ਕਈ ਵਾਅਦੇ ਅਜੇ ਪੂਰੇ ਨਹੀਂ ਹੋਏ, ਜਿਸ ਕਾਰਨ ਲੋਕਾਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨੂੰ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਦਿਆਂ ਭਾਜਪਾ ਨੂੰ ਮੌਕਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਸੱਤਾ ਵਿੱਚ ਆਉਣ ਦਾ ਮੌਕਾ ਮਿਲਣ ’ਤੇ ਪੰਜਾਬ ਦੇ ਸਰਬਪੱਖੀ ਵਿਕਾਸ ਦੇ ਨਾਲ ਹਲਕਾ ਬੱਸੀ ਪਠਾਣਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਲਈ ਵੀ ਯਤਨ ਕੀਤੇ ਜਾਣਗੇ। ਉਨ੍ਹਾਂ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਕੁਲਵਿੰਦਰ ਸਿੰਘ, ਬਲਜੀਤ ਕੌਰ, ਪ੍ਰਭਜੋਤ ਕੌਰ, ਜਸਵੀਰ ਸਿੰਘ, ਮਨਜੀਤ ਸਿੰਘ, ਰਜਿੰਦਰ ਕੌਰ, ਹਰਨੇਕ ਸਿੰਘ, ਅਮਨਦੀਪ ਕੌਰ, ਵਰਿੰਦਰ ਸਿੰਘ, ਜਗਰੂਪ ਸਿੰਘ, ਸੰਦੀਪ ਕੌਰ, ਰਣਧੀਰ ਸਿੰਘ, ਨਸੀਬ ਸਿੰਘ ਅਤੇ ਦੀਪਾ ਰਾਣੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਵਾਸੀ ਹਾਜ਼ਰ ਸਨ।

## ਪ੍ਰੈਸ ਕਲੱਬ ਰਜਿਸਟਰਡ ਨਾਭਾ ਦੀ ਪ੍ਰਧਾਨ ਹਰਮੀਤ ਸਿੰਘ ਮਾਨ ਦੀ ਅਗਵਾਈ ਹੇਠ ਅਹਿਮ ਮੀਟਿੰਗ

ਨਾਭਾ 11 ਸਤੰਬਰ (ਅਮਨ ਗਰਗ) ਨਾਭਾ ਪ੍ਰੈਸ ਕਲੱਬ ਰਜਿਸਟਰਡ ਨਾਭਾ ਦੀ ਇੱਕ ਅਹਿਮ ਮੀਟਿੰਗ ਕਲੱਬ ਦੀ ਪ੍ਰਧਾਨ ਹਰਮੀਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਸਬੰਧਤ ਵੱਖ-ਵੱਖ ਮਸਲਿਆਂ ਤੋਂ ਇਲਾਵਾ ਸ਼ਹਿਰ ਅਤੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਉਜਾਗਰ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਵਿੱਚ ਕਿਹਾ ਗਿਆ ਕਿ ਪੱਤਰਕਾਰਤਾ ਲੋਕਤੰਤਰ ਦਾ ਅਹਿਮ ਥੰਮ੍ਹ ਹੈ ਅਤੇ ਮੀਡੀਆ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਆਮ ਲੋਕਾਂ ਦੀ ਆਵਾਜ਼ ਨੂੰ ਸਬੰਧਤ ਪ੍ਰਸ਼ਾਸਨ ਅਤੇ ਸਰਕਾਰ ਤੱਕ ਪਹੁੰਚਾਇਆ ਜਾਵੇ। ਲੋਕਾਂ ਨੂੰ ਦਰਪੇਸ਼ ਸਫਾਈ, ਸੀਵਰੇਜ, ਸੜਕਾਂ, ਪਾਣੀ, ਬਿਜਲੀ, ਟ੍ਰੈਫਿਕ ਅਤੇ ਹੋਰ ਜਨਤਕ ਸਮੱਸਿਆਵਾਂ ਨੂੰ ਤੱਥਾਂ ਦੇ ਆਧਾਰ ’ਤੇ ਸਾਹਮਣੇ ਲਿਆਉਣ ਲਈ ਪੱਤਰਕਾਰਾਂ ਨੂੰ ਆਪਣੀ ਭੂਮਿਕਾ ਹੋਰ ਮਜ਼ਬੂਤ ਕਰਨ ’ਤੇ ਜ਼ੋਰ ਦਿੱਤਾ ਗਿਆ।

ਪ੍ਰਧਾਨ ਹਰਮੀਤ ਸਿੰਘ ਮਾਨ ਨੇ ਕਿਹਾ ਕਿ ਪ੍ਰੈਸ ਕਲੱਬ ਰਜਿਸਟਰਡ ਨਾਭਾ ਵੱਲੋਂ ਹਮੇਸ਼ਾ ਲੋਕ ਹਿੱਤ ਦੇ ਮੁੱਦਿਆਂ ਨੂੰ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨੂੰ ਨਿਰਪੱਖਤਾ ਨਾਲ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਂਦੇ ਹੋਏ ਸਬੰਧਤ ਵਿਭਾਗਾਂ ਤੋਂ ਉਨ੍ਹਾਂ ਦੇ ਹੱਲ ਲਈ ਜਵਾਬਦੇਹੀ ਵੀ ਯਕੀਨੀ ਬਣਾਉਣੀ ਚਾਹੀਦੀ ਹੈ। ਮੀਟਿੰਗ ਦੌਰਾਨ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਲੋਕ ਹਿੱਤ ਨਾਲ ਜੁੜੇ ਮੁੱਦਿਆਂ ’ਤੇ ਸਾਂਝੇ ਤੌਰ ’ਤੇ ਆਵਾਜ਼ ਬੁਲੰਦ ਕਰਨ ਸਬੰਧੀ ਵੀ ਵਿਚਾਰ ਕੀਤੇ ਗਏ।

## ਵਿੱਠਲ ਗੋਤ ਦੇ ਜਠੇਰਿਆਂ ਨੇ ਸਲਾਨਾ ਭੰਡਾਰਾ ਕਰਵਾਇਆ



ਫਤਿਹਗੜ੍ਹ ਸਾਹਿਬ, 12 ਸਤੰਬਰ ਬੱਸੀ ਪਠਾਣਾਂ, 11ਅਗਸਤ ਪਾਰਸ ਗੌਤਮ ਸਾਨੂੰ ਧਾਰਮਿਕ ਕੰਮਾਂ ਵਿੱਚ ਵੱਧ -ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਆਪਣੇ ਗੁਰੂਆਂ ਪੀਰਾਂ ਦੇ ਦਿਖਾਏ ਰਸਤੇ ਤੇ ਚੱਲਦੇ ਹੋਏ ਹਮੇਸ਼ਾ ਜਰੂਰਤਮੰਦਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ। ਸਾਰੇ ਧਰਮ ਮਾਨਵਤਾ ਦਾ ਸੰਦੇਸ਼ ਦਿੰਦੇ ਹਨ l ਇਹ ਪ੍ਰਗਟਾਵਾ ਸਤੀ ਮਾਤਾ ਮੰਦਰ ਕਮੇਟੀ ਪਿੰਡ ਜੱਲਾ ਦੇ ਪ੍ਰਧਾਨ ਸੰਜੀਵ ਕੁਮਾਰ ਵਿੱਠਲ ਅਤੇ ਰੇਣੂ ਵਿੱਠਲ ਨੇ ਵਿੱਠਲ ਪਰਿਵਾਰਾਂ ਵੱਲੋਂ ਸਲਾਨਾ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾl ਇਸ ਮੌਕੇ ਪੁਸ਼ਪਿੰਦਰ ਵਿੱਠਲ, ਰਣਬੀਰ ਕੁਮਾਰ ਵਿੱਠਲ, ਪਾਹੁਲ ਵਿੱਠਲ, ਸੁਸ਼ੀਲ ਕੁਮਾਰ ਵਿੱਠਲ, ਰਾਜੀਵ ਵਿੱਠਲ, ਬਿੰਦਰ ਵਿੱਠਲ, ਹੁਕਮ ਚੰਦ ਵਿੱਠਲ ਦਿੱਲੀ, ਰਾਜ ਕੁਮਾਰ ਵਿੱਠਲ ਪਟਿਆਲਾ, ਪੁਨੀਤ ਕੁਮਾਰ ਵਿੱਠਲ ਪਟਿਆਲਾ, ਸ਼ੈਲੀ ਵਿੱਠਲ, ਰਵੀਨਾ ਵਿੱਠਲ, ਕ੍ਰਿਸ਼ਨ ਲਾਲ ਵਿੱਠਲ, ਭੀਮ ਸੈਨ ਵਿੱਠਲ, ਟੇਕ ਚੰਦ ਵਿੱਠਲ, ਪੁਸ਼ਪ ਵਿੱਠਲ ਖੰਨਾ, ਸੰਜੇ ਵਿੱਠਲ ਖੰਨਾ, ਸੰਜੀਵ ਵਿੱਠਲ ਖੰਨਾ, ਅਸ਼ਵਨੀ ਵਿੱਠਲ , ਮਨੋਜ ਵਿੱਠਲ ਅਤੇ ਹੋਰ ਹਾਜ਼ਰ

## ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ; 12 ਸਤੰਬਰ ਨੂੰ ਸਜੇਗਾ ਅਲੌਕਿਕ ਨਗਰ ਕੀਰਤਨਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਅਲੌਕਿਕ ਫੁੱਲਾਂ ਦੀ ਸਜਾਵਟ ਸ਼ੁਰੂ; ਜਲੌਅ, ਦੀਪਮਾਲਾ ਅਤੇ ਆਤਿਸ਼ਬਾਜ਼ੀ ਹੋਵੇਗੀ ਮੁੱਖ ਖਿੱਚ ਦਾ ਕੇਂਦਰ




ਅੰਮ੍ਰਿਤਸਰ, 11 ਸਤੰਬਰ (ਰਣਜੀਤ ਸਿੰਘ ਮਸੌਣ) - ਜਾਗਤ ਗੁਰੂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਰੂਹਾਨੀ ਉਤਸ਼ਾਹ ਅਤੇ ਅਪਾਰ ਸ਼ਰਧਾ ਨਾਲ ਭਰੇ ਸਮਾਗਮਾਂ ਦੀ ਆਰੰਭਤਾ ਅੱਜ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਨਾਲ ਹੋ ਗਈ ਹੈ। ਇਸ ਮੁਬਾਰਕ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਸੰਗਤਾਂ ਨੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰ ਕੇ ਆਸੀਸਾਂ ਪ੍ਰਾਪਤ ਕੀਤੀਆਂ।12 ਸਤੰਬਰ ਨੂੰ ਪੈਣਗੇ ਭੋਗ; 11 ਸਤੰਬਰ ਨੂੰ ਸਜੇਗਾ ਮਹਾਨ ਗੁਰਮਤਿ ਸਮਾਗਮਸਮਾਗਮਾਂ ਦੀ ਰੂਪਰੇਖਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼-ਵਿਦੇਸ਼ ਦੀਆਂ ਸਮੂਹ ਗੁਰੂ-ਨਾਮ ਲੇਵਾ ਸਿੱਖ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਗੁਰਪੁਰਬ 12 ਸਤੰਬਰ 2026 ਨੂੰ ਅਪਾਰ ਸ਼ਰਧਾ-ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਉਹਨਾਂ ਦੱਸਿਆ ਕਿ ਅੱਜ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 12 ਸਤੰਬਰ ਨੂੰ ਪੈਣਗੇ। ਇਸ ਤੋਂ ਪਹਿਲਾਂ 11 ਸਤੰਬਰ ਨੂੰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਇੱਕ ਵਿਸ਼ੇਸ਼ ਗੁਰਮਤਿ ਸਮਾਗਮ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਸਿੰਘ ਸਾਹਿਬਾਨ, ਪੰਥ ਪ੍ਰਸਿੱਧ ਰਾਗੀ, ਢਾਡੀ, ਕਥਾਵਾਚਕ ਅਤੇ ਕਵੀਸ਼ਰੀ ਜਥੇ ਇਲਾਹੀ ਬਾਣੀ ਦੇ ਮਨੋਹਰ ਕੀਰਤਨ ਅਤੇ ਗੁਰ-ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਪੁਰਾਤਨ ਮਰਿਆਦਾ ਅਨੁਸਾਰ ਸਜਾਇਆ ਜਾਵੇਗਾ ਅਲੌਕਿਕ ਨਗਰ ਕੀਰਤਨਗੁਰਪੁਰਬ ਵਾਲੇ ਦਿਨ 12 ਸਤੰਬਰ ਨੂੰ ਪੁਰਾਤਨ ਪ੍ਰੰਪਰਾ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਜਿੱਥੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਪਵਿੱਤਰ ਬੀੜ ਸਾਹਿਬ ਦੀ ਸੰਪਾਦਨਾ ਕੀਤੀ ਸੀ) ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਇੱਕ ਅਲੌਕਿਕ ਨਗਰ ਕੀਰਤਨ ਸਜਾਇਆ ਜਾਵੇਗਾ।ਇਸ ਨਗਰ ਕੀਰਤਨ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ, ਪੰਥਕ ਸ਼ਖ਼ਸੀਅਤਾਂ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਸੰਗਤਾਂ ਸ਼ਮੂਲੀਅਤ ਕਰਨਗੀਆਂ। ਨਗਰ ਕੀਰਤਨ 'ਤੇ ਫੁੱਲਾਂ ਦੀ ਵਰਖਾ ਕੀਤੀ ਜਾਵੇਗੀ ਅਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਸੰਗਤ ਲਈ ਅਤੁੱਟ ਲੰਗਰ ਵਰਤਾਏ ਜਾਣਗੇ।ਅਲੌਕਿਕ ਜਲੌਅ, ਦੀਪਮਾਲਾ ਅਤੇ ਮਨਮੋਹਕ ਫੁੱਲਾਂ ਦੀ ਸਜਾਵਟਪ੍ਰਕਾਸ਼ ਗੁਰਪੁਰਬ ਦੇ ਸ਼ੁਭ ਦਿਹਾੜੇ 'ਤੇ 12 ਸਤੰਬਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਅਤੇ ਕੀਮਤੀ ਜਲੌਅ ਸਜਾਏ ਜਾਣਗੇ, ਜਿਨ੍ਹਾਂ ਦੇ ਦਰਸ਼ਨ-ਦੀਦਾਰ ਲਈ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਪਹੁੰਚਣਗੇ।ਰਾਤ ਦਾ ਦੀਵਾਨ: ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਸ਼ਬਦ ਵਿਚਾਰ ਅਤੇ ਕੀਰਤਨ ਸਮਾਗਮ ਹੋਵੇਗਾ।ਦੀਪਮਾਲਾ ਤੇ ਆਤਿਸ਼ਬਾਜ਼ੀ: ਰਾਤ ਸਮੇਂ ਸਾਰੇ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਮਨਮੋਹਕ ਦੀਪਮਾਲਾ ਕੀਤੀ ਜਾਵੇਗੀ ਅਤੇ ਰੂਹਾਨੀ ਆਤਿਸ਼ਬਾਜ਼ੀ ਚਲਾਈ ਜਾਵੇਗੀ।ਦੇਸ਼-ਵਿਦੇਸ਼ ਦੇ ਕੁਦਰਤੀ ਫੁੱਲ: ਸਿੱਖ ਸੰਗਤਾਂ ਦੇ ਉਦਮੀ ਸਹਿਯੋਗ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਭਵਨ, ਪਰਕਰਮਾ ਅਤੇ ਦਰਸ਼ਨੀ ਡਿਓਢੀ ਨੂੰ ਦੇਸ਼-ਵਿਦੇਸ਼ ਤੋਂ ਮੰਗਵਾਏ ਗਏ ਅਲੌਕਿਕ ਸੁਗੰਧਿਤ ਫੁੱਲਾਂ ਨਾਲ ਖ਼ੂਬਸੂਰਤ ਢੰਗ ਨਾਲ ਸਜਾਇਆ ਜਾ ਰਿਹਾ ਹੈ।ਸੰਗਤਾਂ ਨੂੰ ਪਰਿਵਾਰਾਂ ਸਮੇਤ ਪੁੱਜਣ ਦੀ ਅਪੀਲਸੰਗਤਾਂ ਨੂੰ ਸੁਚਾਰੂ ਸਹੂਲਤਾਂ ਦੇਣ ਲਈ ਤਿਆਰੀਆਂ ਮੁਕੰਮਲ ਹੋਣ ਦਾ ਦਾਅਵਾ ਕਰਦਿਆਂ ਸ. ਮੇਜਰ ਸਿੰਘ ਨੇ ਸਮੂਹ ਗੁਰੂ-ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਪਰਿਵਾਰਾਂ ਸਮੇਤ ਇਹਨਾਂ ਪਵਿੱਤਰ ਗੁਰਮਤਿ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਅਤੇ ਰੂਹਾਨੀ ਖ਼ੁਸ਼ੀਆਂ ਪ੍ਰਾਪਤ ਕਰਨ।




## ਗੁਲਜ਼ਾਰ ਸਿੰਘ ਖ਼ੁਦਕੁਸ਼ੀ ਮਾਮਲਾ: ਵਿੱਤ ਮੰਤਰੀ ਖ਼ਿਲਾਫ਼ FIR ਤੇ ਤੁਰੰਤ ਗ੍ਰਿਫ਼ਤਾਰੀ ਦੀ ਮੰਗ



ਬਟਾਲਾ, 11 ਸਤੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ): ਦਿੜ੍ਹਬਾ ਦੇ ਦਲਿਤ ਵਸਨੀਕ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ ਦੇ ਮਾਮਲੇ ਨੂੰ ਲੈ ਕੇ ਬਟਾਲਾ ਕਾਂਗਰਸ ਦੇ ਆਗੂਆਂ ਨੇ ਪੰਜਾਬ ਪੁਲਿਸ ਦੀ ਕਾਰਵਾਈ ’ਤੇ ਸਵਾਲ ਖੜ੍ਹੇ ਕਰਦਿਆਂ ਅੱਜ ਐੱਸ.ਪੀ. ਖੁਸ਼ਵੰਤ ਕੌਰ ਨੂੰ ਡਾਇਰੈਕਟਰ ਜਨਰਲ ਆਫ ਪੁਲਸ ਦੇ ਨਾਮ ਤੇ ਲਿਖਤੀ ਸ਼ਿਕਾਇਤ ਸੌਂਪੀ। ਕਾਂਗਰਸੀ ਆਗੂਆਂ ਨੇ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਖ਼ਿਲਾਫ਼ ਵੀ ਕਾਨੂੰਨ ਅਨੁਸਾਰ FIR ਦਰਜ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਕੀਤੀ ਜਾਵੇ।

ਆਗੂਆਂ ਨੇ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਗੁਲਜ਼ਾਰ ਸਿੰਘ ਨੇ ਆਪਣੀ ਮੌਤ ਤੋਂ ਪਹਿਲਾਂ ਦਿੱਤੇ ਬਿਆਨ ਵਿੱਚ ਹਰਪਾਲ ਸਿੰਘ ਚੀਮਾ ਅਤੇ ਕੁਝ ਹੋਰ ਵਿਅਕਤੀਆਂ ’ਤੇ ਕਥਿਤ ਤੌਰ ’ਤੇ ਡਰਾਉਣ-ਧਮਕਾਉਣ ਅਤੇ ਜ਼ਲੀਲ ਕਰਨ ਦੇ ਦੋਸ਼ ਲਗਾਏ ਸਨ। ਉਨ੍ਹਾਂ ਦਾ ਕਹਿਣਾ ਹੈ ਕਿ ਪੁਲਿਸ ਵੱਲੋਂ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ, ਪਰ ਵਿੱਤ ਮੰਤਰੀ ਦਾ ਨਾਂ FIR ਵਿੱਚ ਸ਼ਾਮਲ ਨਾ ਕੀਤੇ ਜਾਣ ਨਾਲ ਕਈ ਸਵਾਲ ਪੈਦਾ ਹੋ ਰਹੇ ਹਨ।ਕਾਂਗਰਸੀ ਆਗੂਆਂ ਨੇ ਕਿਹਾ ਕਿ ਮਰਨ ਤੋਂ ਪਹਿਲਾਂ ਦਿੱਤਾ ਗਿਆ ਬਿਆਨ ਜਾਂਚ ਵਿੱਚ ਮਹੱਤਵਪੂਰਨ ਸਬੂਤ ਹੋ ਸਕਦਾ ਹੈ, ਇਸ ਲਈ ਇਸ ਵਿੱਚ ਲਗਾਏ ਗਏ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰਨਾ ਪੁਲਿਸ ਦੀ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾਂ ਮੰਗ ਕੀਤੀ ਕਿ ਕਿਸੇ ਵੀ ਸਿਆਸੀ ਜਾਂ ਅਹੁਦੇ ਦੇ ਪ੍ਰਭਾਵ ਤੋਂ ਬਿਨਾਂ ਮਾਮਲੇ ਦੀ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਾਂਚ ਕੀਤੀ ਜਾਵੇ।

ਸ਼ਿਕਾਇਤ ਵਿੱਚ ਇਹ ਦੋਸ਼ ਵੀ ਲਾਇਆ ਗਿਆ ਕਿ ਗੁਲਜ਼ਾਰ ਸਿੰਘ ਦਾ ਅੰਤਿਮ ਸਸਕਾਰ ਪਰਿਵਾਰ ਦੀ ਇੱਛਾ ਦੇ ਉਲਟ ਸਰਕਾਰੀ ਦਖ਼ਲ ਨਾਲ ਕਰਵਾਇਆ ਗਿਆ। ਆਗੂਆਂ ਨੇ ਇਸ ਨੂੰ ਵੀ ਗੰਭੀਰ ਮਾਮਲਾ ਦੱਸਦਿਆਂ ਪੂਰੇ ਘਟਨਾਕ੍ਰਮ ਦੀ ਜਾਂਚ ਦੀ ਮੰਗ ਕੀਤੀ।ਬਟਾਲਾ ਕਾਂਗਰਸ ਆਗੂਆਂ ਨੇ ਸਪੱਸ਼ਟ ਕੀਤਾ ਕਿ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਜੇਕਰ ਜਾਂਚ ਦੌਰਾਨ ਕਿਸੇ ਵੀ ਵਿਅਕਤੀ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਖ਼ਿਲਾਫ਼ ਬਿਨਾਂ ਕਿਸੇ ਭੇਦਭਾਵ ਦੇ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇ।

## ਨਿਰਵਿਘਨ ਬਿਜਲੀ ਦੇ ਦਾਅਵੇ ਫ਼ਾਡੀ: ਬਲਾਚੌਰ 'ਚ ਬਿਜਲੀ ਸੰਕਟ ਨੂੰ ਲੈ ਕੇ ਸਿਆਸੀ ਆਗੂਆਂ ਨੇ ਸਰਕਾਰ ਨੂੰ ਕੀਤਾ ਕਟਹਿਰੇ ਵਿੱਚ ਖੜ੍ਹਾ



ਬਲਾਚੌਰ, 11 ਸਤੰਬਰ (ਜਤਿੰਦਰਪਾਲ ਸਿੰਘ ਕਲੇਰ): ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਨਿਰਵਿਘਨ ਅਤੇ 24 ਘੰਟੇ ਬਿਜਲੀ ਦੇਣ ਦੇ ਦਾਅਵੇ ਹਲਕਾ ਬਲਾਚੌਰ ਵਿੱਚ ਪੂਰੀ ਤਰ੍ਹਾਂ ਖੋਖਲੇ ਸਾਬਤ ਹੋ ਰਹੇ ਹਨ। ਇੱਥੇ ਪੈ ਰਹੀ ਅਸਹਿ ਗਰਮੀ ਅਤੇ ਹੁੰਮਸ ਭਰੇ ਮੌਸਮ ਵਿੱਚ ਬਿਜਲੀ ਦੇ ਲੰਬੇ ਅਤੇ ਅਣਐਲਾਨੇ ਕੱਟਾਂ ਨੇ ਆਮ ਲੋਕਾਂ ਦਾ ਜਿਉਣਾ ਮੁਹਾਲ ਕਰ ਦਿੱਤਾ ਹੈ। ਦਿਨ ਚੜ੍ਹਦਿਆਂ ਹੀ ਸ਼ੁਰੂ ਹੋਣ ਵਾਲਾ ਬਿਜਲੀ ਦੀ ਆਵਾਜਾਈ ਦਾ ਇਹ ਸਿਲਸਿਲਾ ਦੇਰ ਰਾਤ ਤੱਕ ਜਾਰੀ ਰਹਿੰਦਾ ਹੈ, ਜਿਸ ਕਾਰਨ ਇਲਾਕੇ ਭਰ ਵਿੱਚ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਪ੍ਰਤੀ ਭਾਰੀ ਰੋਹ ਪਾਇਆ ਜਾ ਰਿਹਾ ਹੈ। ਇਸ ਗੰਭੀਰ ਮੁੱਦੇ ਨੂੰ ਲੈ ਕੇ ਵੱਖ-ਵੱਖ ਪ੍ਰਮੁੱਖ ਰਾਜਸੀ ਪਾਰਟੀਆਂ ਦੇ ਆਗੂਆਂ ਨੇ ਸਾਂਝੇ ਤੌਰ 'ਤੇ ਸਰਕਾਰ ਦੀ ਕਾਰਜਪ੍ਰਣਾਲੀ ਨੂੰ ਆੜੇ ਹੱਥੀਂ ਲੈਂਦਿਆਂ ਇਸ ਨੂੰ ਹਰ ਮੋਰਚੇ 'ਤੇ ਫ਼ੇਲ੍ਹ ਕਰਾਰ ਦਿੱਤਾ ਹੈ।

ਬਿਜਲੀ ਦੀ ਇਸ ਨਾਕਸ ਸਪਲਾਈ ਕਾਰਨ ਜਿੱਥੇ ਆਮ ਘਰੇਲੂ ਖਪਤਕਾਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਛੋਟੇ ਦੁਕਾਨਦਾਰਾਂ ਦਾ ਕੰਮ-ਕਾਰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਲੰਬੇ ਕੱਟਾਂ ਕਾਰਨ ਦੁਕਾਨਾਂ ਦੇ ਇਨਵਰਟਰ ਅਤੇ ਜਨਰੇਟਰ ਵੀ ਜਵਾਬ ਦੇ ਗਏ ਹਨ। ਇਸ ਤੋਂ ਇਲਾਵਾ ਸਕੂਲਾਂ ਅਤੇ ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ ਅਤੇ ਘਰਾਂ ਵਿੱਚ ਬਜ਼ੁਰਗਾਂ ਤੇ ਛੋਟੇ ਬੱਚਿਆਂ ਦਾ ਗਰਮੀ ਕਾਰਨ ਬੁਰਾ ਹਾਲ ਹੈ।

ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਸੰਦੀਪ ਭਾਟੀਆ (ਸੋਨੂੰ) ਆਦੋਆਣਾ, ਅਤੇ ਕਾਂਗਰਸ ਦੇ ਸੀਨੀਅਰ ਆਗੂ ਅਤੇ ਜਿਲ੍ਹਾਂ ਪ੍ਰਧਾਨ ਅਜੇ ਮੰਗੂਪੁਰ, ਨੇ ਸਖ਼ਤ ਸ਼ਬਦਾਂ ਵਿੱਚ ਪ੍ਰਤੀਕਰਮ ਦਿੰਦਿਆਂ ਆਖਿਆ ਕਿ ਅੱਜ ਦੇ ਆਧੁਨਿਕ ਅਤੇ ਡਿਜੀਟਲ ਦੌਰ ਵਿੱਚ ਵੀ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਜਿਵੇਂ ਕਿ ਪੀਣ ਵਾਲਾ ਪਾਣੀ ਅਤੇ ਬਿਜਲੀ ਵਰਗੀਆਂ ਮੁੱਢਲੀਆਂ ਲੋੜਾਂ ਲਈ ਤਰਸਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਵਿਗਿਆਪਨਾਂ ਦੀ ਰਾਜਨੀਤੀ ਕਰ ਰਹੀ ਹੈ ਜਦਕਿ ਜ਼ਮੀਨੀ ਹਕੀਕਤ ਇਹ ਹੈ ਕਿ ਪੰਜਾਬ ਦਾ ਬਿਜਲੀ ਪ੍ਰਬੰਧ ਪੂਰੀ ਤਰ੍ਹਾਂ ਲੜਖੜਾ ਚੁੱਕਾ ਹੈ।

ਇਸੇ ਲੜੀ ਨੂੰ ਅੱਗੇ ਵਧਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਗੁਰਪ੍ਰੀਤ ਗੁੱਜਰ ਰੈਲਮਾਜਰਾ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਤੇ ਹਲਕਾ ਇੰਚਾਰਜ ਸੇਠੀ ਸਰਪੰਚ ਥੋਪੀਆ ਨੇ ਵੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਵੱਡੀਆਂ-ਵੱਡੀਆਂ ਗਾਰੰਟੀਆਂ ਦੇਣ ਵਾਲੇ ਆਗੂ ਅੱਜ ਜਨਤਾ ਦੀਆਂ ਸਮੱਸਿਆਵਾਂ ਤੋਂ ਮੂੰਹ ਮੋੜ ਕੇ ਬੈਠੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਪਾਵਰਕੌਮ ਦੇ ਅਧਿਕਾਰੀ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਨੂੰ ਤਿਆਰ ਨਹੀਂ ਹਨ ਅਤੇ ਫ਼ੋਨ ਤੱਕ ਚੁੱਕਣੋਂ ਹਟ ਗਏ ਹਨ।

ਆਗੂਆਂ ਨੇ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਸਪਲਾਈ ਦੀ ਹਾਲਤ ਵਿੱਚ ਤੁਰੰਤ ਸੁਧਾਰ ਨਾ ਕੀਤਾ ਗਿਆ ਅਤੇ ਲੋੜੀਂਦੇ ਘੰਟੇ ਨਿਰਵਿਘਨ ਬਿਜਲੀ ਸਪਲਾਈ ਬਹਾਲ ਨਾ ਕੀਤੀ ਗਈ, ਤਾਂ ਸਮੂਹ ਸਿਆਸੀ ਆਗੂਆਂ, ਪੰਚਾਂ-ਸਰਪੰਚਾਂ ਅਤੇ ਇਲਾਕਾ ਨਿਵਾਸੀਆਂ ਨੂੰ ਨਾਲ ਲੈ ਕੇ ਸੜਕਾਂ 'ਤੇ ਉਤਰਦਿਆਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਸਾਫ਼ ਕਰ ਦਿੱਤਾ ਕਿ ਇਸ ਸੰਘਰਸ਼ ਦੌਰਾਨ ਪੈਦਾ ਹੋਣ ਵਾਲੇ ਹਾਲਾਤ ਦੀ ਸਾਰੀ ਜ਼ਿੰਮੇਵਾਰੀ ਸੂਬਾ ਸਰਕਾਰ ਅਤੇ ਬਿਜਲੀ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਹੋਵੇਗੀ।

# ਤਿੰਨ ਕਿਸ਼ੋਰ ਲੜਕੀਆਂ ਦੇ ਅਗਵਾ ਕਰਨ ਵਾਲੇ ਨੂੰ ਕਾਨਪੁਰ ਵਿੱਚ 40 ਸਾਲਾਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ; ਇਸ ਮਾਮਲੇ ਨਾਲ ਜੁੜੇ ਤਿੰਨ ਲੋਕਾਂ ਦੀ ਹੁਣ ਤੱਕ ਮੌਤ ਹੋ ਚੁੱਕੀ ਹੈ





।ਸੁਨੀਲ ਬਾਜਪਾਈਕਾਨਪੁਰ। ਤਿੰਨ ਕਿਸ਼ੋਰ ਲੜਕੀਆਂ ਦੇ ਅਗਵਾ ਕਰਨ ਵਾਲੇ ਨੂੰ 40 ਸਾਲਾਂ ਬਾਅਦ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ। ਇਹ ਸਖ਼ਤ ਅਤੇ ਸਮਰਪਿਤ ਪੁਲਿਸ ਕਾਰਵਾਈ ਦਰਸਾਉਂਦੀ ਹੈ ਕਿ ਨਾ ਸਿਰਫ਼ ਵਰਦੀਆਂ, ਸਗੋਂ ਬੁੱਧੀ, ਸਬਰ ਅਤੇ ਜ਼ਮੀਨ 'ਤੇ ਸੁਰਾਗ ਇਕੱਠੇ ਕਰਨ ਦੀ ਯੋਗਤਾ ਵੀ ਅਪਰਾਧ ਦੀ ਜਾਂਚ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਨਤੀਜੇ ਵਜੋਂ, ਕੋਈ ਅਪਰਾਧੀ ਕਿੰਨਾ ਵੀ ਚਲਾਕ ਕਿਉਂ ਨਾ ਹੋਵੇ, ਜੇਕਰ ਪੁਲਿਸ ਸੁਰਾਗ ਲੱਭਣ ਲਈ ਮਿਹਨਤ ਅਤੇ ਲਗਨ ਨਾਲ ਕੰਮ ਕਰੇ, ਤਾਂ ਉਸ ਲਈ ਕਾਨੂੰਨ ਦੇ ਸ਼ਿਕੰਜੇ ਤੋਂ ਬਚਣਾ ਮੁਸ਼ਕਲ ਹੋ ਜਾਂਦਾ ਹੈ।ਇਹ ਵਿਵਾਦਪੂਰਨ ਘਟਨਾ ਜੂਹੀ ਥਾਣਾ ਖੇਤਰ ਵਿੱਚ ਵਾਪਰੀ, ਜਿੱਥੇ 1984 ਵਿੱਚ, ਪ੍ਰਦੀਪ ਕੁਮਾਰ ਨਾਮ ਦੇ ਇੱਕ ਨੌਜਵਾਨ 'ਤੇ ਤਿੰਨ ਕਿਸ਼ੋਰ ਲੜਕੀਆਂ ਨੂੰ ਅਗਵਾ ਕਰਨ ਅਤੇ ਵਿਆਹ ਲਈ ਮਜਬੂਰ ਕਰਨ ਦਾ ਦੋਸ਼ ਲਗਾਇਆ ਗਿਆ ਸੀ। ਹੇਠਲੀ ਅਦਾਲਤ ਨੇ ਪ੍ਰਦੀਪ ਨੂੰ ਦੋਸ਼ੀ ਪਾਇਆ ਅਤੇ ਉਸਨੂੰ ਸਜ਼ਾ ਸੁਣਾਈ। ਫਿਰ ਉਹ 1987 ਵਿੱਚ ਹਾਈ ਕੋਰਟ ਵਿੱਚ ਅਪੀਲ ਦੁਆਰਾ ਦਿੱਤੀ ਗਈ ਰਾਹਤ ਦਾ ਫਾਇਦਾ ਉਠਾਉਂਦੇ ਹੋਏ ਫਰਾਰ ਹੋ ਗਿਆ। ਹਾਈ ਕੋਰਟ ਨੇ ਇਸ ਮਾਮਲੇ ਦਾ ਨੋਟਿਸ ਲੈਂਦਿਆਂ ਪੁਲਿਸ ਕਮਿਸ਼ਨਰ ਨੂੰ 7 ਅਗਸਤ ਨੂੰ ਜਵਾਬ ਦਾਇਰ ਕਰਨ ਲਈ ਕਿਹਾ। ਇਸ ਤੋਂ ਬਾਅਦ ਹੀ ਜੂਹੀ ਪੁਲਿਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਕੇ.ਕੇ. ਪਟੇਲ ਦੀ ਅਗਵਾਈ ਹੇਠ ਇੱਕ ਟੀਮ ਬਣਾਈ ਗਈ ਅਤੇ ਫਰਾਰ ਦੋਸ਼ੀ ਪ੍ਰਦੀਪ ਦੀ ਭਾਲ ਸ਼ੁਰੂ ਕੀਤੀ ਗਈ। ਇਸ ਲਈ, ਉਸਦੇ ਸਾਰੇ ਰਿਸ਼ਤੇਦਾਰਾਂ, ਜ਼ਮਾਨਤੀ, ਦੋਸਤਾਂ, ਜਾਣਕਾਰਾਂ, ਉਸਦੇ ਜਨਮ ਸਥਾਨ ਤੋਂ ਲੈ ਕੇ ਉਨ੍ਹਾਂ ਸਾਰੀਆਂ ਥਾਵਾਂ ਤੱਕ ਜਿੱਥੇ ਉਹ ਕਿਰਾਏਦਾਰ ਵਜੋਂ ਰਹਿੰਦਾ ਸੀ, ਸੰਪਰਕ ਕੀਤਾ ਗਿਆ। ਇਸ ਲਈ, ਜੇਲ੍ਹ ਵਿੱਚ ਲਗਭਗ 40 ਸਾਲ ਪੁਰਾਣੇ ਰਿਕਾਰਡ ਦੀ ਵੀ ਜਾਂਚ ਕੀਤੀ ਗਈ। ਪਰ ਫਿਰ ਵੀ ਕੋਈ ਸਫਲਤਾ ਨਹੀਂ ਮਿਲੀ। ਇਸ ਦੌਰਾਨ, ਪੂਰੀ ਜਾਂਚ ਰਾਹੀਂ, ਇਹ ਯਕੀਨੀ ਤੌਰ 'ਤੇ ਪਤਾ ਲੱਗਾ ਕਿ ਲਗਭਗ 39 ਸਾਲ ਪਹਿਲਾਂ ਜਿਨ੍ਹਾਂ ਕੁੜੀਆਂ ਨੂੰ ਅਗਵਾ ਕਰਕੇ ਲਿਜਾਇਆ ਗਿਆ ਸੀ, ਉਨ੍ਹਾਂ ਵਿੱਚੋਂ ਕੌਣ ਜਵਾਨ ਸਨ ਅਤੇ ਜਿਨ੍ਹਾਂ ਨੇ ਜ਼ਮਾਨਤੀ ਲਈ ਸੀ, ਉਨ੍ਹਾਂ ਵਿੱਚੋਂ ਕੌਣ ਮਰ ਗਿਆ ਹੈ। ਫਿਰ ਵੀ, ਯੋਗੀ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖਦੇ ਹੋਏ, ਇੰਸਪੈਕਟਰ ਕੇ.ਕੇ. ਦੀ ਅਗਵਾਈ ਵਾਲੀ ਮਿਹਨਤੀ, ਤਿੱਖੀ ਅਤੇ ਜੁਝਾਰੂ ਟੀਮ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ। ਪਟੇਲ, ਜਿਸ ਵਿੱਚ ਸਬ-ਇੰਸਪੈਕਟਰ ਵਿਪਿਨ ਕੁਮਾਰ, ਭੁਪੇਸ਼ ਰਾਠੀ, ਨਿਤਿਨ ਦੂਬੇ ਅਤੇ ਕਾਂਸਟੇਬਲ ਅੰਕਿਤ ਕੁਮਾਰ ਸ਼ਾਮਲ ਸਨ, ਜੋ ਮਿਲਟਰੀ ਕੈਂਪ ਆਊਟਪੋਸਟ ਵਿੱਚ ਕੰਮ ਕਰਦੇ ਹਨ, ਅਤੇ ਜਿਨ੍ਹਾਂ ਦੀ ਕਾਰਜਸ਼ੈਲੀ ਪੀੜਤਾਂ ਪ੍ਰਤੀ ਨਿਰਪੱਖ ਅਤੇ ਪਾਰਦਰਸ਼ੀ ਪਹੁੰਚ ਅਤੇ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਲਈ ਮਸ਼ਹੂਰ ਹੈ, ਨੇ ਹਾਰ ਨਹੀਂ ਮੰਨੀ। ਚੌਂਕੀ ਇੰਚਾਰਜ ਵਿਪਿਨ ਕੁਮਾਰ ਨੇ ਬਹੁਤ ਧੀਰਜ ਅਤੇ ਦੂਰਦਰਸ਼ੀਤਾ ਦਾ ਪ੍ਰਦਰਸ਼ਨ ਕਰਦੇ ਹੋਏ, ਚੋਣ ਕਮਿਸ਼ਨ ਰਾਹੀਂ ਦੋਸ਼ੀ ਦਾ ਪਤਾ ਲਗਾਉਣ ਲਈ ਆਪਣੇ ਯਤਨਾਂ ਨੂੰ ਨਿਰਦੇਸ਼ਿਤ ਕੀਤਾ, ਯਾਨੀ ਕਿ ਉਸਦਾ ਵੋਟਰ ਆਈਡੀ ਕਾਰਡ। ਇਸ ਦੌਰਾਨ, ਚੌਂਕੀ ਇੰਚਾਰਜ ਵਿਪਿਨ ਯਾਦਵ ਦੀ ਟੀਮ ਨੇ ਅਣਥੱਕ ਅਤੇ ਨਿਰੰਤਰ ਮਿਹਨਤ ਕਰਕੇ, ਕਿਸੇ ਤਰ੍ਹਾਂ ਦੋਸ਼ੀ ਪ੍ਰਦੀਪ ਦਾ ਵੋਟਰ ਆਈਡੀ ਕਾਰਡ ਪ੍ਰਾਪਤ ਕਰ ਲਿਆ। ਇਹ ਸਫਲਤਾ ਦਾ ਆਖਰੀ ਕਦਮ ਸੀ। ਜਦੋਂ ਚੋਣ ਕਮਿਸ਼ਨ ਦੀ ਵੈੱਬਸਾਈਟ ਦੀ ਖੋਜ ਕੀਤੀ ਗਈ, ਤਾਂ ਦੋਸ਼ੀ ਪ੍ਰਦੀਪ ਕੁਮਾਰ ਦਾ E P I C ਨੰਬਰ ਮਿਲਿਆ, ਜੋ ਕਿ ਇੱਕ ਮਹੱਤਵਪੂਰਨ ਸਫਲਤਾ ਸੀ। ਇੱਕ ਵਾਰ EPIC ਨੰਬਰ ਮਿਲ ਜਾਣ ਤੋਂ ਬਾਅਦ, ਪਰਿਵਾਰ ਦੇ ਵੇਰਵਿਆਂ ਦੀ ਖੋਜ ਕੀਤੀ ਗਈ। ਇਸ ਕ੍ਰਮ ਵਿੱਚ, ਜਦੋਂ ਬੀ.ਐਲ.ਓ. ਨਾਲ ਸੰਪਰਕ ਕੀਤਾ ਗਿਆ, ਤਾਂ ਇੱਕ ਰਿਸ਼ਤੇਦਾਰ ਬਾਰੇ ਜਾਣਕਾਰੀ ਮਿਲੀ ਅਤੇ ਜਦੋਂ ਉਸ ਰਿਸ਼ਤੇਦਾਰ ਤੋਂ ਪੁੱਛਗਿੱਛ ਕੀਤੀ ਗਈ, ਤਾਂ ਲਗਭਗ 2 ਮਹੀਨਿਆਂ ਤੋਂ ਚੱਲ ਰਹੀ ਤਲਾਸ਼ੀ ਨੂੰ ਪੂਰਾ ਕਰਦੇ ਹੋਏ, ਡਿਊਟੀ ਪ੍ਰਤੀ ਵਫ਼ਾਦਾਰੀ ਦੀ ਪ੍ਰੀਖਿਆ ਦਾ ਪਹਿਲਾ ਦਰਜਾ ਨਤੀਜਾ ਦੋਸ਼ੀ ਪ੍ਰਦੀਪ ਕੁਮਾਰ ਦੀ ਗ੍ਰਿਫਤਾਰੀ ਦੇ ਰੂਪ ਵਿੱਚ ਸਾਹਮਣੇ ਆਇਆ, ਜੋ ਕਿ ਲਗਭਗ 40 ਸਾਲਾਂ ਤੋਂ ਫਰਾਰ ਸੀ।

# - ਦਿੱਲੀ ਵਿਖੇ ਸੀਨੀਅਰ ਕਾਂਗਰਸੀ ਆਗੂ ਬ੍ਰਹਮ ਮੋਹਿੰਦਰਾ ਨੇ ਪੰਜਾਬ ਮਾਮਲਿਆਂ ਦੇ ਨਵ-ਨਿਯੁਕਤ ਇੰਚਾਰਜ ਸਚਿਨ ਪਾਇਲਟ ਨਾਲ ਕੀਤੀ ਮੁਲਾਕਾਤ; ਦਿੱਤੀ ਵਧਾਈ- ਸਚਿਨ ਪਾਇਲਟ ਦੀ ਅਗਵਾਈ ਹੇਠ ਸੰਗਠਨ ਹੋਵੇਗਾ ਹੋਰ ਮਜ਼ਬੂਤ, 2027 'ਚ ਪੰਜਾਬ ਅੰਦਰ ਬਣੇਗੀ ਕਾਂਗਰਸ ਦੀ ਸਰਕਾਰ: ਬ੍ਰਹਮ ਮੋਹਿੰਦਰਾ



ਪਟਿਆਲਾ 11 ਸਤੰਬਰ ( )ਆਲ ਇੰਡੀਆ ਕਾਂਗਰਸ ਕਮੇਟੀ ਦੇ ਮੁੱਖ ਦਫ਼ਤਰ, ਨਵੀਂ ਦਿੱਲੀ ਵਿਖੇ ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸ਼੍ਰੀ ਬ੍ਰਹਮ ਮੋਹਿੰਦਰਾ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਜਨਰਲ ਸਕੱਤਰ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ਼੍ਰੀ ਸਚਿਨ ਪਾਇਲਟ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦੇ ਇੰਚਾਰਜ ਵਜੋਂ ਮਿਲੀ ਇਸ ਅਹਿਮ ਜ਼ਿੰਮੇਵਾਰੀ ਲਈ ਗੁਲਦਸਤਾ ਭੇਂਟ ਕਰਕੇ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ।ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਕਾਰ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤਾਂ, ਸੰਗਠਨਾਤਮਕ ਢਾਂਚੇ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਕਰਨ ਸਬੰਧੀ ਅਹਿਮ ਵਿਚਾਰ-ਵਟਾਂਦਰਾ ਹੋਇਆ।ਸ਼੍ਰੀ ਬ੍ਰਹਮ ਮੋਹਿੰਦਰਾ ਨੇ ਕਿਹਾ ਕਿ ਸਚਿਨ ਪਾਇਲਟ ਇੱਕ ਨੌਜਵਾਨ, ਗਤੀਸ਼ੀਲ ਅਤੇ ਤਜ਼ਰਬੇਕਾਰ ਆਗੂ ਹਨ, ਜਿਨ੍ਹਾਂ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਨੂੰ ਜ਼ਮੀਨੀ ਪੱਧਰ 'ਤੇ ਨਵੀਂ ਊਰਜਾ ਅਤੇ ਮਜ਼ਬੂਤੀ ਮਿਲੇਗੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਪਾਰਟੀ ਦਾ ਹਰ ਵਰਕਰ ਇੱਕਜੁੱਟ ਹੋ ਕੇ ਕੰਮ ਕਰੇਗਾ ਅਤੇ ਸੂਬੇ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆ ਕੇ ਕਾਂਗਰਸ ਵੱਲ ਉਮੀਦ ਨਾਲ ਦੇਖ ਰਹੇ ਹਨ, ਜਿਸ ਦੇ ਚੱਲਦਿਆਂ 2027 ਦੀਆਂ ਵਿਧਾਨ ਸਭਾ ਚੋਣਾਂ ਉਪਰੰਤ ਪੰਜਾਬ ਵਿੱਚ ਪੂਰਨ ਬਹੁਮਤ ਨਾਲ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ।






# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖੰਨਾ ਵਿਚ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਕੋਠੀ ਦਾ ਕੀਤਾ ਗਿਆ ਘਰਾਉ -- ਪੰਜ ਵਿਧਾਨ ਸਭਾ ਹਲਕਿਆਂ ਵਿੱਚੋਂ 100 ਤੋਂ ਵੱਧ ਬੰਦੇ ਇਕੱਠੇ ਨਹੀਂ ਕਰ ਸਕੇ



ਖੰਨਾ, 11 ਸਤੰਬਰ (ਅਰਵਿੰਦਰ ਸਿੰਘ ਸਵੈਚ, ਗੀਤਾ ਰਾਣੀ )ਅੱਜ ਪੂਰੇ ਪੰਜਾਬ ਦੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਖਿਲਾਫ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਥਾਂ-ਥਾਂ ਤੇ ਰੋਸ ਮੁਜਾਰੇ ਕੀਤੇ ਗਏ ਅਤੇ ਪੰਜਾਬ ਦੇ ਕੈਬਨਿਟ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਗਿਆ !

ਖੰਨਾ ਵਿੱਚ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਕੋਠੀ ਦਾ ਘਿਰਾਓ ਕਰਨ ਲਈ ਪੰਜ ਵਿਧਾਨ ਸਭਾ ਹਲਕਿਆਂ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਜੱਥੇਬੰਦੀ ਸੌ ਤੋਂ ਵੱਧ ਬੰਦੇ ਇਕੱਠੇ ਨਾ ਕਰ ਸਕੀ! ਜੇਕਰ ਹਲਕਾ ਸਮਰਾਲਾ ਦੇ ਇੰਚਾਰਜ ਬਰਜਿੰਦਰ ਸਿੰਘ ਬਬਲੂ ਲੋਪੋਂ ਦੇ ਇਕੱਠ ਨੂੰ ਮਨਫੀ ਕਰ ਦਈਏ ਤਾਂ ਸਥਿਤੀ ਹਾਸੋਹੀਣੀ ਹੋ ਸਕਦੀ ਸੀ! ਇਸ ਮੌਕੇ ਪੁਲਿਸ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਸਨ।

ਖੰਨਾ ਵਿਖੇ ਵੀ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਕੋਠੀ ਦਾ ਘਿਰਾਓ ਕਰਨ ਲਈ ਵਰਕਰਾਂ ਵੱਲੋਂ ਸਿਰਾਂ ਤੇ ਕਾਲੀਆਂ ਪੱਟੀਆਂ ਬੰਨ ਕੇ ਪਾਰਟੀ ਦੇ ਮੁੱਖ ਬੁਲਾਰੇ ਅਤੇ ਹਲਕਾ ਪਾਇਲ ਦੇ ਇੰਚਾਰਜ ਸੰਦੀਪ ਸਿੰਘ ਰੁਪਾਲੋਂ ਅਤੇ ਹਲਕਾ ਰਾਏਕੋਟ ਦੇ ਇੰਚਾਰਜ ਜਗਰੂਪ ਸਿੰਘ ਦੀ ਅਗਵਾਈ ਦੇ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ! ਇਸ ਇਕੱਠ ਨੂੰ ਪਾਰਟੀ ਦੇ ਸੀਨੀਅਰ ਆਗੂ ਬਰਜਿੰਦਰ ਸਿੰਘ ਬਬਲੂ ਲੋਪੋਂ ਅਤੇ ਰਜੀਵ ਕੁਮਾਰ ਲਵਲੀ ਨੇ ਸੰਬੋਧਨ ਕੀਤਾ! ਖੰਨਾ ਦੇ ਡਾਕਟਰ ਭੀਮ ਰਾਓ ਅੰਬੇਡਕਰ ਚੌਂਕ ਤੋਂ ਕਾਫਲੇ ਦੇ ਰੂਪ ਦੇ ਵਿੱਚ ਪਾਰਟੀ ਵਰਕਰਾਂ ਵੱਲੋਂ ਮਾਰਚ ਸ਼ੁਰੂ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਖੰਨਾ ਰਿਹਾਇਸ਼ ਦੇ ਮੂਹਰੇ ਜਾ ਕੇ ਰੋਸ ਪ੍ਰਦਰਸ਼ਨ ਕੀਤਾ! ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਅੱਜ ਪੂਰੇ ਪੰਜਾਬ ਦੇ ਵਿੱਚ ਜੰਗਲ ਦਾ ਰਾਜ ਹੈ ਹਰ ਪਾਸੇ ਪੁਲਿਸ ਦੇ ਜ਼ੋਰ ਨਾਲ ਲੋਕਾਂ ਨੂੰ ਕੁੱਟਿਆ ਵੀ ਜਾ ਰਿਹਾ ਤੇ ਉਹਨਾਂ ਦੀ ਆਵਾਜ਼ ਨੂੰ ਦਬਾਇਆ ਵੀ ਜਾ ਰਿਹਾ! ਇਸ ਤੋਂ ਵੱਡੀ ਮਾੜੀ ਗੱਲ ਕੀ ਹੋ ਸਕਦੀ ਆ ਕਿ ਇੱਕ ਦਲਿਤ ਵਿੱਤ ਮੰਤਰੀ ਹਰਪਾਲ ਸਿੰਘ ਚੀਮੇ ਵੱਲੋਂ ਹੀ ਇੱਕ ਦਲਿਤ ਮਜ਼ਦੂਰ ਗੁਲਜ਼ਾਰ ਸਿੰਘ ਨੂੰ ਮਰਨ ਲਈ ਮਜਬੂਰ ਕੀਤਾ ਤੇ ਬਾਅਦ ਪੁਲਿਸ ਦੇ ਜ਼ੋਰ ਦੇ ਨਾਲ ਉਸ ਦਾ ਸੰਸਕਾਰ ਕਰਵਾਇਆ! ਪੰਜਾਬ ਸਰਕਾਰ ਦੱਸੇ ਕਿ ਗੁਲਜਾਰ ਸਿੰਘ ਦਾ ਕਸੂਰ ਕੀ ਸੀ? ਜਿਹੜੀ ਸਰਕਾਰ ਹਰ ਰੋਜ਼ ਕਹਿੰਦੀ ਹੈ ਕਿ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ। ਗੁਲਜਾਰ ਸਿੰਘ ਦੀ ਮੌਤ ਉਹ ਸਰਕਾਰ ਦੇ ਮੂੰਹ ਦੇ ਉੱਤੇ ਕਰਾਰੀ ਚਪੇੜ ਹੈ! ਸਰਕਾਰ ਇਸੇ ਕਰਕੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਬਾਹਰ ਨਹੀਂ ਆਉਣ ਦੇ ਰਹੀ ਕਿਉਂਕਿ ਉਹ ਨਸ਼ਿਆਂ ਦੇ ਖਿਲਾਫ ਬੋਲਦਾ ਸੀ !ਅੰਮ੍ਰਿਤਪਾਲ ਸਿੰਘ ਦਾ ਕਸੂਰ ਇਨਾ ਹੀ ਸੀ ਉਹ ਨਸ਼ੇ ਛਡਾਉਂਦਾ ਸੀ, ਇਸੇ ਕਰਕੇ ਉਹ ਸਰਕਾਰਾਂ ਨੂੰ ਚੰਗਾ ਨਹੀਂ ਲੱਗਿਆ! ਸਰਕਾਰ ਆਪਣਾ ਵਿਰੋਧ ਕਰਨ ਵਾਲਿਆਂ ਅੰਨੇ ਜ਼ੁਲਮ ਤੇ ਤਸ਼ੱਦਦ ਦਾ ਸ਼ਿਕਾਰ ਬਣਾ ਰਹੀ ਹੈ! ਸਰਕਾਰ ਨੂੰ ਇਹ ਗੱਲ ਬਿਲਕੁਲ ਵੀ ਮਨਜ਼ੂਰ ਨਹੀਂ ਕਿ ਕੋਈ ਆਮ ਵਿਅਕਤੀ ਉਹਨਾਂ ਦਾ ਵਿਰੋਧ ਕਰੇ !ਇਸ ਦੀ ਤਾਜ਼ਾ ਉਦਾਹਰਨ ਹੈ ਭਗਵੰਤ ਮਾਨ ਸਰਕਾਰ ਦਾ ਵਿਰੋਧ ਕਰਨ ਵਾਲੇ ਮੋਹਨਜੀਤ ਸਿੰਘ ਨੂੰ ਕੇਵਲ ਇਸ ਕਰਕੇ ਅੰਨੇ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ ਕਿ ਉਸ ਨੇ ਮੁੱਖ ਮੰਤਰੀ ਨੂੰ ਕਾਲੇ ਝੰਡੇ ਦਿਖਾਏ ਤੇ ਅਮਨ ਅਰੋੜੇ ਤੋਂ ਇਹ ਗੱਲ ਬਰਦਾਸ਼ਤ ਨਹੀਂ ਹੋਈ ! ਜਿਹੜੇ ਆਮ ਆਦਮੀ ਪਾਰਟੀ ਵਾਲੇ ਸਰਕਾਰ ਬਣਾਉਣ ਤੋਂ ਪਹਿਲਾਂ ਕਹਿੰਦੇ ਸੀ ਕਿ ਕੋਈ ਵੀ ਵਿਅਕਤੀ ਸਾਥੋਂ ਕੋਈ ਵੀ ਸਵਾਲ ਪੁੱਛ ਸਕਦਾ ਹੈ ਅੱਜ ਇੱਕ ਬੰਦੇ ਦਾ ਵੀ ਵਿਰੋਧ ਝੱਲਣ ਦੇ ਸਮਰੱਥ ਨਹੀਂ! ਮੋਹਣ ਜੀਤ ਉੱਤੇ ਪੁਲਿਸ ਵਾਲਿਆਂ ਵੱਲੋਂ ਜਿੰਨਾ ਤਸ਼ੱਦਦ ਕੀਤਾ

ਉਸ ਨਾਲ ਉਸ ਦੀ ਮੌਤ ਵੀ ਹੋ ਸਕਦੀ ਸੀ !ਪੰਜਾਬ ਸਰਕਾਰ ਨੇ ਉਸ ਨੂੰ ਇਨਸਾਫ ਦੇਣ ਦੀ ਬਜਾਏ ਕੇਵਲ ਗੱਲ ਨੂੰ ਦਬਾਉਣ ਖਾਤਿਰ ਸੰਬੰਧਿਤ ਪੁਲਿਸ ਅਫਸਰਾਂ ਦੇ ਤਬਾਦਲੇ ਕਰਕੇ ਲੋਕਾਂ ਦੇ ਅੱਖਾਂ ਵਿੱਚ ਘੱਟਾ ਪਾਇਆ! ਉਹਨਾਂ ਨੇ ਕਿਹਾ ਕਿ ਇਸ ਤੋਂ ਵੱਡੀ ਸ਼ਰਮ ਵਾਲੀ ਗੱਲ ਕੀ ਹੋ ਸਕਦੀ ਕਿ ਮੁੱਖ ਮੰਤਰੀ ਦੇ ਧਰਮ ਪਤਨੀ ਉੱਤੇ ਕਥਿਤ ਤੌਰ ਤੇ ਰੇਪ ਅਪਰਾਧੀ ਨੂੰ ਬਚਾਉਣ ਖਾਤਿਰ ਪੰਜ ਕਰੋੜ ਦੀ ਰਿਸ਼ਵਤ ਲੈਣ ਦੇ ਦੋਸ਼ ਲੱਗੇ ਹੋਣ! ਸਰਕਾਰ ਵੱਲੋਂ ਕਾਰਵਾਈ ਕਰਨ ਦੀ ਬਜਾਏ ਹਰ ਵਾਰ ਝੂਠੀ ਵੀਡੀਓ ਕਹਿ ਕੇ ਦੋਸ਼ ਨਕਾਰ ਦਿੱਤੇ ਜਾਂਦੇ ਹਨ! ਪਹਿਲਾਂ ਵੀ ਸੂਬੇ ਦੇ ਮੁੱਖ ਮੰਤਰੀ ਦੀਆਂ ਬਹੁਤ ਸਾਰੀਆਂ ਵੀਡੀਓਜ਼ ਲੋਕਾਂ ਦੇ ਸਾਹਮਣੇ ਆ ਚੁੱਕੀਆਂ ਹਨ। ਪਰ ਹਰ ਵਾਰ ਇੱਕੋ ਰਾਗ ਅਲਾਪਿਆ ਜਾਂਦਾ ਹੈ ਕਿ ਇਹ ਫਰਜ਼ੀ ਹਨ !

ਉਨ੍ਹਾਂ ਨੇ ਕਿਹਾ ਕਿ ਜਿਹੜੀ ਸਰਕਾਰ ਕਹਿੰਦੀ ਸੀ ਕਿ ਪੰਜਾਬ ਦੇ ਵਿੱਚੋਂ ਪੂਰੀ ਤਰ੍ਹਾਂ ਨਸ਼ਾ ਖਤਮ ਹੋ ਗਿਆ ਅੱਜ ਉਸੇ ਸਰਕਾਰ ਦੇ ਰਾਜ ਦੇ ਵਿੱਚ ਨਸ਼ਿਆਂ ਦੇ ਆਦੀ ਨੌਜਵਾਨਾਂ ਦੇ ਮਾਪੇ ਸਲਫਾਸ ਪੀ ਕੇ ਆਪਣੀ ਜਾਨ ਦੇ ਰਹੇ ਹਨ !ਜੋ ਹਾਲਾਤ ਇਸ ਵਕਤ ਸੂਬੇ ਦੀ ਹੈ ਉਸ ਤੋਂ ਦੇਖ ਕੇ ਲੱਗਦਾ ਹੈ ਕਿ ਪੰਜਾਬ ਦੇ ਵਿੱਚ ਜੰਗਲ ਦਾ ਰਾਜ ਹੈ !ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਕਿਹਾ ਜਿੰਨਾ ਚਿਰ ਮੋਹਣਜੀਤ ਸਿੰਘ ਉਪਰ ਤਸ਼ੱਦਦ ਕਰਨ ਵਾਲੇ ਪੁਲਿਸ ਅਫਸਰਾਂ ਉੱਤੇ ਪਰਚਾ ਦਰਜ਼ ਨਹੀਂ ਹੁੰਦਾ ਅਤੇ ਮੰਤਰੀ ਅਮਨ ਅਰੋੜੇ ਨੂੰ ਐਫਆਈਆਰ ਵਿੱਚ ਸ਼ਾਮਿਲ ਨਹੀਂ ਕੀਤਾ ਜਾਂਦਾ ਅਤੇ ਗੁਲਜਾਰ ਸਿੰਘ ਦੀ ਮੌਤ ਦੇ ਜ਼ਿੰਮੇਵਾਰ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮੇ ਉੱਤੇ ਮਾਮਲਾ ਦਰਜ਼ ਨਹੀਂ ਕੀਤਾ ਜਾਂਦਾ ਉਨਾ ਚਿਰ ਸਾਡਾ ਵਿਰੋਧ ਪ੍ਰਦਰਸ਼ਨ ਪੂਰੇ ਪੰਜਾਬ ਦੇ ਵਿੱਚ ਇਸੇ ਤਰ੍ਹਾਂ ਜਾਰੀ ਰਹੇਗਾ !

# ਸ਼ਿਵਾਲਿਕ ਪਬਲਿਕ ਸਕੂਲ ਤਪਾ ਦੇ ਕਾਮਰਸ ਵਿਦਿਆਰਥੀਆਂ ਦਾ ਉਦਯੋਗਿਕ ਦੌਰਾ



ਤਪਾ ਮੰਡੀ 11ਸਤੰਬਰ( ਧੀਮਾਨ ) ਸ਼ਿਵਾਲਿਕ ਪਬਲਿਕ ਸਕੂਲ ਤਪਾ ਦੇ ਜਮਾਤ 11ਵੀਂ ਅਤੇ 12ਵੀਂ ਕਾਮਰਸ ਦੇ ਵਿਦਿਆਰਥੀਆਂ ਵੱਲੋਂ ਟ੍ਰਾਈਡੈਂਟ ਫੈਕਟਰੀ, ਧੌਲਾ ਵਿਖੇ ਉਦਯੋਗਿਕ ਦੌਰਾ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੇ ਕੰਮਕਾਜ, ਉਤਪਾਦਨ ਪ੍ਰਕਿਰਿਆ ਅਤੇ ਵਪਾਰਕ ਪ੍ਰਬੰਧਨ ਦੀ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ।

ਦੌਰਾਨ ਵਿਦਿਆਰਥੀਆਂ ਨੇ ਫੈਕਟਰੀ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕਰਕੇ ਉਤਪਾਦਨ ਦੀ ਪ੍ਰਕਿਰਿਆ ਨੂੰ ਨੇੜਿਓਂ ਸਮਝਿਆ। ਉਨ੍ਹਾਂ ਨੇ ਉਦਯੋਗ ਵਿੱਚ ਵਰਤੀ ਜਾਂਦੀ ਆਧੁਨਿਕ ਤਕਨਾਲੋਜੀ, ਪ੍ਰਬੰਧਨ ਪ੍ਰਣਾਲੀ ਅਤੇ ਗੁਣਵੱਤਾ ਨਿਯੰਤਰਣ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਵਿਦਿਆਰਥੀਆਂ ਨੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਆਪਣੇ ਸਵਾਲਾਂ ਦੇ ਜਵਾਬ ਵੀ ਪ੍ਰਾਪਤ ਕੀਤੇ।

ਇਸ ਉਦਯੋਗਿਕ ਦੌਰੇ ਨੇ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਨੂੰ ਅਸਲ ਉਦਯੋਗਿਕ ਮਾਹੌਲ ਨਾਲ ਜੋੜਨ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਮੋਨਿਕਾ ਗਰਗ ਨੇ ਕਿਹਾ ਕਿ ਅਜਿਹੇ ਵਿਦਿਅਕ ਦੌਰੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਵਿੱਖ ਦੇ ਕਰੀਅਰ ਅਤੇ ਉਦਯੋਗਿਕ ਖੇਤਰ ਦੀਆਂ ਸੰਭਾਵਨਾਵਾਂ ਬਾਰੇ ਜਾਣੂ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਰਾਜਪੂਤ ਭਾਈਚਾਰੇ ਦੀ ਮੀਟਿੰਗ ਵਿੱਚ ਉੱਠੀ ਸਿੱਖ ਇਤਿਹਾਸ ਦੇ ਸ਼੍ਰੋਮਣੀ ਸ਼ਹੀਦ ਭਾਈ ਮਨੀ ਸਿੰਘ ਦਾ ਇਤਿਹਾਸ ਦਰੁਸਤ ਕਰਨ ਦੀ ਮੰਗ



ਲੁਧਿਆਣਾ 11 ਸਤੰਬਰ (ਕਰਨੈਲ ਸਿੰਘ ਐੱਮ.ਏ.) ਸਿੱਖ ਇਤਿਹਾਸ ਦੇ ਸ਼੍ਰੋਮਣੀ ਸ਼ਹੀਦ ਭਾਈ ਮਨੀ ਦਾਸ ਜੀ ਦੇ ਇਤਿਹਾਸ ਨੂੰ ਬਾਣੀ ਦੇ ਆਧਾਰ ਤੇ ਦਰੁਸਤ ਕਰਨ ਦੀ ਮੰਗ ਨੂੰ ਲੈ ਕੇ ਰਾਹੋਂ ਰੋਡ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਬਾ ਬਚਿੱਤਰ ਸਿੰਘ ਦੀ ਅਹਿਮ) ਦੇ ਬੈਨਰ ਹੇਠ ਰਾਜਪੂਤ ਭਾਈਚਾਰੇ ਦੀ ਮੀਟਿੰਗ ਸੁਰਿੰਦਰ ਸਿੰਘ ਮਾਸਕੋ ਵੱਲੋਂ ਆਯੋਜਿਤ ਕੀਤੀ ਗਈ। ਜਿਸ ਵਿੱਚ ਬੁਲਾਰਿਆਂ ਨੇ ਸ਼੍ਰੋਮਣੀ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਇਤਿਹਾਸ ਤੋੜ ਮਰੋੜ ਕੇ ਪੇਸ਼ ਕਰਨ ਵਾਲਿਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸਦੇ ਨਾਲ ਹੀ ਮੀਟਿੰਗ ਵਿੱਚ ਮੌਜੂਦ ਸਾਰੇ ਭਾਈਚਾਰੇ ਨੂੰ ਭਾਈ ਮਨੀ ਸਿੰਘ ਜੀ ਦੇ ਸਹੀ ਇਤਿਹਾਸ ਦੀ ਜਾਣਕਾਰੀ ਦਿੱਤੀ ਗਈ। ਬੁਲਾਰਿਆਂ ਨੇ ਦੱਸਿਆ ਕਿ ਬਾਬਾ ਭਿਖਾ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ। ਉਹਨਾਂ ਦੇ ਪਰਿਵਾਰ ਵਿੱਚੋਂ ਸੇਵਾ ਸਿੰਘ ਕਿਰਤ, ਸ਼ਹੀਦ ਬਿਲਾਸ ਅਤੇ ਦੂਜਾ ਉਦਾਹਰਣ ਕਿਰਤ ਭੱਟ ਦੇ ਪੁੱਤਰ ਬੋਹਤ ਨੇ ਭਾਈ ਮਨੀ ਸਿੰਘ ਦੇ ਜਨਮ ਸਥਾਨ ਅਤੇ ਜਨਮ ਤਾਰੀਖ ਦਾ ਹਵਾਲਾ ਦਿੱਤਾ ਹੈ। ਉਹਨਾਂ ਨੇ ਭਾਈ ਮਨੀ ਸਿੰਘ ਜੀ ਦਾ ਜਨਮ 10 ਮਾਰਚ 1644 ਈਸਵੀ ਦਿਨ ਐਤਵਾਰ ਦੱਸਿਆ ਹੈ। ਸ਼ਹੀਦ ਬਿਲਾਸ ਦੇ ਮੁਤਾਬਿਕ 10 ਮਾਰਚ 1644 ਨੂੰ ਭਾਈ ਮਾਈ ਦਾਸ ਦੇ ਘਰ ਅਲੀਪੁਰ ਸਮਾਣੀ (ਪਾਕਿਸਤਾਨ) ਵਿਖੇ ਭਾਈ ਮਨੀ ਸਿੰਘ ਦਾ ਜਨਮ ਹੋਇਆ ਸੀ। ਪਰ ਕੁਝ ਪ੍ਰਚਾਰਕ ਉਹਨਾਂ ਦਾ ਜਨਮ ਸਥਾਨ ਲੌਂਗੋਵਾਲ ਕਾਲਾ ਸਿੰਘ ਦੱਸ ਰਹੇ ਹਨ। ਗਿਆਨੀ ਗਿਆਨ ਸਿੰਘ ਨੇ ਭਾਈ ਮਨੀ ਸਿੰਘ ਨੂੰ ਦੁਲੱਟ ਜੱਟ ਦੱਸ ਦਿੱਤਾ ਹੈ। ਜਦਕਿ ਗੁਪਾਲ ਸਿੰਘ ਦਰਦੀ ਜਲੰਧਰ ਵਾਲਿਆਂ ਨੇ ਭਾਈ ਮਨੀ ਸਿੰਘ ਨੂੰ ਕੰਬੋਜ ਦੱਸਿਆ ਹੈ। ਐਸ ਪੀ ਲੁਬਾਣਾ ਨੇ ਉਹਨਾਂ ਨੂੰ ਬਾਜੀਗਰ ਦੱਸ ਦਿੱਤਾ ਹੈ। ਉਹਨਾਂ ਕਿਹਾ ਕਿ ਸਿੱਖ ਇਤਿਹਾਸ ਦੇ ਸ਼੍ਰੋਮਣੀ ਸ਼ਹੀਦ ਬਾਰੇ ਵੱਖ-ਵੱਖ ਤਰ੍ਹਾਂ ਦੇ ਪ੍ਰਚਾਰ ਸੰਗਤਾਂ ਨੂੰ ਗੁਮਰਾਹ ਕਰਦੇ ਹਨ। ਇਸ ਕਰਕੇ ਬਾਣੀ ਦੇ ਆਧਾਰ ਤੇ ਹੀ ਭਾਈ ਮਨੀ ਸਿੰਘ ਦੇ ਵੇਰਵੇ ਸਹੀ ਹੋਣੇ ਚਾਹੀਦੇ ਹਨ। ਇਸ ਮੀਟਿੰਗ ਵਿੱਚ ਪ੍ਰਧਾਨ ਕਰਨੈਲ ਸਿੰਘ ਰਾਠੌਰ, ਜੱਥੇਦਾਰ ਸੁਰਿੰਦਰ ਸਿੰਘ ਮਾਸਕੋ, ਪੰਥ ਦੇ ਪ੍ਰਸਿੱਧ ਢਾਡੀ ਰੋਸ਼ਨ ਸਿੰਘ ਸਾਗ਼ਰ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਹਰਦੀਪ ਸਿੰਘ ਢੇਰੀ, ਭਾਈ ਸੁਰਜੀਤ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਿੱਖੀ ਦੀ ਨਿਆਈ ਸ਼ਹੀਦ ਭਾਈ ਮਨੀ ਸਿੰਘ ਜੀ, ਸਰਵਨ ਸਿੰਘ ਮਾਛੀਆਂ ਕਲਾਂ, ਜਪਨਾਮ ਸਿੰਘ ਚੌਹਾਨ ਪ੍ਰਧਾਨ ਰਾਜਪੂਤ ਭਾਈਚਾਰਾ ਪੰਜਾਬ, ਹਰਮਨਜੋਤ ਸਿੰਘ ਚੌਹਾਨ, ਗੁਰਮੇਲ ਸਿੰਘ ਢੇਰੀ, ਗੁਰਮੇਜ ਸਿੰਘ ਚੌਹਾਨ ਅਤੇ ਗੁਰਜੀਤ ਸਿੰਘ ਰਾਠੌਰ ਮੌਜੂਦ ਰਹੇ।

# ਬਾਂਸਲ ਨੇ ਹੋਲੀ ਫੈਮਿਲੀ ਕੋਨਵੈਂਟ ਸਕੂਲ ਦੀ ਨੀਂਹ ਰੱਖੀ



ਤਪਾ ਮੰਡੀ, 11 ਸਤੰਬਰ (ਧੀਮਾਨਤਪਾ ਢਿਲਵਾਂ ਰੋਡ ਤੇ ਸਥਿਤ ਬਿਰਧ ਆਸ਼ਰਮ ਨਜ਼ਦੀਕ ਹੋਲੀ ਫੈਮਿਲੀ ਕੋਨਵੈਂਟ ਸਕੂਲ ਦੀ ਨਵੀਂ ਇਮਾਰਤ ਦੀ ਨੀਂਹ ਰੱਖਣ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਅਤੇ ਮਹਾਂਕਾਵੜ ਸੰਘ ਦੇ ਸੂਬਾ ਪ੍ਰਧਾਨ ਤਰਲੋਚਨ ਬਾਂਸਲ ਵੱਲੋਂ ਸਕੂਲ ਦੀ ਨੀਂਹ ਰੱਖੀ ਗਈ। ਨੀਂਹ ਰੱਖਣ ਤੋਂ ਪਹਿਲਾਂ ਧਾਰਮਿਕ ਰਸਮਾਂ ਵੀ ਅਦਾ ਕੀਤੀਆਂ ਗਈਆਂ।ਇਸ ਮੌਕੇ ਤਰਲੋਚਨ ਬਾਂਸਲ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿਚ ਵਧੀਆ ਸੰਸਥਾਵਾਂ ਦੀ ਸਥਾਪਨਾ ਕਰਨਾ ਸਮਾਜ ਦੀ ਵੱਡੀ ਲੋੜ ਹੈ। ਸਕੂਲ ਦੀ ਨਵੀਂ ਇਮਾਰਤ ਬਣਨ ਨਾਲ ਇਲਾਕੇ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਅਤੇ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨਾ ਵੀ ਬਹੁਤ ਜ਼ਰੂਰੀ ਹੈ। ਉਪਰੰਤ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਆਧੁਨਿਕ ਕੰਪਿਊਟਰ ਪ੍ਰਯੋਗਸ਼ਾਲਾ ,ਸਾਇੰਸ ਪ੍ਰਯੋਗਸ਼ਾਲਾ , ਮੈਥ ਪ੍ਰਯੋਗਸ਼ਾਲਾ, ਸਮਾਜਿਕ ਸਿੱਖਿਆ ਪ੍ਰਯੋਗਸ਼ਾਲਾ, ਸਮਾਰਟ ਕਲਾਸਾਂ, ਆਧੁਨਿਕ ਸਹੂਲਤਾਂ ਨਾਲ ਲੈਸ ਲਾਇਬ੍ਰੇਰੀ ਅਤੇ ਵਿਸ਼ਾਲ ਖੇਡ ਦੇ ਮੈਦਾਨ ਤੋਂ ਇਲਾਵਾ ਹੋਰ ਬੇਹਤਰੀਨ ਸਹੂਲਤਾਂ ਨਾਲ ਲੈਸ ਹੋਵੇਗਾ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਨੀਂਹ ਰੱਖਣ ਲਈ ਤਰਲੋਚਨ ਬਾਂਸਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਾਬਕਾ ਟਰੱਕ ਯੂਨੀਅਨ ਪ੍ਰਧਾਨ ਤੇਜਿੰਦਰ ਸਿੰਘ ਢਿਲਵਾਂ, ਹਲਕਾ ਭਦੌੜ ਟਰੇਡਜ਼ ਵਿੰਗ ਦੇ ਮੈਂਬਰ ਰਵੀ ਮੌੜ, ਧਰਮੂ ਸਿੰਗਲਾ, ਵਿਨੋਦ ਬਦਰਾ,ਸਕੂਲ ਪ੍ਰਬੰਧਕਾਂ ਤੋਂ ਇਲਾਵਾ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਤਵੰਤੇ ਹਾਜ਼ਰ

# ਪ੍ਰੀਤ ਸਿਟੀ ਸੈਕਟਰ 86 ਮੋਹਾਲੀ ਵਿੱਚ ਮੰਦਰ ਅਤੇ ਗੁਰਦੁਆਰਾ ਸਾਹਿਬ ਲਈ ਰਾਖਵੀਂ ਜ਼ਮੀਨ ਵਸਨੀਕਾਂ ਨੂੰ ਦਿੱਤੀ ਜਾਵੇ: ਹਰਦੇਵ ਸਿੰਘ ਉੱਭਾ

## GMADA ਦੀ ਕਾਰਵਾਈ ਦਾ ਸਵਾਗਤ, ਬਿਲਡਰ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਦੀ ਮੰਗ

Desi Punjab YouTube www.desipunjab.in


ਗਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ
ਪੁੱਡਾ ਭਵਨ, ਸੈਕਟਰ-62, ਐਸ.ਏ.ਐਸ ਨਗਰ

(Regd Post)

ਵੱਲ

M/s Preet Land and Developers Ltd
Preet City Office
Sector 86 (Village Nanu Majra)
S.A.S Nagar, Pin Code 140308

ਨੰ. ਗਮਾਡਾ/ ਲਾਇਸੈਂਸਿੰਗ /ਲ-1/2026/
ਮਿਤੀ

ਵਿਸ਼ਾ: ਮੋਹਾਲੀ ਦੇ ਪ੍ਰੀਤ ਸਿਟੀ, ਸੈਕਟਰ 86 ਵਿੱਚ ਮੰਦਰ ਅਤੇ ਗੁਰਦੁਆਰਾ ਸਾਹਿਬ ਲਈ ਰਾਖਵੀਂ ਜਗ੍ਹਾ ਦਾ ਕਬਜਾ ਦੇਣ ਸਬੰਧੀ ਗਮਾਡਾ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਨ ਅਤੇ ਡਿਵੈਲਪਰ ਖਿਲਾਫ ਸਖਤ ਕਾਰਵਾਈ ਕਰਨ ਬਾਰੇ ਬੇਨਤੀ।

ਹਵਾਲਾ: ਇਸ ਦਫਤਰ ਵੱਲੋਂ ਜਾਰੀ ਪੱਤਰ ਨੰ 2365 ਮਿਤੀ 03.08.2026

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪ੍ਰਾਪਤ ਪੱਤਰ ਦੇ ਸਬੰਧ ਵਿੱਚ ਸੂਚਿਤ ਕੀਤਾ ਜਾਂਦਾ ਹੈ ਕਿ [illegible] 04.11.2020 [illegible] 30883.602 Sq. ft. [illegible] 15 ਦਿਨਾਂ ਦੇ ਅੰਦਰ ਅੰਦਰ [illegible]

ਨੱਥੀ/ਸ਼ਿਕਾਇਤ ਦੀ ਕਾਪੀ

ਸੁਪਰਡੰਟ (ਲਾਇਸੈਂਸਿੰਗ)
ਵਾਸਤੇ ਮੁੱਖ ਪ੍ਰਸ਼ਾਸਕ
ਗਮਾਡਾ, ਐਸ.ਏ.ਐਸ ਨਗਰ।

ਪਿੱਠ ਅੰਕਣ ਨੰ: ਗਮਾਡਾ/ਲਾਇਸੈਂਸਿੰਗ /ਲ-1/2026/ 2740 ਮਿਤੀ 01/09/26
ਉਪਰੋਕਤ ਦਾ ਉਤਾਰਾ Sh. Hardev Singh Ubha, A-323, Wave Estate, Sector 85, Mohali ਨੂੰ ਉਹਨਾਂ ਦੀ ਪ੍ਰਤੀਬੇਨਤੀ ਮਿਤੀ 06.05.2026 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ (ਲਾਇਸੈਂਸਿੰਗ)
ਵਾਸਤੇ ਮੁੱਖ ਪ੍ਰਸ਼ਾਸਕ
ਗਮਾਡਾ, ਐਸ.ਏ.ਐਸ ਨਗਰ।

ਮੋਹਾਲੀ, 11 ਸਤੰਬਰ:ਭਾਜਪਾ ਪੰਜਾਬ ਦੇ ਸੀਨੀਅਰ ਆਗੂ ਹਰਦੇਵ ਸਿੰਘ ਉੱਭਾ ਨੇ ਸੈਕਟਰ-86, ਪ੍ਰੀਤ ਸਿਟੀ ਮੋਹਾਲੀ ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਦਾ ਸਮਰਥਨ ਕਰਦਿਆਂ ਕਿਹਾ ਹੈ ਕਿ ਮੰਦਰ ਅਤੇ ਗੁਰਦੁਆਰਾ ਸਾਹਿਬ ਲਈ ਪ੍ਰਸਤਾਵਿਤ/ਰਾਖਵੀਂ ਜ਼ਮੀਨ ਵਸਨੀਕਾਂ ਨੂੰ ਉਨ੍ਹਾਂ ਦੇ ਹੱਕ ਅਨੁਸਾਰ ਉਪਲਬਧ ਕਰਵਾਈ ਜਾਣੀ ਚਾਹੀਦੀ ਹੈ।ਹਰਦੇਵ ਸਿੰਘ ਉੱਭਾ ਨੇ ਕਿਹਾ ਕਿ ਉਹ ਆਪਣੀ ਧਰਮਪਤਨੀ ਗੁਰਪ੍ਰੀਤ ਕੌਰ ਉੱਭਾ ਜੀ,ਕੌਂਸਲਰ ਨਗਰ ਨਿਗਮ ਵਾਰਡ ਨੰਬਰ 41, ਮੋਹਾਲੀ ਦੇ ਨਾਲ ਮਿਲ ਕੇ ਪ੍ਰੀਤ ਸਿਟੀ ਦੇ ਵਸਨੀਕਾਂ ਦੀਆਂ ਧਾਰਮਿਕ ਅਤੇ ਜਨਤਕ ਮੰਗਾਂ ਲਈ ਲਗਾਤਾਰ ਆਵਾਜ਼ ਉਠਾ ਰਹੇ ਹਨ। ਮੰਦਰ ਅਤੇ ਗੁਰਦੁਆਰਾ ਸਾਹਿਬ ਲਈ ਨਿਰਧਾਰਤ ਜ਼ਮੀਨ ਵਸਨੀਕਾਂ ਨੂੰ ਨਾ ਮਿਲਣ ਦਾ ਮਾਮਲਾ ਸਿਰਫ਼ ਇੱਕ ਜ਼ਮੀਨੀ ਵਿਵਾਦ ਨਹੀਂ, ਸਗੋਂ ਵਸਨੀਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਉਨ੍ਹਾਂ ਦੇ ਹੱਕਾਂ ਨਾਲ ਜੁੜਿਆ ਗੰਭੀਰ ਮਾਮਲਾ ਹੈ।ਉਨ੍ਹਾਂ ਕਿਹਾ ਕਿ GMADA ਵੱਲੋਂ ਇਸ ਮਾਮਲੇ ਵਿੱਚ ਕਾਰਵਾਈ ਸ਼ੁਰੂ ਕਰਨਾ ਸਵਾਗਤਯੋਗ ਕਦਮ ਹੈ, ਪਰ ਇਹ ਕਾਰਵਾਈ ਸਿਰਫ਼ ਕਾਗਜ਼ੀ ਕਾਰਵਾਈ ਜਾਂ ਖਾਨਾਪੂਰਤੀ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ। GMADA ਨੂੰ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਹੋਣ ਦੀ ਸੂਰਤ ਵਿੱਚ ਬਿਲਡਰ ਖ਼ਿਲਾਫ਼ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ GMADA ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੰਦਰ ਅਤੇ ਗੁਰਦੁਆਰਾ ਸਾਹਿਬ ਲਈ ਪ੍ਰਸਤਾਵਿਤ ਜ਼ਮੀਨ ਨੂੰ ਨਿਯਮਾਂ ਅਨੁਸਾਰ ਵਸਨੀਕਾਂ ਨੂੰ ਉਪਲਬਧ ਕਰਵਾਉਣ ਲਈ ਸਪੱਸ਼ਟ ਸਮਾਂ-ਸੀਮਾ ਤੈਅ ਕੀਤੀ ਜਾਵੇ, ਤਾਂ ਜੋ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਦਾ ਸਥਾਈ ਹੱਲ ਹੋ ਸਕੇ।ਹਰਦੇਵ ਸਿੰਘ ਉੱਭਾ ਨੇ ਕਿਹਾ ਕਿ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪ੍ਰਸ਼ਾਸਨ ਨੂੰ ਵਸਨੀਕਾਂ ਦੇ ਹੱਕਾਂ ਦੀ ਰੱਖਿਆ ਕਰਦਿਆਂ ਇਸ ਮਾਮਲੇ ਦਾ ਜਲਦ ਅਤੇ ਨਿਆਂਸੰਗਤ ਹੱਲ ਯਕੀਨੀ ਬਣਾਉਣਾ ਚਾਹੀਦਾ ਹੈ।

# 104 ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਰੋਕਣ ਦਾ ਮਾਮਲਾ ਗਰਮਾਇਆ—ਸਰਨਾ ਨੇ ਮੰਗੀ ਡੂੰਘੀ ਜਾਂਚ, ਪੈਸੇ ਲੈਣ ਵਾਲਿਆਂ ਤੋਂ ਹਿਸਾਬ ਮੰਗਿਆ

Desi Punjab YouTube www.desipunjab.in

ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਭਾਰਤ ਵਿਚਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਆ ਰਹੇ ਪਾਕਿਸਤਾਨ ਦੇ 104 ਸਿੱਖ ਸ਼ਰਧਾਲੂਆਂ ਨੂੰ ਫੈਸਲਾਬਾਦ ਹਵਾਈ ਅੱਡੇ 'ਤੇ ਆਖਰੀ ਸਮੇਂ ਰੋਕੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੱਤਾ ਹੈ। ਸਰਨਾ ਨੇ ਕਿਹਾ ਕਿ ਜਦੋਂ ਇਨ੍ਹਾਂ ਸ਼ਰਧਾਲੂਆਂ ਨੇ ਭਾਰਤ ਸਰਕਾਰ ਤੋਂ ਬਕਾਇਦਾ ਵੀਜ਼ੇ ਪ੍ਰਾਪਤ ਕੀਤੇ ਹੋਏ ਸਨ ਤਾਂ ਉਨ੍ਹਾਂ ਨੂੰ ਧਾਰਮਿਕ ਯਾਤਰਾ ਲਈ ਭਾਰਤ ਆਉਣ ਦੇ ਰਸਤੇ ਵਿੱਚ ਇਸ ਤਰ੍ਹਾਂ ਦੀ ਰੁਕਾਵਟ ਪੈਦਾ ਹੋਣਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਜੇ ਵਾਹਗਾ ਸਰਹੱਦ ਰਸਤੇ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਸੀ ਤਾਂ ਘੱਟੋ-ਘੱਟ ਹਵਾਈ ਯਾਤਰਾ ਸਬੰਧੀ ਸਾਰੀਆਂ ਸ਼ਰਤਾਂ ਅਤੇ ਇਜਾਜ਼ਤਾਂ ਪਹਿਲਾਂ ਹੀ ਸਪੱਸ਼ਟ ਹੋਣੀਆਂ ਚਾਹੀਦੀਆਂ ਸਨ। ਆਖਰੀ ਪਲ 'ਤੇ ਯਾਤਰਾ ਰੋਕਣਾ ਉਨ੍ਹਾਂ ਸ਼ਰਧਾਲੂਆਂ ਲਈ ਬੇਹੱਦ ਦੁਖਦਾਈ ਹੈ, ਜਿਨ੍ਹਾਂ ਦੀ ਯਾਤਰਾ ਸਿਰਫ਼ ਧਾਰਮਿਕ ਸ਼ਰਧਾ ਨਾਲ ਜੁੜੀ ਹੋਈ ਸੀ। ਸਰਨਾ ਨੇ ਕਿਹਾ ਕਿ ਇਹ ਲੋਕ ਸੈਲਾਨੀ ਨਹੀਂ, ਸਗੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਮੇਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਦੀ ਤਾਂਘ ਲੈ ਕੇ ਆਉਣ ਵਾਲੇ ਸ਼ਰਧਾਲੂ ਹਨ ਅਤੇ ਧਾਰਮਿਕ ਯਾਤਰਾਵਾਂ ਨੂੰ



ਅਜਿਹੀਆਂ ਅਣਸਪੱਸ਼ਟ ਵਿਵਸਥਾਵਾਂ ਦਾ ਸ਼ਿਕਾਰ ਨਹੀਂ ਬਣਾਇਆ ਜਾਣਾ ਚਾਹੀਦਾ।ਓਨ੍ਹਾ ਕਿਹਾ ਇਸ ਮਾਮਲੇ ਵਿੱਚ ਦੁਬਈ ਰਾਹੀਂ ਭਾਰਤ ਆ ਕੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣ ਦੇ ਨਾਂ 'ਤੇ ਕਥਿਤ ਤੌਰ 'ਤੇ ਰਕਮ ਵਸੂਲਣ ਅਤੇ ਬਾਅਦ ਵਿੱਚ ਭਾਰਤ ਦਾਖ਼ਲੇ ਸਬੰਧੀ ਪੈਦਾ ਹੋਈ ਸਥਿਤੀ ਨੇ ਸਿੱਖ ਹਲਕਿਆਂ ਵਿੱਚ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸਰਨਾ ਨੇ ਪੂਰੇ ਮਾਮਲੇ ਦੀ ਨਿਰਪੱਖ, ਡੂੰਘੀ ਅਤੇ ਤੱਥਾਂ 'ਤੇ ਆਧਾਰਿਤ ਜਾਂਚ ਦੀ ਮੰਗ ਕਰਦਿਆਂ ਡੀ.ਐੱਸ.ਜੀ.ਐੱਮ.ਸੀ. ਪ੍ਰਧਾਨ ਹਰਮੀਤ ਸਿੰਘ ਕਾਲਕਾ ਦੇ ਨਜ਼ਦੀਕੀ ਸਾਥੀ ਦੱਸੇ ਜਾਂਦੇ ਪਰਮਜੀਤ ਸਿੰਘ ਚੰਢੋਕ ਦੀ ਭੂਮਿਕਾ ਦੀ ਵੀ ਜਾਂਚ ਕਰਨ ਲਈ ਕਿਹਾ ਹੈ। ਉਨ੍ਹਾਂ ਸਿੱਧੇ ਸਵਾਲ ਖੜ੍ਹੇ ਕੀਤੇ ਕਿ ਜੇ ਸ਼ਰਧਾਲੂਆਂ ਕੋਲ ਲੋੜੀਂਦੇ ਦਸਤਾਵੇਜ਼, ਵੀਜ਼ੇ ਅਤੇ ਪਰਮਿਟ ਮੌਜੂਦ ਸਨ ਤਾਂ ਉਨ੍ਹਾਂ ਨੂੰ ਰਸਤੇ ਵਿੱਚ ਕਿਉਂ ਰੋਕਿਆ ਗਿਆ? ਸ਼ਰਧਾਲੂਆਂ ਤੋਂ ਪੈਸੇ ਕਿਸ ਨੇ ਲਏ, ਕਿਸ ਦੇ ਭਰੋਸੇ 'ਤੇ ਲਏ, ਕਿਸ ਦੀ ਮਨਜ਼ੂਰੀ ਨਾਲ ਯਾਤਰਾ ਦਾ ਪ੍ਰਬੰਧ ਹੋਇਆ ਅਤੇ ਜਦੋਂ ਯਾਤਰਾ ਰੁਕ ਗਈ ਤਾਂ ਇਕੱਠੀ ਕੀਤੀ ਰਕਮ ਦਾ ਕੀ ਬਣਿਆ? ਸਰਨਾ ਨੇ ਕਿਹਾ ਕਿ ਮਾਮਲੇ ਨੂੰ ਦਬਾਉਣ ਦੀ ਥਾਂ ਹਰ ਪੱਖ ਦਾ ਹਿਸਾਬ ਸੰਗਤ ਸਾਹਮਣੇ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇਹ ਸਪੱਸ਼ਟ ਕੀਤਾ ਜਾਵੇ ਕਿ ਕੀ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੌਜੂਦਾ ਲੀਡਰਸ਼ਿਪ ਨੂੰ ਇਸ ਕਥਿਤ ਵਿਵਸਥਾ ਦੀ ਪੂਰੀ ਜਾਣਕਾਰੀ ਸੀ ਜਾਂ ਨਹੀਂ। ਜੇਕਰ ਜਾਂਚ ਦੌਰਾਨ ਕਿਸੇ ਪੱਧਰ 'ਤੇ ਸ਼ਰਧਾਲੂਆਂ ਤੋਂ ਗਲਤ ਢੰਗ ਨਾਲ ਰਕਮ ਵਸੂਲਣ, ਲਾਪਰਵਾਹੀ ਜਾਂ ਧੋਖਾਧੜੀ ਦੇ ਤੱਥ ਸਾਹਮਣੇ ਆਉਂਦੇ ਹਨ ਤਾਂ ਜ਼ਿੰਮੇਵਾਰ ਵਿਅਕਤੀਆਂ ਦੀ ਜਵਾਬਦੇਹੀ ਤੈਅ ਕਰਕੇ ਪੂਰੀ ਰਕਮ ਦਾ ਹਿਸਾਬ ਜਨਤਕ ਕਰਨ ਦੀ ਮੰਗ ਵੀ ਸਰਨਾ ਨੇ ਕੀਤੀ ਹੈ।

# ਪੀਜੀ ਦੀ ਆੜ ਵਿੱਚ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਬਰਦਾਸ਼ਤ ਨਹੀਂ, ਸਰਕਾਰ ਬਣਾਏ ਵਿਦਿਆਰਥੀਆਂ ਲਈ ਸੁਰੱਖਿਅਤ ਤੇ ਕਿਫ਼ਾਇਤੀ ਆਧੁਨਿਕ ਹੋਸਟਲ: ਪਰਮਜੀਤ ਸਿੰਘ ਪੰਮਾ

Desi Punjab YouTube www.desipunjab.in

ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਤਿ ਨਿਕੇਤਨ ਵਿੱਚ 6 ਸਤੰਬਰ 2026 ਨੂੰ ਪੰਜ ਮੰਜ਼ਿਲਾ ਪੀਜੀ ਇਮਾਰਤ ਢਹਿਣ ਕਾਰਨ ਜਾਨ ਗੁਆਉਣ ਵਾਲੇ ਬੱਚਿਆਂ ਅਤੇ ਹੋਰ ਮ੍ਰਿਤਕਾਂ ਨੂੰ ਨੈਸ਼ਨਲ ਅਕਾਲੀ ਦਲ ਵੱਲੋਂ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਦੋ ਮਿੰਟ ਦਾ ਮੌਨ ਧਾਰ ਕੇ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਫੈਡਰੇਸ਼ਨ ਆਫ਼ ਸਦਰ ਬਾਜ਼ਾਰ ਟ੍ਰੇਡਰਜ਼ ਐਸੋਸੀਏਸ਼ਨ ਦੇ ਖ਼ਜ਼ਾਨਚੀ ਦੀਪਕ ਮਿੱਤਲ, ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਸਕੱਤਰ ਜਸਵੀਰ ਸਿੰਘ ਸਰਨਾ, ਦਿੱਲੀ ਪ੍ਰਦੇਸ਼ ਦੇ ਉਪ ਪ੍ਰਧਾਨ ਕੁਲਦੀਪ ਸਿੰਘ ਸਚਦੇਵਾ, ਸਕੱਤਰ ਬਲਵਿੰਦਰ ਸਿੰਘ ਸਰਨਾ, ਸੁਨੀਲ ਪੁਰੀ ਸਮੇਤ ਕਈ ਅਹੁਦੇਦਾਰ ਅਤੇ




ਵਰਕਰ ਹਾਜ਼ਰ ਸਨ। ਪੰਮਾ ਨੇ ਕਿਹਾ ਕਿ ਜਿਹੜੇ ਬੱਚੇ ਆਪਣੇ ਸੁਨਹਿਰੇ ਭਵਿੱਖ ਲਈ ਘਰਾਂ ਤੋਂ ਦੂਰ ਆਉਂਦੇ ਹਨ, ਉਨ੍ਹਾਂ ਦੀਆਂ ਜ਼ਿੰਦਗੀਆਂ ਅਸੁਰੱਖਿਅਤ ਇਮਾਰਤਾਂ ਅਤੇ ਲਾਪਰਵਾਹੀ ਦੀ ਭੇਟ ਚੜ੍ਹ ਜਾਣਾ ਬੇਹੱਦ ਦੁਖਦਾਈ ਹੈ। ਪੀਜੀ ਸੰਚਾਲਕਾਂ ਵੱਲੋਂ ਹਜ਼ਾਰਾਂ ਰੁਪਏ ਕਿਰਾਇਆ ਵਸੂਲਣ ਦੇ ਬਾਵਜੂਦ ਜੇਕਰ ਇਮਾਰਤ ਦੀ ਮਜ਼ਬੂਤੀ, ਫਾਇਰ ਸੇਫਟੀ ਅਤੇ ਐਮਰਜੈਂਸੀ ਨਿਕਾਸੀ ਵਰਗੇ ਪ੍ਰਬੰਧ ਯਕੀਨੀ ਨਹੀਂ ਬਣਾਏ ਜਾਂਦੇ ਤਾਂ ਇਹ ਸਿੱਧੇ ਤੌਰ 'ਤੇ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਹੈ।ਪੰਮਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਦਿੱਲੀ ਸਮੇਤ ਦੇਸ਼ ਦੇ ਵੱਡੇ ਸ਼ਹਿਰਾਂ ਵਿੱਚ ਵਿਦਿਆਰਥੀਆਂ ਲਈ ਸੁਰੱਖਿਅਤ, ਕਿਫ਼ਾਇਤੀ ਅਤੇ ਆਧੁਨਿਕ ਸਰਕਾਰੀ ਹੋਸਟਲ ਬਣਾਏ ਜਾਣ, ਤਾਂ ਜੋ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸੁਰੱਖਿਆ ਲਈ ਚਿੰਤਾ ਵਿੱਚ ਨਾ ਰਹਿਣਾ ਪਵੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਪੀਜੀ ਇਮਾਰਤ ਦਾ ਨਿਯਮਿਤ ਸਟਰਕਚਰਲ ਆਡਿਟ, ਫਾਇਰ ਸੇਫਟੀ ਜਾਂਚ ਅਤੇ ਸਾਰੀਆਂ ਲੋੜੀਂਦੀਆਂ ਮਨਜ਼ੂਰੀਆਂ ਦੀ ਤਸਦੀਕ ਕਰਨੀ ਚਾਹੀਦੀ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਪੀਜੀ ਮਾਲਕਾਂ ਅਤੇ ਸੰਚਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕਿਹਾ, "ਬੱਚੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਦੀ ਜ਼ਿੰਦਗੀ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਨਹੀਂ ਕੀਤਾ ਜਾ ਸਕਦਾ। ਸਰਕਾਰ ਨੂੰ ਹਾਦਸੇ ਤੋਂ ਬਾਅਦ ਕਾਰਵਾਈ ਕਰਨ ਦੀ ਬਜਾਏ ਪਹਿਲਾਂ ਹੀ ਅਜਿਹੀਆਂ ਇਮਾਰਤਾਂ ਦੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ।" ਇਸ ਮੌਕੇ ਨੈਸ਼ਨਲ ਅਕਾਲੀ ਦਲ ਦੇ ਆਗੂਆਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਵਿਛੜੀਆਂ ਰੂਹਾਂ ਦੀ ਸ਼ਾਂਤੀ ਲਈ ਅਰਦਾਸ ਕੀਤੀ।

# ਮਹਿਲ ਕਲਾਂ ਵਿਖੇ 17 ਸਤੰਬਰ ਨੂੰ ਲਗਾਇਆ ਜਾਵੇਗਾ ਮੁਫ਼ਤ ਅੱਖਾਂ ਦੀ ਜਾਂਚ ਅਤੇ ਆਪ੍ਰੇਸ਼ਨ ਕੈਂਪ

## ਸ਼ਹੀਦ ਬਾਬਾ ਜੰਗ ਸਿੰਘ ਸਪੋਰਟਸ ਕਲੱਬ ਪ੍ਰਧਾਨ ਰਛਪਾਲ ਸਿੰਘ ਬਟੀ ਮਹਿਲ ਕਲਾਂ ਦੇ ਸਹਿਯੋਗ ਨਾਲ

Desi Punjab YouTube www.desipunjab.in

ਮਹਿਲ ਕਲਾਂ 1ਸਤੰਬਰ (ਬਲਜਿੰਦਰ ਸਿੰਘ ਢਿੱਲੋਂ ਰਾਜਵਿੰਦਰ ਸਿੰਘ ਕਲਾਲ ਮਾਜਰਾ)ਸ਼ਹੀਦ ਬਾਬਾ ਜੰਗ ਸਿੰਘ ਸਪੋਰਟਸ ਕਲੱਬ, ਪ੍ਰਧਾਨ ਰਛਪਾਲ ਸਿੰਘ ਬਟੀ ਮਹਿਲ ਕਲਾਂ ਦੇ ਸਹਿਯੋਗ ਨਾਲ 'ਪੰਜਾਬ ਅੱਖਾਂ ਦਾ ਹਸਪਤਾਲ, ਬਰਨਾਲਾ' ਵੱਲੋਂ ਇਲਾਕਾ ਨਿਵਾਸੀਆਂ ਲਈ ਇੱਕ ਵਿਸ਼ੇਸ਼ ਅੱਖਾਂ ਦੀ ਜਾਂਚ ਅਤੇ ਆਪ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਕੈਂਪ ਆਉਂਦੀ 17 ਸਤੰਬਰ ਨੂੰ ਨਾਨਕਸਰ ਠਾਠ, ਮਹਿਲ ਕਲਾਂ (ਬਰਨਾਲਾ) ਵਿਖੇ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਲਗਾਇਆ ਜਾਵੇਗਾ।ਕੈਂਪ ਦੀਆਂ ਮੁੱਖ ਵਿਸ਼ੇਸ਼ਤਾਵਾਂ:ਮੁਫ਼ਤ ਮੋਤੀਆ ਆਪ੍ਰੇਸ਼ਨ: ਲੋੜਵੰਦ ਮਰੀਜ਼ਾਂ




ਦੇ ਚਿੱਟੇ ਮੋਤੀਏ ਦੇ ਆਪ੍ਰੇਸ਼ਨ ਬਿਲਕੁਲ ਮੁਫ਼ਤ ਕੀਤੇ ਜਾਣਗੇ।ਹੋਰ ਇਲਾਜ ਅਤੇ ਆਪ੍ਰੇਸ਼ਨ: 5 ਲੱਖ / 10 ਲੱਖ ਵਾਲੇ ਕਾਰਡ ਧਾਰਕਾਂ ਲਈ ਨਾਖੂਨੇ ਦੇ ਮਾਸ (Pterygium) ਅਤੇ ਪਿਛਲੇ ਪਰਦੇ ਦਾ ਇਲਾਜ ਤੇ ਆਪ੍ਰੇਸ਼ਨ ਵੀ ਮੁਫ਼ਤ ਕੀਤਾ ਜਾਵੇਗਾ।ਜਾਂਚ ਅਤੇ ਦਵਾਈਆਂ: ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ ਅਤੇ ਦਵਾਈਆਂ ਦੀ ਸਹੂਲਤ ਵੀ ਉਪਲਬੱਧ ਹੋਵੇਗੀ।ਜ਼ਰੂਰੀ ਨਿਰਦੇਸ਼:ਕੈਂਪ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਉਂਦੇ ਸਮੇਂ ਆਪਣਾ ਆਧਾਰ ਕਾਰਡ ਅਤੇ ਸਿਹਤ ਬੀਮਾ ਨਾਲ ਸਬੰਧਤ ਕਾਰਡ (5 ਲੱਖ/10 ਲੱਖ ਵਾਲਾ) ਨਾਲ ਜ਼ਰੂਰ ਲੈ ਕੇ ਆਉਣ।ਪ੍ਰਬੰਧਕਾਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਮੁਫ਼ਤ ਸਿਹਤ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਹੈ। ਵਧੇਰੇ ਜਾਣਕਾਰੀ ਲਈ ਦਿੱਤੇ ਗਏ ਫ਼ੋਨ ਨੰਬਰਾਂ 70870-80202 ਅਤੇ 70870-80303 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# 13ਵੇਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ 61ਵਾਂ ਸਾਲਾਨਾ ਸੰਤ ਸਮਾਗਮ 11 ਤੋਂ

Desi Punjab YouTube www.desipunjab.in

ਮਹਿਲ ਕਲਾਂ, ਸਤੰਬਰ (ਬਲਜਿੰਦਰ ਸਿੰਘ ਢਿੱਲੋਂ, ਰਾਜਵਿੰਦਰ ਸਿੰਘ ਕਲਾਲ ਮਾਜਰਾ) — 13ਵੇਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਨਾਨਕਸਰ ਸੰਪਰਦਾਇ ਦੇ ਮਹਾਨ ਸੰਤਾਂ ਬਾਬਾ ਨੰਦ ਸਿੰਘ ਜੀ, ਬਾਬਾ ਈਸ਼ਰ ਸਿੰਘ ਜੀ ਬਾਬਾ ਹਰਨਾਮ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ 61ਵਾਂ ਸਾਲਾਨਾ ਸੰਤ ਸਮਾਗਮ 11 ਤੋਂ 17 ਸਤੰਬਰ ਤੱਕ ਕਰਵਾਇਆ ਜਾ ਰਿਹਾ ਹੈ।ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ ਜੀ ਨੇ ਦੱਸਿਆ ਕਿਝ ਮੌਤ 11 ਤੋਂ 15 ਸਤੰਬਰ ਤੱਕ ਹਰ ਰੋਜ਼ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਵਿਸ਼ੇਸ਼ ਰੂਹਾਨੀ ਦੀਵਾਨ ਸਜਾਏ ਜਾਣਗੇ। ਇਨ੍ਹਾਂ ਦੀਵਾਨਾਂ ਵਿੱਚ ਸੰਤ-ਮਹਾਂਪੁਰਸ਼ ਅਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੀਆਂ।ਉਨ੍ਹਾਂ ਦੱਸਿਆ ਕਿ 16 ਸਤੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। 17 ਸਤੰਬਰ ਨੂੰ ਸਵੇਰੇ 10 ਵਜੇ ਸ੍ਰੀ ਸੰਪਟ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਵਿਸ਼ਾਲ



ਕੀਰਤਨ ਦਰਬਾਰ ਹੋਵੇਗਾ, ਜਿਸ ਵਿੱਚ ਨਾਨਕਸਰ ਸੰਪਰਦਾਇ ਦੇ ਮਹਾਂਪੁਰਖਾਂ ਤੋਂ ਇਲਾਵਾ ਪ੍ਰਸਿੱਧ ਰਾਗੀ ਜਥੇ ਅਤੇ ਸਿੱਖ ਕੌਮ ਦੇ ਪ੍ਰਚਾਰਕ ਗੁਰਬਾਣੀ ਕੀਰਤਨ ਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ।ਇਸ ਮੌਕੇ ਸੋਢਾ ਪੱਤੀ ਦੇ ਮੌਜੂਦਾ ਸਰਪੰਚ ਸਰਬਜੀਤ ਸਿੰਘ ਸ਼ੰਭੂ ਨੇ ਸਮੂਹ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ 13ਵੇਂ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਹੋਣ ਵਾਲਾ ਇਹ ਪਵਿੱਤਰ ਸੰਤਾ ਸਮਾਗਮ ਸਮੂਹ ਸੰਗਤਾਂ ਲਈ ਆਤਮਿਕ ਲਾਹਾ ਪ੍ਰਾਪਤ ਕਰਨ ਦਾ ਵੱਡਾ ਮੌਕਾ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਹੁੰਮ-ਹੁਮਾ ਕੇ ਸਮਾਗਮ ਵਿੱਚ ਪਹੁੰਚਣ ਅਤੇ ਵੱਧ-ਚੜ੍ਹ ਕੇ ਹਾਜ਼ਰੀ ਭਰਨ ਦੀ ਪੁਰਜ਼ੋਰ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਸੰਗਤਾਂ ਆਪਣੇ ਪਰਿਵਾਰਾਂ ਸਮੇਤ ਸਮਾਗਮ ਵਿੱਚ ਸ਼ਾਮਲ ਹੋ ਕੇ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਦਾ ਆਨੰਦ ਮਾਣਨ ਅਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ।


## ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank,
Tripuri, Patiala - 14701


# ਨੇਪਾਲ 'ਚ ਹੜ੍ਹ ਪੀੜਤਾਂ ਦੀ ਮਦਦ ਲਈ ਸ਼੍ਰੋਮਣੀ ਕਮੇਟੀ ਵੱਲੋਂ ਰਾਹਤ ਸਮੱਗਰੀ ਦੇ 4 ਟਰੱਕ ਰਵਾਨਾ

## ਜਨਰੇਟਰ, ਸੋਲਰ ਲਾਈਟਾਂ, ਕੰਬਲ, ਬਰਤਨ ਅਤੇ ਰਾਸ਼ਨ ਸਮੇਤ ਜ਼ਰੂਰੀ ਸਾਮਾਨ ਭੇਜਿਆ; ਲੰਗਰ ਸੇਵਾਵਾਂ ਵੀ ਲਗਾਤਾਰ ਜਾਰੀ

Desi Punjab YouTube www.desipunjab.in

ਅੰਮ੍ਰਿਤਸਰ, 11 ਸਤੰਬਰ (ਰਣਜੀਤ ਸਿੰਘ ਮਸੌਣ / ਮੰਗਲ ਸਿੰਘ) - ਨੇਪਾਲ ਵਿੱਚ ਆਏ ਭਿਆਨਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਦੀ ਸਹਾਇਤਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਭਾਈ ਗੁਰਦਾਸ ਹਾਲ ਅੰਮ੍ਰਿਤਸਰ ਤੋਂ ਰਾਹਤ ਸਮੱਗਰੀ ਦੇ 4 ਟਰੱਕ ਰਵਾਨਾ ਕੀਤੇ ਗਏ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਇਹ ਰਾਹਤ ਸਮੱਗਰੀ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਗੁਰਮੀਤ ਸਿੰਘ ਬੂਹ, ਓ.ਐੱਸ.ਡੀ. ਸ. ਸਤਬੀਰ ਸਿੰਘ ਧਾਮੀ ਅਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਵੱਲੋਂ ਸੰਗਤ ਦੀ ਹਾਜ਼ਰੀ ਵਿੱਚ ਰਵਾਨਾ ਕੀਤੀ ਗਈ।

ਇਸ ਮੌਕੇ ਜਾਣਕਾਰੀ ਦਿੰਦਿਆਂ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਕੁਦਰਤੀ ਆਫ਼ਤਾਂ ਸਮੇਂ ਹਮੇਸ਼ਾ ਮੋਹਰੀ ਹੋ ਕੇ ਮਨੁੱਖਤਾ ਦੀ ਸੇਵਾ ਕੀਤੀ ਹੈ। ਨੇਪਾਲ ਵਿੱਚ ਆਏ ਹੜ੍ਹਾਂ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿਰਦੇਸ਼ਾਂ 'ਤੇ ਇੱਕ ਵਿਸ਼ੇਸ਼ ਵਫ਼ਦ ਨੇਪਾਲ ਭੇਜਿਆ ਗਿਆ ਸੀ, ਜਿਸ ਨੇ ਉੱਥੋਂ ਦੀ ਸਰਕਾਰ ਅਤੇ ਸਥਾਨਕ ਲੋਕਾਂ ਨਾਲ ਮਿਲ ਕੇ ਮੁਢਲੀਆਂ ਲੋੜਾਂ ਸਬੰਧੀ ਜਾਣਕਾਰੀ ਹਾਸਲ ਕੀਤੀ ਸੀ। ਉਹਨਾਂ ਦੱਸਿਆ ਕਿ




ਨੇਪਾਲ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੰਗਰ ਸੇਵਾਵਾਂ ਪਹਿਲਾਂ ਹੀ ਨਿਰੰਤਰ ਜਾਰੀ ਹਨ ਅਤੇ ਅੱਜ ਪੀੜਤਾਂ ਦੀਆਂ ਲੋੜਾਂ ਅਨੁਸਾਰ ਜਨਰੇਟਰ, ਸੋਲਰ ਲਾਈਟਾਂ, ਤਰਪਾਲਾਂ, ਮੱਛਰਦਾਨੀਆਂ, ਕੰਬਲ, ਲੋਈਆਂ, ਖੇਸ, ਚਾਦਰਾਂ, ਦਰੀਆਂ, ਬਰਤਨ, ਚਾਵਲ ਅਤੇ ਦਾਲਾਂ ਸਮੇਤ ਜ਼ਰੂਰੀ ਰਾਹਤ ਸਮੱਗਰੀ ਭੇਜੀ ਗਈ ਹੈ। ਨੇਪਾਲ ਦੌਰੇ ਤੋਂ ਪਰਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਵਫ਼ਦ ਨੇ ਨੇਪਾਲ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਰਾਹਤ ਸੇਵਾਵਾਂ ਲਈ ਰਸਤਾ ਸੁਖਾਲਾ ਕੀਤਾ ਹੈ। ਨੇਪਾਲ ਸਰਕਾਰ ਵੱਲੋਂ ਮਿਲੀ ਮਨਜ਼ੂਰੀ ਤੋਂ ਬਾਅਦ ਇਹ ਰਾਹਤ ਸਮੱਗਰੀ ਸਥਾਨਕ ਸਰਕਾਰ ਦੇ ਸਹਿਯੋਗ ਨਾਲ ਪ੍ਰਭਾਵਿਤ ਇਲਾਕਿਆਂ ਅਤੇ ਰਾਹਤ ਕੈਂਪਾਂ ਤੱਕ ਪਹੁੰਚਾਈ ਜਾਵੇਗੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਆਜ਼ਾਦ ਦੀਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਅਤੇ ਐਡੀਸ਼ਨਲ ਮੈਨੇਜਰ ਸ. ਸਤਨਾਮ ਸਿੰਘ ਝਬਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਵੜਿੰਗ ਨੇ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਨੌਕਰੀ ਦੇ ਮਾਮਲੇ 'ਤੇ ਧੋਖਾ ਦੇਣ ਲਈ 'ਆਪ' ਸਰਕਾਰ ਦੀ ਕੀਤੀ ਨਿੰਦਾਨੌਕਰੀ ਦੇ ਆਫ਼ਰ ਲੈਟਰ ਦੀ ਬਜਾਏ, ਡੀਸੀ ਦਾ ਸਿਫ਼ਾਰਸ਼ੀ ਪੱਤਰ ਦਿੱਤਾ ਗਿਆ ਸੰਗਰੂਰ ਵਿਖੇ ਪਰਿਵਾਰ ਨਾਲ ਕੀਤੀ ਮੁਲਾਕਾਤ- ਭਰੋਸਾ ਦਿੱਤਾ ਕਿ ਕਾਂਗਰਸ ਇਨਸਾਫ਼ ਲਈ ਲੜੇਗੀ

Desi Punjab YouTube www.desipunjab.in

ਸੰਗਰੂਰ/ਚੰਡੀਗੜ੍ਹ, 11 ਸਤੰਬਰ: ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਖੁਲਾਸਾ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਨੌਕਰੀ ਦੀ ਪੇਸ਼ਕਸ਼ ਨੂੰ ਲੈ ਕੇ ਧੋਖਾ ਕੀਤਾ ਗਿਆ ਹੈ, ਅਸਲ ਵਿੱਚ ਕੋਈ ਆਫ਼ਰ ਲੈਟਰ ਦਿੱਤਾ ਹੀ ਨਹੀਂ ਗਿਆ ਸੀ।ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਸਿਰਫ਼ ਸਥਾਨਕ ਡਿਪਟੀ ਕਮਿਸ਼ਨਰ ਵੱਲੋਂ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਸਬੰਧੀ ਸਰਕਾਰ ਨੂੰ ਲਿਖਿਆ ਗਿਆ ਇੱਕ "ਸਿਫ਼ਾਰਸ਼ੀ ਪੱਤਰ" ਸੌਂਪਿਆ ਗਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਗੁਲਜ਼ਾਰ ਸਿੰਘ ਦੇ ਸੰਸਕਾਰ ਤੋਂ ਪਹਿਲਾਂ ਪਰਿਵਾਰ ਨੂੰ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਇਹ ਅਸਲ ਨੌਕਰੀ ਦਾ ਆਫ਼ਰ ਲੈਟਰ ਹੈ।ਵੜਿੰਗ ਨੇ ਕਿਹਾ ਕਿ ਇਹ ਉਸ ਵਿਅਕਤੀ ਦੇ ਪਰਿਵਾਰ ਨਾਲ ਸ਼ਰੇਆਮ ਧੋਖਾਧੜੀ ਹੈ, ਜਿਸ ਨੂੰ ਵਿੱਤ ਮੰਤਰੀ ਹਰਪਾਲ ਚੀਮਾ ਦੇ ਬੰਦਿਆਂ ਵੱਲੋਂ ਡਰਾਏ-ਧਮਕਾਏ ਜਾਣ ਅਤੇ ਜ਼ਲੀਲ ਕੀਤੇ ਜਾਣ ਮਗਰੋਂ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪਿਆ।ਵੜਿੰਗ ਨੇ ਕਾਂਗਰਸ ਦੀ ਉਸ ਮੰਗ ਨੂੰ ਮੁੜ ਦੁਹਰਾਇਆ ਜਿਸ ਵਿੱਚ ਮੰਤਰੀ ਮੰਡਲ ਵਿੱਚੋਂ ਚੀਮਾ ਦੀ ਤੁਰੰਤ ਬਰਖ਼ਾਸਤਗੀ ਅਤੇ ਖੁਦਕੁਸ਼ੀ ਲਈ ਉਕਸਾਉਣ ਦਾ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅੰਤ ਵਿੱਚ ਕਾਰਵਾਈ ਕਰਨੀ ਹੀ ਪਵੇਗੀ। ਇਸ ਦੌਰਾਨ ਉਨ੍ਹਾਂ ਇੱਕ ਹੋਰ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪਿਛਲੇ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਸ ਵੇਲੇ ਵੀ ਸਰਕਾਰ ਨੇ ਉਨ੍ਹਾਂ ਨੂੰ



ਬਚਾਉਣ ਦੀ ਕੋਸ਼ਿਸ਼ ਕੀਤੀ ਸੀ, ਪਰ ਆਖ਼ਰਕਾਰ ਉਨ੍ਹਾਂ ਨੂੰ ਬਰਖ਼ਾਸਤ ਕਰਕੇ ਜੇਲ੍ਹ ਭੇਜਣਾ ਪਿਆ ਸੀ।ਬਾਅਦ ਵਿੱਚ ਮੀਡੀਆ ਨਾਲ ਗੱਲਬਾਤ ਦੌਰਾਨ ਇੱਕ ਸਵਾਲ ਦਾ ਜਵਾਬ ਦਿੰਦਿਆਂ ਵੜਿੰਗ ਨੇ ਸਰਕਾਰ ਦੇ ਉਨ੍ਹਾਂ ਦੋਸ਼ਾਂ ਨੂੰ ਨਕਾਰ ਦਿੱਤਾ ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਵਿਰੋਧੀ ਧਿਰ ਇਸ ਮੁੱਦੇ 'ਤੇ ਰਾਜਨੀਤੀ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇੱਕ ਬੇਵੱਸ ਅਤੇ ਗਰੀਬ ਵਿਅਕਤੀ, ਜਿਸਦਾ ਪੁੱਤਰ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਚੁੱਕਾ ਸੀ, ਨੂੰ ਖੁਦਕੁਸ਼ੀ ਲਈ ਮਜਬੂਰ ਕੀਤਾ ਗਿਆ ਅਤੇ ਉਸਨੇ ਮਰਨ ਤੋਂ ਪਹਿਲਾਂ ਆਪਣੇ ਬਿਆਨ ਵਿੱਚ ਮੰਤਰੀ ਦਾ ਨਾਮ ਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਵਿਰੋਧੀ ਪਾਰਟੀ ਦੇ ਆਗੂ ਵਜੋਂ ਪੀੜਤ ਪਰਿਵਾਰ ਦੇ ਨਾਲ ਖੜ੍ਹਨਾ ਉਨ੍ਹਾਂ ਦਾ ਫਰਜ਼ ਹੈ। ਉਨ੍ਹਾਂ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਸਮੇਤ ਪੂਰਾ ਇਨਸਾਫ਼ ਯਕੀਨੀ ਬਣਾਏਗੀ।ਵੜਿੰਗ ਨੇ ਕਿਹਾ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਤੋਂ ਲੈ ਕੇ ਹੇਠਲੇ ਪੱਧਰ ਦੇ ਵਰਕਰ ਤੱਕ, ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਕਾਡਰ ਇਨਸਾਫ਼ ਦੀ ਇਸ ਲੜਾਈ ਵਿੱਚ ਪਰਿਵਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਚੀਮਾ ਖ਼ਿਲਾਫ਼ ਕਾਰਵਾਈ ਦੀ ਮੰਗ ਨੂੰ ਲੈ ਕੇ ਅੱਜ ਕਾਂਗਰਸੀ ਵਰਕਰਾਂ ਨੇ ਸੂਬੇ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਹਨ।